

ਧਨੁ ਲੇਖਾਰੀ ਨਾਨਕਾ

ਭਾਸ਼ਾ ਵਿਭਾਗ, ਪੰਜਾਬ



# ਭਾਸ਼ਾ ਵਿਭਾਗ
# ਨਵਾਂ ਆਗਾਜ਼



## ਸਰਗਰਮੀਆਂ


27 ਜੂਨ, 2024 ਤੋਂ 26 ਜੂਨ, 2025

# ਰੂਪ ਰੇਖਾ


| | | |
|---|---|---|
| 1. | ਸਾਵਣ ਕਵੀ ਦਰਬਾਰ | 04 |
| 2. | ਸੰਸਕ੍ਰਿਤ ਦਿਵਸ | 09 |
| 3. | ਪੰਜਾਬੀ ਕੰਪਿਉਟਰਕਾਰੀ ਤੇ ਮਸ਼ੀਨੀ ਬੁੱਧੀਮਾਨਤਾ | 13 |
| 4. | ਡੋਗਰੀ ਪੰਜਾਬੀ ਕੋਸ਼ ਲੋਕ ਅਰਪਣ | 17 |
| 5. | ਹਿੰਦੀ ਦਿਵਸ | 20 |
| 6. | ਸਾਹਿਤ ਤੇ ਕਲਾ ਦਾ ਸੰਗਮ | 24 |
| 7. | ਬਹੁਮੰਤਵੀ ਵੈੱਬਸਾਈਟ ਲੋਕ ਅਰਪਣ | 27 |
| 8. | ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ 2023 | 31 |
| 9. | ਸਰਵੋਤਮ ਹਿੰਦੀ, ਸੰਸਕ੍ਰਿਤ ਤੇ ਉਰਦੂ ਪੁਸਤਕ ਪੁਰਸਕਾਰ 2022,23 ਤੇ 24 | 34 |
| 10. | ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ 2022 | 36 |
| 11. | ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ 2024 | 39 |
| 12. | ਪ੍ਰਸ਼ਨੋਤਰੀ-ਮੁਕਾਬਲੇ 2024-25 | 42 |
| 13. | ਸਰਵੋਤਮ ਹਿੰਦੀ ਪੁਸਤਕ ਪੁਰਸਕਾਰ 2024 | 44 |
| 14. | ਪੰਜਾਬੀ ਮਾਹ ਦੇ ਸਮਾਗਮਾਂ ਦਾ ਐਲਾਨਨਾਮਾ | 46 |
| 15. | ਪੰਜਾਬ ਮਾਹ-2024 ਦਾ ਅਗਾਜ਼ | 47 |
| 16. | ਸਾਹਿਤ ਸਿਰਜਣ ਤੇ ਕਵਿਤਾ ਗਾਇਨ | 57 |
| 17. | ਨਿੱਗਰ ਤੇ ਨਿਵੇਕਲਾ ਉਪਰਾਲਾ | 60 |
| 18. | ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲੇ | 63 |
| 19. | ਗਾਉਂਦੀ ਸ਼ਾਇਰੀ | 67 |
| 20. | ਨਾਟ ਉਤਸਵ | 72 |
| 21. | ਵਿਦਾਇਗੀ ਸਮਾਗਮ ਪੰਜਾਬੀ ਮਾਹ 2024 | 76 |
| 22. | ਪੰਜਾਬੀ ਭਾਸ਼ਾ ਦੀਆਂ ਕੰਪਿਉਟਰੀ ਲੋੜਾਂ | 85 |
| 23. | ਉਰਦੂ ਮੁਸ਼ਾਇਰਾ | 89 |
| 24. | ਸਾਹਿਤਕ ਖਜ਼ਾਨੇ ਦੀ ਡਿਜੀਟਾਈਜੇਸ਼ਨ | 95 |
| 25. | ਸਾਹਿਤਕਾਰ ਦੀ ਸਦੀਵੀ ਯਾਦ | 98 |
| 26. | ਰਾਜਧਾਨੀ 'ਚ ਕਾਵਿ ਸੰਚਾਰ | 100 |
| 27. | ਸ਼ਬਦ ਤਕਨਾਲੋਜੀ ਅਤੇ ਮਾਨਵਤਾ ਦਾ ਭਵਿੱਖ | 102 |
| 28. | ਅੰਤਰ-ਰਾਸ਼ਟਰੀ ਮਾਤ-ਭਾਸ਼ਾ ਦਿਵਸ | 110 |
| 29. | ਅੰਤਰ-ਰਾਸ਼ਟਰੀ ਮਾਤ ਭਾਸ਼ਾ ਦਿਵਸ (ਸਮਾਗਮ-2) | 112 |
| 30. | ਅੰਤਰ-ਰਾਸ਼ਟਰੀ ਮਾਤ ਭਾਸ਼ਾ ਦਿਵਸ (ਸਮਾਗਮ-3) | 114 |
| 31. | ਹਾਸਰਸ ਕਵੀ ਦਰਬਾਰ | 117 |
| 32. | ਮੈਂ ਨਾਨਕ ਦੀ ਬਾਣੀ ਹਾਂ | 120 |
| 33. | ਅੰਤਰ-ਰਾਸ਼ਟਰੀ ਔਰਤ ਦਿਵਸ | 124 |
| 34. | ਡਾ. ਸੁਰਜੀਤ ਪਾਤਰ ਯੁਵਾ ਪੁਰਸਕਾਰ | 126 |
| 35. | ਨਾਵਲ 'ਤੇਰੇ ਲਈ' | 128 |
| 36. | ਸੱਭਿਅਕ ਗਾਇਕੀ ਨੂੰ ਹੁਲਾਰਾ | 129 |
| 37. | ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ | 132 |
| 38. | ਵਿਸ਼ਵ ਪੁਸਤਕ ਦਿਵਸ | 134 |
| 39. | ਕਾਰਗੁਜ਼ਾਰੀ ਦਾ ਲੇਖਾ-ਜੋਖਾ | 135 |
| 40. | ਸ਼੍ਰੋਮਣੀ ਗਾਇਕ ਮੁਹੰਮਦ ਸਦੀਕ ਨਾਲ ਸੰਵਾਦ | 137 |
| 41. | ਕਵਿਤਾ ਸੰਗਤ | 141 |
| 42. | ਕਥਾ ਤੇ ਕਥਾਕਾਰ: ਉਚਾਰ ਤੇ ਵਿਚਾਰ | 145 |
| 43. | ਪੰਜਾਬੀਅਤ ਦਾ ਪਸਾਰ | 149 |



25 ਜੂਨ 2024 ਨੂੰ ਪੰਜਾਬ ਦੇ ਮੁੱਖ ਮੰਤਰੀ ਸਾਹਿਬ ਨੇ ਮੈਨੂੰ ਭਾਸ਼ਾ ਵਿਭਾਗ ਟੀਮ ਦੀ ਅਗਵਾਈ ਦੀ ਜ਼ਿੰਮੇਵਾਰੀ ਸੌਂਪੀ ਤਾਂ ਜ਼ਰੂਰ ਹੀ ਮੇਰੇ ਤੋਂ ਚੰਗੇਰੀ ਕਾਰਗੁਜ਼ਾਰੀ ਦੀ ਆਸ ਕੀਤੀ ਹੋਵੇਗੀ। 27 ਜੂਨ 2024 ਨੂੰ ਮੇਰੇ ਵੱਲੋਂ ਇਹ ਜ਼ਿੰਮੇਵਾਰੀ ਸੰਭਾਲੇ ਜਾਣ ਮੌਕੇ ਮੇਰੇ ਵਡੇਰਿਆਂ ਡਾ. ਸੁਰਿੰਦਰਬੀਰ ਸਿੰਘ ਸਾਬਕਾ ਪ੍ਰਿੰਸੀਪਲ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਲੁਧਿਆਣਾ, ਇੰਜ: ਪਦਮਜੀਤ ਸਿੰਘ ਸਾਬਕਾ ਚੇਅਰਮੈਨ ਆਲ ਇੰਡੀਆ ਪਾਵਰ ਇੰਜੀਨੀਅਰ ਫੈਡਰੇਸ਼ਨ, ਡਾ: ਬਲਕਾਰ ਸਿੰਘ ਸਾਬਕਾ ਡੀਨ ਪੰਜਾਬੀ ਯੂਨੀਵਰਸਿਟੀ, ਸ: ਅਮਰਜੀਤ ਸਿੰਘ ਗਰੇਵਾਲ ਨਾਮਵਰ ਪੰਜਾਬੀ ਚਿੰਤਕ ਅਤੇ ਨਾਮਧਾਰੀ ਦਰਬਾਰ ਸ੍ਰੀ ਭੈਣੀ ਸਾਹਿਬ ਦੇ ਨੁਮਾਇੰਦੇ ਸੂਬਾ ਹਰਭਜਨ ਸਿੰਘ ਜੀ ਤੋਂ ਇਲਾਵਾ ਮੇਰੇ ਸੁਹਿਰਦ ਅਤੇ ਸਰਗਰਮ ਸਾਥੀਆਂ ਇੰਜ: ਬਲਦੇਵ ਸਿੰਘ ਸਰਾਂ ਸੀ.ਐਮ.ਡੀ. ਪੀ.ਐਸ.ਪੀ.ਸੀ.ਐਲ., ਡਾ: ਸਰਬਜੀਤ ਸਿੰਘ ਪ੍ਰਧਾਨ



File No. HED-EDUC06/1/2024-2EDUCELL

I/869268/2024
25.06.2024

ਪੰਜਾਬ ਸਰਕਾਰ
ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ
(ਸਿੱਖਿਆ ਸੈੱਲ)

ਦਫ਼ਤਰੀ ਹੁਕਮ

ਸ਼੍ਰੀ ਜਸਵੰਤ ਸਿੰਘ ਜ਼ਫਰ, ਉੱਘੇ ਸਾਹਿਤਕਾਰ ਨੂੰ ਅਗਲੇ ਤਿੰਨ ਸਾਲਾਂ ਲਈ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ ਨਿਯੁਕਤ ਕੀਤਾ ਜਾਂਦਾ ਹੈ। ਇਸ ਨਿਯੁਕਤੀ ਸਬੰਧੀ ਟਰਮਜ਼ ਅਤੇ ਕੰਡੀਸ਼ਨਜ਼ ਬਾਅਦ ਵਿੱਚ ਨਿਰਧਾਰਤ ਕੀਤੀਆਂ ਜਾਣਗੀਆਂ ।

2. ਇਹ ਹੁਕਮ ਮਾਨਯੋਗ ਮੁੱਖ ਮੰਤਰੀ ਪੰਜਾਬ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੇ ਜਾਂਦੇ ਹਨ।

ਮਿਤੀ, ਚੰਡੀਗੜ੍ਹ:25.06.2024

ਕਮਲ ਕਿਸ਼ੋਰ ਯਾਦਵ, ਆਈ.ਏ.ਐਸ.
ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ।

ਪਿ:ਅੰ:ਨੰ: HED-EDUC06/1/2024-2EDUCELL/ I/869268/2024 ਮਿਤੀ, ਚੰਡੀਗੜ੍ਹ: 25.06.2024

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ:-

1) ਨਿ.ਸ./ਵਿਸ਼ੇਸ਼ ਮੁੱਖ ਸਕੱਤਰ ਟੂ ਮੁੱਖ ਮੰਤਰੀ, ਪੰਜਾਬ।
2) ਨਿ.ਸ. / ਮਾਨਯੋਗ, ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ, ਪੰਜਾਬ।
3) ਨਿ.ਸ./ਸਕੱਤਰ, ਉਚੇਰੀ ਸਿੱਖਿਆ ਤੇ ਭਾਸ਼ਾਵਾਂ, ਪੰਜਾਬ।
4) ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ।
5) ਸ਼੍ਰੀ ਜਸਵੰਤ ਸਿੰਘ ਜ਼ਫਰ, ਉੱਘੇ ਸਾਹਿਤਕਾਰ ਮਾਰਫਤ ਭਾਸ਼ਾ ਵਿਭਾਗ, ਪੰਜਾਬ, ਪਟਿਆਲਾ।

ਅਧੀਨ ਸਕੱਤਰ
ਉਚੇਰੀ ਸਿੱਖਿਆ ਤੇ ਭਾਸ਼ਾਵਾਂ ਵਿਭਾਗ

ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ, ਸ੍ਰੀ ਸਵਰਨਜੀਤ ਸਵੀ ਚੇਅਰਮੈਨ ਪੰਜਾਬ ਕਲਾ ਪ੍ਰੀਸ਼ਦ, ਸ੍ਰੀ ਦਰਸ਼ਨ ਬੁੱਟਰ, ਪ੍ਰਧਾਨ ਕੇਂਦਰੀ ਲੇਖਕ ਸਭਾ ਸਮੇਤ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ ਵਿਦਵਾਨਾਂ, ਲੇਖਕਾਂ, ਦੋਸਤਾਂ ਅਤੇ ਸ਼ੁਭਚਿੰਤਕਾਂ ਨੇ ਵੀ ਇਸੇ ਤਰ੍ਹਾਂ ਦੀ ਆਸ ਪ੍ਰਗਟਾਈ ਸੀ। ਇਸ ਮੌਕੇ ਭਾਸ਼ਾ ਵਿਭਾਗ ਦੇ ਮੁੱਖ ਦਫ਼ਤਰ ਅਤੇ ਜ਼ਿਲ੍ਹਾ ਦਫਤਰਾਂ ਵਿੱਚ ਕੰਮ ਕਰਦੇ ਸਾਰੇ ਅਫ਼ਸਰਾਂ ਦੀ ਮੌਜੂਦਗੀ ਉਹਨਾਂ ਤੋਂ ਮਿਲਣ ਵਾਲੇ ਸਹਿਯੋਗ ਦੀ ਸ਼ਾਹਦੀ ਭਰਦੀ ਸੀ।

ਆਪਣੇ ਸਾਥੀਆਂ ਦੀ ਪਹਿਲੀ ਮੀਟਿੰਗ ਵਿੱਚ ਜਦੋਂ ਮੈਂ ਪੁੱਛਿਆ ਸੀ ਕਿ ਤੁਸੀਂ ਮੇਰੇ ਤੋਂ ਕੀ ਉਮੀਦ ਕਰਦੇ ਹੋ ਤਾਂ ਉਹਨਾਂ ਦਾ



ਇੱਕ ਦਮ ਜਵਾਬ ਸੀ ਕਿ ਉਹੀ ਉਮੀਦ ਜੋ ਸਾਰਾ ਪੰਜਾਬ ਕਰਦਾ ਹੈ। ਵਿਭਾਗੀ ਜ਼ਿੰਮੇਵਾਰੀਆਂ ਨਿਭਾਉਂਦਿਆਂ ਇਹ ਗੱਲ ਹਮੇਸ਼ਾ ਮੇਰੇ ਅੰਗ ਸੰਗ ਗੂੰਜਦੀ ਰਹਿੰਦੀ ਹੈ। ਇਸ ਗੂੰਜ ਨੇ ਭਾਸ਼ਾ ਵਿਭਾਗ ਦੇ ਸਾਰੇ ਪਰਿਵਾਰ ਨੂੰ ਸਹਿਯੋਗ ਦੇ ਸੂਤਰ ਵਿੱਚ ਬੰਨ੍ਹ ਕੇ ਸਰਗਰਮ ਕਰੀ ਰੱਖਿਆ ਹੈ। ਇਕ ਸਾਲ ਪੂਰਾ ਹੋਣ 'ਤੇ ਮੁੱਖ ਸਰਗਰਮੀਆਂ ਦਾ ਇਹ ਸਚਿੱਤਰ ਬਿਓਰਾ ਸਾਡੇ ਮੀਡੀਆ ਅਫ਼ਸਰ ਡਾ: ਸੁਖਦਰਸ਼ਨ ਸਿੰਘ ਚਹਿਲ ਨੇ ਤਿਆਰ ਕੀਤਾ ਹੈ। ਇਹਨਾਂ ਤੋਂ ਇਲਾਵਾ ਅਸੀਂ ਰਾਜ ਪੱਧਰ ਤੇ ਪੰਜਾਬੀ ਭਾਸ਼ਾ ਲਾਗੂ ਕਰਵਾਉਣ ਲਈ ਕੁਝ ਪਹਿਲ ਕਦਮੀਆਂ ਕੀਤੀਆਂ ਹਨ ਜਿਨ੍ਹਾਂ ਦੇ ਚੰਗੇ ਨਤੀਜੇ ਪ੍ਰਾਪਤ ਹੋਏ ਹਨ। ਸਾਡੇ ਜ਼ਿਲ੍ਹਾ ਦਫ਼ਤਰਾਂ ਨੇ ਵੀ ਬਹੁਤ ਚੰਗੇਰੀਆਂ ਸਰਗਰਮੀਆਂ ਨੂੰ ਅੰਜਾਮ ਦਿੱਤਾ ਹੈ। ਸਾਨੂੰ ਖੁਸ਼ੀ ਹੈ ਕਿ ਵਿਭਾਗ ਦੀ ਕਾਰਗੁਜ਼ਾਰੀ ਨੂੰ ਦੇਖਦਿਆਂ ਪੰਜਾਬੀਆਂ ਨੇ ਮਹਿਸੂਸ ਕੀਤਾ ਹੈ ਕਿ ਭਾਸ਼ਾ ਵਿਭਾਗ ਵਿੱਚ ਮੁੜ ਜਾਨ ਪੈ ਰਹੀ ਹੈ।







ਫਿਲਹਾਲ ਬਹੁਤ ਮਿਹਨਤ ਦੇ ਬਾਵਜੂਦ ਆਪਣੀ ਸਮੁੱਚੀ ਕਾਰਗੁਜ਼ਾਰੀ ਤੋਂ ਅਸੀਂ ਪੂਰੀ ਤਰ੍ਹਾਂ ਸੰਤੁਸ਼ਟ ਨਹੀਂ ਹਾਂ। ਅਸੀਂ ਆਪਣੇ ਵਿਭਾਗੀ ਰਸਾਲਿਆਂ ਅਤੇ ਪੁਸਤਕਾਂ ਨੂੰ ਸਰਕਾਰ ਦੇ ਪ੍ਰਿੰਟਿੰਗ ਅਤੇ ਸਟੇਸ਼ਨਰੀ ਵਿਭਾਗ ਤੋਂ ਸਮੇਂ ਸਿਰ ਛਪਵਾਉਣ ਜਾਂ ਤਿਆਰ ਕਰਵਾਉਣ ਵਿੱਚ ਸਫ਼ਲ ਨਹੀਂ ਰਹੇ। ਅਸੀਂ ਐਸ.ਐਸ. ਬੋਰਡ ਤੋਂ ਖੋਜ ਸਹਾਇਕਾਂ ਤੋਂ ਇਲਾਵਾ ਇਨਸਟਕਰਟਰਾਂ ਦੀ ਭਰਤੀ, ਕਰਵਾਉਣ ਵਿੱਚ ਵੀ ਅਜੇ ਤੱਕ ਕਾਮਯਾਬ ਨਹੀਂ ਹੋਏ ਜਿਸ ਕਰਕੇ ਸਾਡੇ ਜ਼ਿਲ੍ਹਾ ਦਫ਼ਤਰਾਂ ਵਿੱਚ ਚਲਦੇ ਕੰਪਿਊਟਰ ਸਿਖਲਾਈ ਕੇਂਦਰ, ਸਟੈਨੋ/ਸਾਰਟਹੈਂਡ, ਪੰਜਾਬੀ ਦੀਆਂ ਕਲਾਸਾਂ ਬੰਦ ਪਈ ਹੈ। ਕਿਸੇ ਵੇਲੇ ਸਰਕਾਰ ਵੱਲੋਂ ਲੇਖਕਾਂ ਲਈ ਬਹੁਤ ਹੁੱਬ ਅਤੇ ਚਾਅ ਨਾਲ ਬਣਾਏ ਗਏ ਸਾਹਿਤ ਸਦਨ ਦੀ ਖ਼ੂਬਸੂਰਤ ਇਮਾਰਤ ਤੋਂ ਨਾਜਾਇਜ਼ ਕਬਜ਼ਾ ਵੀ ਅਜੇ ਤੱਕ ਨਹੀਂ ਹਟਾ ਸਕੇ।

ਇਕ ਸਾਲ ਦੌਰਾਨ ਹੋਈਆਂ ਪ੍ਰਾਪਤੀਆਂ ਲਈ ਮਿਲੇ ਸਹਿਯੋਗ ਲਈ ਸਭ ਦਾ ਧੰਨਵਾਦ ਕਰਦੇ ਹਾਂ ਅਤੇ ਆਪਣੀਆਂ ਨਾਕਾਮੀਆਂ ਲਈ ਸ਼ਰਮਿੰਦਗੀ ਮਹਿਸੂਸ ਕਰਦੇ ਹੋਏ ਖ਼ਿਮਾ ਜਾਚਨਾ ਕਰਦੇ ਹਾਂ ਅਤੇ ਲਗਾਤਾਰ ਮਿਹਨਤ ਅਤੇ ਕੋਸ਼ਿਸ਼ਾਂ ਕਰਦੇ ਰਹਿਣ ਦਾ ਸੰਸਾਰ ਭਰ ਵਿੱਚ ਵਸਦੇ ਪੰਜਾਬੀਆਂ ਨਾਲ ਵਾਅਦਾ ਕਰਦੇ ਹਾਂ।

**ਜਸਵੰਤ ਸਿੰਘ ਜ਼ਫ਼ਰ**

ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ




## ਸਾਵਣ ਕਵੀ ਦਰਬਾਰ

# ਔਰਤਾਂ ਦੇ ਚਾਵਾਂ ਤੇ ਗਿਲੇ-ਸ਼ਿਕਵਿਆਂ ਦੇ ਪ੍ਰਗਟਾਵੇ ਲਈ ਸਜਾਇਆ ਮੰਚ

ਪੰਜਾਬ ਸਰਕਾਰ ਦੀ ਰਹਿਨੁਮਾਈ ਅਧੀਨ ਭਾਸ਼ਾ ਵਿਭਾਗ ਪੰਜਾਬ ਵੱਲੋਂ 9 ਅਗਸਤ, 2024 ਨੂੰ ਵਿਭਾਗ ਦੇ ਪਟਿਆਲਾ ਵਿਖੇ ਸਥਿਤ ਮੁੱਖ ਦਫ਼ਤਰ ਵਿਖੇ ਤੀਆਂ ਦੇ ਤਿਉਹਾਰ ਨੂੰ ਸਮਰਪਿਤ 'ਸਾਵਣ ਕਵੀ ਦਰਬਾਰ' ਕਰਵਾਇਆ ਗਿਆ। ਜਿਸ ਵਿੱਚ ਨਾਮਵਰ ਤੇ ਉੱਭਰਦੀਆਂ ਕਵਿੱਤਰੀਆਂ ਨੇ ਆਪਣੀਆਂ ਨਜ਼ਮਾਂ ਰਾਹੀਂ ਰੰਗ ਬੰਨ੍ਹਿਆ। ਇਸ ਸਮਾਗਮ 'ਚ ਉੱਘੀ ਲੇਖਿਕਾ ਪ੍ਰੋ. ਮਨਜੀਤ ਇੰਦਰਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਡਾ. ਅਰਤਿੰਦਰ ਕੌਰ ਸੰਧੂ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਭਾਸ਼ਾ ਵਿਭਾਗ ਪੰਜਾਬ ਦੀ ਡਿਪਟੀ ਡਾਇਰੈਕਟਰ ਹਰਪ੍ਰੀਤ ਕੌਰ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ।

ਮੁੱਖ ਮਹਿਮਾਨ ਪ੍ਰੋ. ਮਨਜੀਤ ਇੰਦਰਾ ਨੇ ਇਸ ਮੌਕੇ ਕਿਹਾ ਕਿ ਭਾਸ਼ਾ ਵਿਭਾਗ ਸਿਰ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਪ੍ਰਸਾਰ ਦਾ ਵੱਡਾ ਜ਼ਿੰਮਾ ਹੈ। ਜਿਸ ਤਹਿਤ ਇਸ ਵਿਭਾਗ ਨੇ ਸਮੇਂ-ਸਮੇਂ ਸਿਰ ਬੜੇ ਵੱਡਮੁੱਲੇ ਕਾਰਜ ਕੀਤੇ ਹਨ। ਜਿੰਨ੍ਹਾਂ ਦੀ ਸ਼ਲਾਘਾ ਕਰਨੀ ਬਣਦੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਡਿਜੀਟਲ ਯੁੱਗ ਵਿੱਚ ਪੰਜਾਬੀ ਸਾਹਿਤ ਦੇ ਪ੍ਰਚਾਰ ਪ੍ਰਸਾਰ ਲਈ ਭਾਸ਼ਾ ਵਿਭਾਗ ਨੂੰ ਹੋਰ ਹੰਭਲੇ ਮਾਰਨੇ ਚਾਹੀਦੇ ਹਨ। ਇਸ ਮੌਕੇ ਉਨ੍ਹਾਂ ਆਪਣੀਆਂ ਨਜ਼ਮਾਂ 'ਛਵੀਆਂ ਦੀ ਰੁੱਤ, ਗਿੱਧਿਆਂ ਦੀ ਟੁੱਟਗੀ ਤਾਲ ਤੇ ਰੁੱਸਣਾ ਜੇ ਚਾਹੇਂ ਚੰਨਾ..' ਆਦਿ ਵੀ ਸੁਣਾਈਆਂ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਡਾ. ਅਰਤਿੰਦਰ ਕੌਰ ਸੰਧੂ ਨੇ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਭਾਸ਼ਾ ਵਿਭਾਗ ਵੱਲੋਂ ਸਾਵਣ ਕਵੀ ਦਰਬਾਰ ਰਾਹੀਂ ਕਵਿੱਤਰੀਆਂ ਨੂੰ ਢੁਕਵਾਂ ਸਤਿਕਾਰ ਦੇਣ ਦਾ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਆਪਣੀ ਕਵਿਤਾ 'ਮੈਂ ਗ਼ਜ਼ਲ ਨਹੀਂ ਹਾਂ ਦੋਸਤੋ, ਨਜ਼ਮ ਹਾਂ..' ਵੀ ਸੁਣਾਈ। ਅਖ਼ੀਰ ਵਿੱਚ ਡਾਇਰੈਕਟਰ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਧੰਨਵਾਦੀ ਭਾਸ਼ਣ 'ਚ ਕਿਹਾ ਕਿ ਪੁਰਾਤਨ ਸਮੇਂ 'ਚ ਲੋਕ ਸਾਹਿਤ ਰਾਹੀਂ ਹੀ ਔਰਤਾਂ ਆਪਣੇ ਗਿਲੇ-ਸ਼ਿਕਵੇ ਤੇ ਚਾਵਾਂ ਦਾ ਪ੍ਰਗਟਾਵਾ ਕਰਦੀਆਂ ਸਨ। ਤੀਆਂ ਮੌਕੇ ਗਿੱਧੇ 'ਚ ਪਾਈਆਂ






ਜਾਂਦੀਆਂ ਬੋਲੀਆਂ ਇਸ ਦੀ ਵੱਡੀ ਮਿਸਾਲ ਹਨ। ਅਜੋਕੇ ਦੌਰ ਵਿੱਚ ਔਰਤਾਂ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਵਾ ਸਾਹਿਤ ਦੀਆਂ ਵੱਖ-ਵੱਖ ਵੰਨਗੀਆਂ ਰਾਹੀਂ ਕਰਨ ਲੱਗ ਪਈਆਂ ਹਨ। ਸ. ਜ਼ਫ਼ਰ ਨੇ ਕਿਹਾ ਕਿ ਇਸ ਤੋਂ ਭਾਵ ਇਹ ਹੈ ਕਿ ਸਮੇਂ ਦੇ ਬਦਲਣ ਨਾਲ-ਨਾਲ ਮਨੁੱਖ ਦੁਆਰਾ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਅ ਕਰਨ ਦੇ ਤਰੀਕੇ ਵੀ ਬਦਲਦੇ ਰਹਿੰਦੇ ਹਨ। ਉਨ੍ਹਾਂ ਕਿਹਾ ਉਕਤ ਕਵੀ ਦਰਬਾਰ ਨਿਰੋਲ ਔਰਤਾਂ ਨੂੰ ਸਮਰਪਿਤ ਸੀ। ਉਨ੍ਹਾਂ ਸਮਾਗਮ ਦੀ ਸਫਲਤਾ ਲਈ ਵਿਭਾਗ ਦੇ ਸਹਾਇਕ ਨਿਰਦੇਸ਼ਕ ਅਮਰਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਦੀ ਸ਼ਲਾਘਾ ਕੀਤੀ।

ਕਵੀ ਦਰਬਾਰ ਦੌਰਾਨ ਸੰਦੀਪ ਕੌਰ ਚੀਮਾ ਜਲੰਧਰ, ਮਨਿੰਦਰ ਕੌਰ ਬੱਸੀ, ਕਮਲ ਸੇਖੋਂ ਪਟਿਆਲਾ, ਜੋਗਿੰਦਰ ਨੂਰ ਮੀਤ ਲੁਧਿਆਣਾ, ਜਸਪ੍ਰੀਤ ਕੌਰ ਗਿੱਲ ਲੁਧਿਆਣਾ, ਰਾਜਿੰਦਰ ਮਾਵੀ ਰੂਪਨਗਰ, ਅਨੰਤ ਕੌਰ ਗਿੱਲ ਮੋਗਾ, ਕੁਲਵਿੰਦਰ ਕੌਰ ਚਾਵਲਾ ਪਟਿਆਲਾ, ਮਨਿੰਦਰ ਕੌਰ ਮਨ ਲੁਧਿਆਣਾ, ਰਾਜ ਕੌਰ ਮੋਹਾਲੀ, ਹਰਪ੍ਰੀਤ ਕੌਰ ਸੰਧੂ ਪਟਿਆਲਾ ਤੇ ਗੁਰਵੀਰ ਅਤਫ਼ ਸੰਗਰੂਰ ਨੇ ਆਪਣੀਆਂ ਨਜ਼ਮਾਂ ਨਾਲ ਰੰਗ ਬੰਨ੍ਹਿਆ। ਸਾਰੀਆਂ ਕਵਿੱਤਰੀਆਂ ਦਾ ਭਾਸ਼ਾ ਵਿਭਾਗ ਵੱਲੋਂ ਪੁਸਤਕਾਂ ਦੇ ਸੈੱਟ ਤੇ ਸ਼ਾਲਾਂ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਡਿਪਟੀ ਡਾਇਰੈਕਟਰ ਚੰਦਨਦੀਪ ਕੌਰ ਤੇ ਸਤਨਾਮ ਸਿੰਘ, ਸਹਾਇਕ ਨਿਰਦੇਸ਼ਕ ਅਸ਼ਰਫ ਮਹਿਮੂਦ ਨੰਦਨ, ਅਮਰਿੰਦਰ ਸਿੰਘ, ਜਸਪ੍ਰੀਤ ਕੌਰ, ਸੁਰਿੰਦਰ ਕੌਰ ਤੇ ਵੱਡੀ ਗਿਣਤੀ ਵਿੱਚ ਸਾਹਿਤ ਰਸੀਏ ਹਾਜ਼ਰ ਸਨ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਦਰਸ਼ਨ ਕੌਰ ਤੇ ਅਵਨੀਤ ਕੌਰ ਨੇ ਕੀਤਾ।

> **"ਇਸ ਕਵੀ ਦਰਬਾਰ ਦੀ ਖ਼ੂਬਸੂਰਤੀ ਇਹ ਰਹੀ ਕਿ ਸਮੁੱਚਾ ਸਮਾਗਮ ਔਰਤਾਂ ਦੁਆਰਾ ਸੰਚਾਲਤ ਕੀਤਾ ਗਿਆ ਅਤੇ ਬੀਬੀਆਂ ਨੇ ਹੀ ਕਾਵਿ ਪੇਸ਼ਕਾਰੀਆਂ ਨਾਲ ਰੰਗ ਬੰਨ੍ਹਿਆ। ਨਾਮਵਰ ਲੇਖਿਕਾਵਾਂ ਹੀ ਸਮਾਗਮ ਦੇ ਪ੍ਰਧਾਨਗੀ ਮੰਡਲ 'ਚ ਸੁਸ਼ੋਭਿਤ ਸਨ। ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਨਵੀਂ ਪਿਰਤ ਪਾਉਂਦਿਆਂ ਹਾਲ 'ਚ ਲੱਗੀਆਂ ਕੁਰਸੀਆਂ ਦੀ ਆਖ਼ਰੀ ਕਤਾਰ 'ਚ ਬੈਠਕੇ ਸਮਾਗਮ ਦਾ ਆਨੰਦ ਮਾਣਿਆ।"**
















# ਤੀਆਂ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ



ਕਵੀ ਦਰਬਾਰ ਵਿੱਚ ਪੁੱਜੀਆਂ ਕਵਿੱਤਰੀਆਂ ਨਾਲ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ। ਫੋਟੋ ਅਕੀਦਾ

- ਤੀਆਂ ਦੇ ਗੀਤ ਔਰਤਾਂ ਦੇ ਸ਼ਿਕਵੇ ਤੇ ਚਾਵਾਂ ਦਾ ਪ੍ਰਗਟਾਵਾ: ਜਸਵੰਤ ਜ਼ਫ਼ਰ

ਪੱਤਰ ਪ੍ਰੇਰਕ

ਪਟਿਆਲਾ, 10 ਅਗਸਤ

ਇੱਥੇ ਭਾਸ਼ਾ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਵਿੱਚ ਤੀਆਂ ਦੇ ਤਿਉਹਾਰ ਨੂੰ ਸਮਰਪਿਤ 'ਸਾਉਣ ਕਵੀ ਦਰਬਾਰ' ਕਰਵਾਇਆ ਗਿਆ। ਜਿਸ ਵਿੱਚ ਨਾਮਵਰ ਤੇ ਉੱਭਰਦੀਆਂ ਕਵਿੱਤਰੀਆਂ ਨੇ ਆਪਣੀਆਂ ਨਜ਼ਮਾਂ ਰਾਹੀਂ ਰੰਗ ਬੰਨ੍ਹਿਆ। ਇਸ ਸਮਾਗਮ 'ਚ ਉੱਘੀ ਲੇਖਿਕਾ ਪ੍ਰੋ. ਮਨਜੀਤ ਇੰਦਰਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਡਾ. ਅਰਤਿੰਦਰ ਕੌਰ ਸੰਧੂ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਭਾਸ਼ਾ ਵਿਭਾਗ ਪੰਜਾਬ ਦੀ ਡਿਪਟੀ ਡਾਇਰੈਕਟਰ ਹਰਪ੍ਰੀਤ ਕੌਰ ਨੇ ਮਹਿਮਾਨਾਂ ਦਾ ਸਵਾਗਤ ਕੀਤਾ।

ਮੁੱਖ ਮਹਿਮਾਨ ਪ੍ਰੋ. ਮਨਜੀਤ ਇੰਦਰਾ ਨੇ ਕਿਹਾ ਕਿ ਅਜੋਕੇ ਡਿਜੀਟਲ ਯੁੱਗ ਵਿੱਚ ਪੰਜਾਬੀ ਸਾਹਿਤ ਦੇ ਪ੍ਰਚਾਰ ਲਈ ਭਾਸ਼ਾ ਵਿਭਾਗ ਨੂੰ ਹੋਰ ਹੰਭਲੇ ਮਾਰਨੇ ਚਾਹੀਦੇ ਹਨ। ਇਸ ਮੌਕੇ ਉਨ੍ਹਾਂ ਆਪਣੀਆਂ ਨਜ਼ਮ 'ਛਵ੍ਹੀਆਂ ਦੀ ਰੁੱਤ, ਗਿੱਧਿਆਂ ਦੀ ਟੁੱਟਗੀ ਤਾਲ ਤੇ ਰੁੱਸਣਾ ਜੇ ਚਾਹੇ ਚੰਨਾ..' ਆਦਿ ਵੀ ਸੁਣਾਈਆਂ। ਡਾ. ਅਰਤਿੰਦਰ ਕੌਰ ਸੰਧੂ ਨੇ ਆਪਣੀ ਕਵਿਤਾ 'ਮੈਂ ਗ਼ਜ਼ਲ ਨਹੀਂ ਹਾਂ ਦੋਸਤੋ, ਨਜ਼ਮ ਹਾਂ..' ਸੁਣਾਈ।

ਅਖੀਰ ਵਿੱਚ ਡਾਇਰੈਕਟਰ ਭਾਸ਼ਾ ਵਿਭਾਗ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਪੁਰਾਤਨ ਸਮੇਂ 'ਚ ਲੋਕ ਸਾਹਿਤ ਰਾਹੀਂ ਹੀ ਔਰਤਾਂ ਆਪਣੇ ਗਿਲੇ-ਸ਼ਿਕਵੇ ਤੇ ਚਾਵਾਂ ਦਾ ਪ੍ਰਗਟਾਵਾਂ ਕਰਦੀਆਂ ਸਨ।

ਤੀਆਂ ਮੌਕੇ ਗਿੱਧੇ 'ਚ ਪਾਈਆਂ ਜਾਂਦੀਆਂ ਬੋਲੀਆਂ ਇਸ ਦੀ ਵੱਡੀ ਮਿਸਾਲ ਹਨ। ਕਵੀ ਦਰਬਾਰ ਦੌਰਾਨ ਸੰਦੀਪ ਕੌਰ ਚੀਮਾ ਜਲੰਧਰ, ਮਨਿੰਦਰ ਕੌਰ ਬੱਸੀ, ਕਮਲ ਸੇਖੋਂ ਪਟਿਆਲਾ, ਜੋਗਿੰਦਰ ਨੂਰ ਮੀਤ ਲੁਧਿਆਣਾ, ਜਸਪ੍ਰੀਤ ਕੌਰ ਗਿੱਲ ਲੁਧਿਆਣਾ, ਰਾਜਿੰਦਰ ਮਾਵੀ ਰੂਪਨਗਰ, ਅਨੰਤ ਕੌਰ ਗਿੱਲ ਮੋਗਾ, ਕੁਲਵਿੰਦਰ ਕੌਰ ਚਾਵਲਾ ਪਟਿਆਲਾ, ਮਨਿੰਦਰ ਕੌਰ ਮਨ ਲੁਧਿਆਣਾ ਤੇ ਗੁਰਵੀਰ ਅਤਫ਼ ਸੰਗਰੂਰ ਨੇ ਆਪਣੀਆਂ ਨਜ਼ਮਾਂ ਨਾਲ ਰੰਗ ਬੰਨ੍ਹਿਆ।

ਸਾਰੀਆਂ ਕਵਿੱਤਰੀਆਂ ਦਾ ਭਾਸ਼ਾ ਵਿਭਾਗ ਵੱਲੋਂ ਪੁਸਤਕਾਂ ਦੇ ਸੈੱਟ ਤੇ ਸ਼ਾਲ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਡਿਪਟੀ ਡਾਇਰੈਕਟਰ ਚੰਦਨਦੀਪ ਕੌਰ ਤੇ ਸਤਨਾਮ ਸਿੰਘ, ਸਹਾਇਕ ਨਿਰਦੇਸ਼ਕ ਅਸ਼ਰਫ਼ ਮਹਿਮੂਦ ਨੰਦਨ, ਅਮਰਿੰਦਰ ਸਿੰਘ, ਜਸਪ੍ਰੀਤ ਕੌਰ ਤੇ ਸੁਰਿੰਦਰ ਕੌਰ ਆਦਿ ਹਾਜ਼ਰ ਸਨ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਦਰਸ਼ਨ ਕੌਰ ਤੇ ਅਵਨੀਤ ਕੌਰ ਨੇ ਕੀਤਾ।

ਸੱਚ ਕਹੂੰ ਸੱਚ ਕਹੂੰ
epaper.sachkahoon.com
10 Aug 2024 - Page 5

# ਭਾਸ਼ਾ ਵਿਭਾਗ ਨੇ ਕਰਵਾਇਆ ਸਾਉਣ ਕਵੀ ਦਰਬਾਰ

- ਕਵਿੱਤਰੀਆਂ ਨੇ ਲਾਈ ਨਜ਼ਮਾਂ ਦੀ ਛਹਿਬਰ

ਖੁਸ਼ਵੀਰ ਸਿੰਘ ਤੂਰ

ਪਟਿਆਲਾ, 9 ਅਗਸਤ।

ਭਾਸ਼ਾ ਵਿਭਾਗ ਪੰਜਾਬ ਵੱਲੋਂ ਅੱਜ ਇੱਥੇ ਮੁੱਖ ਦਫ਼ਤਰ ਵਿਖੇ ਤੀਆਂ ਦੇ ਤਿਉਹਾਰ ਨੂੰ ਸਮਰਪਿਤ 'ਸਾਉਣ ਕਵੀ ਦਰਬਾਰ' ਕਰਵਾਇਆ ਗਿਆ ਜਿਸ ਵਿੱਚ ਨਾਮਵਰ ਤੇ ਉੱਭਰਦੀਆਂ ਕਵਿੱਤਰੀਆਂ ਨੇ ਆਪਣੀਆਂ ਨਜ਼ਮਾਂ ਰਾਹੀਂ ਰੰਗ ਬੰਨ੍ਹਿਆ। ਇਸ ਸਮਾਗਮ 'ਚ ਉੱਘੀ ਲੇਖਿਕਾ ਪ੍ਰੋ. ਮਨਜੀਤ ਇੰਦਰਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਡਾ. ਅਰਤਿੰਦਰ ਕੌਰ ਸੰਧੂ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਭਾਸ਼ਾ ਵਿਭਾਗ ਪੰਜਾਬ ਦੀ ਡਿਪਟੀ ਡਾਇਰੈਕਟਰ ਹਰਪ੍ਰੀਤ ਕੌਰ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਕਿਹਾ। ਮੁੱਖ ਮਹਿਮਾਨ ਪ੍ਰੋ. ਮਨਜੀਤ ਇੰਦਰਾ ਨੇ ਇਸ ਮੌਕੇ ਕਿਹਾ ਕਿ ਭਾਸ਼ਾ ਵਿਭਾਗ ਸਿਰ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਪ੍ਰਸਾਰ ਦਾ ਵੱਡਾ ਜਿੰਮਾ ਹੈ ਜਿਸ ਤਹਿਤ ਇਸ ਵਿਭਾਗ ਨੇ ਸਮੇਂ-ਸਮੇਂ ਸਿਰ ਬੜੇ ਵੱਡਮੁੱਲੇ ਕਾਰਜ ਕੀਤੇ ਹਨ ਜਿੰਨਾਂ ਦੀ ਸ਼ਲਾਘਾ ਕਰਨੀ ਬਣਦੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਡਿਜ਼ੀਟਲ ਯੁੱਗ ਵਿੱਚ ਪੰਜਾਬੀ ਸਾਹਿਤ ਦੇ ਪ੍ਰਚਾਰ ਪਸਾਰ ਲਈ ਭਾਸ਼ਾ ਵਿਭਾਗ ਨੂੰ ਹੋਰ ਹੰਭਲੇ ਮਾਰਨੇ ਚਾਹੀਦੇ ਹਨ ਇਸ ਮੌਕੇ ਉਨ੍ਹਾਂ ਆਪਣੀਆਂ ਨਜ਼ਮ 'ਛਵੀਆਂ ਦੀ ਰੁੱਤ, ਗਿੱਧਿਆਂ ਦੀ ਟੁੱਟਗੀ ਤਾਲ ਤੇ ਰੁੱਸਣਾ ਜੇ ਚਾਹੇ ਚੰਨਾ..' ਆਦਿ ਵੀ ਸੁਣਾਈਆਂ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਡਾ. ਅਰਤਿੰਦਰ ਕੌਰ ਸੰਧੂ ਨੇ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਭਾਸ਼ਾ ਵਿਭਾਗ ਵੱਲੋਂ ਸਾਵਣ ਕਵੀ ਦਰਬਾਰ ਰਾਹੀਂ ਕਵਿੱਤਰੀਆਂ ਨੂੰ ਢੁਕਵਾਂ ਸਤਿਕਾਰ ਦੇਣ ਦਾ ਉਪਰਾਲਾ ਕੀਤਾ ਗਿਆ ਹੈ।



**ਪਟਿਆਲਾ :** ਭਾਸ਼ਾ ਵਿਭਾਗ ਵੱਲੋਂ ਕਰਵਾਏ ਗਏ ਸਾਵਣ ਕਵੀ ਦਰਬਾਰ 'ਚ ਸ਼ਮੂਲੀਅਤ ਕਰਨ ਵਾਲੀਆਂ ਕਵਿੱਤਰੀਆਂ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨਾਲ

ਇਸ ਮੌਕੇ ਉਨ੍ਹਾਂ ਆਪਣੀ ਕਵਿਤਾ 'ਮੈਂ ਗਜ਼ਲ ਨਹੀਂ ਹਾਂ ਦੋਸਤੋ, ਨਜ਼ਮ ਹਾਂ..' ਵੀ ਸੁਣਾਈ। ਕਵੀ ਦਰਬਾਰ ਦੌਰਾਨ ਸੰਦੀਪ ਕੌਰ ਚੀਮਾ ਜਲੰਧਰ, ਮਨਿੰਦਰ ਕੌਰ ਬੱਸੀ, ਕਮਲ ਸੇਖੋਂ ਪਟਿਆਲਾ, ਜੋਗਿੰਦਰ ਨੂਰ ਮੀਤ ਲੁਧਿਆਣਾ, ਜਸਪ੍ਰੀਤ ਕੌਰ ਗਿੱਲ ਲੁਧਿਆਣਾ, ਰਾਜਿੰਦਰ ਮਾਵੀ ਰੂਪਨਗਰ, ਅਨੰਤ ਕੌਰ ਗਿੱਲ ਮੋਗਾ, ਕੁਲਵਿੰਦਰ ਕੌਰ ਚਾਵਲਾ ਪਟਿਆਲਾ, ਮਨਿੰਦਰ ਕੌਰ ਮਨ ਲੁਧਿਆਣਾ, ਰਾਜ ਕੌਰ ਮੋਹਾਲੀ, ਹਰਪ੍ਰੀਤ ਕੌਰ ਸੰਧੂ ਪਟਿਆਲਾ ਤੇ ਗੁਰਵੀਰ ਅਤਫ਼ ਸੰਗਰੂਰ ਨੇ ਆਪਣੀਆਂ ਨਜ਼ਮਾਂ ਨਾਲ ਰੰਗ ਬੰਨਿਆ। ਸਾਰੀਆਂ ਕਵਿੱਤਰੀਆਂ ਦਾ ਭਾਸ਼ਾ ਵਿਭਾਗ ਵੱਲੋਂ ਪੁਸਤਕਾਂ ਦੇ ਸੈੱਟ ਤੇ ਸ਼ਾਲ ਨਾਲ ਸਨਮਾਨ ਕੀਤਾ ਗਿਆ।













15 ਅਗਸਤ, 2024 ਨੂੰ ਅਜ਼ਾਦੀ ਦਿਵਸ ਮੌਕੇ ਭਾਸ਼ਾ ਵਿਭਾਗ ਦੇ ਨਵਨਿਯੁਕਤ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਕੌਮੀ ਝੰਡਾ ਲਹਿਰਾਇਆ। ਸ. ਜ਼ਫ਼ਰ ਨੇ ਇਸ ਮੌਕੇ ਆਪਣੇ ਸੰਬੋਧਨ 'ਚ ਅਜ਼ਾਦੀ ਦੇ ਅਰਥਾਂ ਬਾਰੇ ਵਿਸਥਾਰ 'ਚ ਜਾਣਕਾਰੀ ਦਿੱਤੀ ਅਤੇ ਸਭ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਵਿਭਾਗ ਦੀਆਂ ਮੁਲਾਜ਼ਮਾਂ ਵੱਲੋਂ ਪੰਜਾਬ ਦਾ ਲੋਕ ਨਾਚ ਗਿੱਧਾ ਪੇਸ਼ ਕੀਤਾ ਗਿਆ ਅਤੇ ਵਿਭਾਗ ਵਿਚ ਕਾਰਜਸ਼ੀਲ ਕਵੀਆਂ ਵੱਲੋਂ ਕਵਿਤਾ ਪਾਠ ਗਾਇਨ ਕੀਤਾ ਗਿਆ।




## ਸੰਸਕ੍ਰਿਤ ਦਿਵਸ

# ਅਸੀਂ ਉਸ ਧਰਤੀ ਦੇ ਜਾਏ ਹਾਂ ਜਿੱਥੇ ਦੁਨੀਆ ਦਾ ਪਹਿਲਾ ਗ੍ਰੰਥ ਰਚਿਆ ਗਿਆ

ਭਾਸ਼ਾ ਵਿਭਾਗ ਪੰਜਾਬ ਵੱਲੋਂ ਮੁੱਖ ਦਫ਼ਤਰ ਪਟਿਆਲਾ ਵਿਖੇ ਸੰਸਕ੍ਰਿਤ ਦਿਵਸ ਮੌਕੇ 19 ਅਗਸਤ, 2024 ਨੂੰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ 'ਚ ਹੋਏ ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ ਦੇ ਸੰਸਕ੍ਰਿਤ ਵਿਭਾਗ ਦੇ ਮੁਖੀ ਡਾ. ਵੀਰੇਂਦਰ ਕੁਮਾਰ ਨੇ ਕੀਤੀ ਅਤੇ ਇਸੇ ਵਿਭਾਗ ਦੇ ਪ੍ਰੋਫ਼ੈਸਰ ਡਾ. ਪੁਸ਼ਪਿੰਦਰ ਜੋਸ਼ੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉੱਘੇ ਚਿੰਤਕ ਡਾ. ਮਨਮੋਹਨ ਸਿੰਘ ਤੇ ਸਰਕਾਰੀ ਮਹਿਲਾ ਕਾਲਜ ਪਟਿਆਲਾ ਦੇ ਪ੍ਰੋਫ਼ੈਸਰ ਡਾ. ਓਮਨਦੀਪ ਸ਼ਰਮਾ ਨੇ ਮੁੱਖ ਵਕਤਾਵਾਂ ਵਜੋਂ ਵੱਖ-ਵੱਖ ਵਿਸ਼ਿਆਂ 'ਤੇ ਵਿਚਾਰ ਪ੍ਰਗਟ ਕੀਤੇ। ਸਮਾਗਮ ਦੀ ਸ਼ੁਰੂਆਤ ਵਿਭਾਗ ਦੀ ਧੁਨੀ ਅਤੇ ਸਕੂਲ ਆਫ ਐਮੀਨੈਂਸ ਫੀਲਖਾਨਾ ਦੀਆਂ ਵਿਦਿਆਰਥਣਾਂ ਵੱਲੋਂ ਪੇਸ਼ ਕੀਤੀ ਸਰਸਵਤੀ ਵੰਦਨਾ ਨਾਲ ਹੋਈ।

ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ 'ਚ ਕਿਹਾ ਕਿ ਅਸੀਂ ਉਸ ਧਰਤੀ ਦੇ ਜਾਏ ਹਾਂ ਜਿੱਥੇ ਦੁਨੀਆ ਦਾ ਪਹਿਲਾ ਗ੍ਰੰਥ ਸੰਸਕ੍ਰਿਤ 'ਚ 'ਰਿਗਵੇਦ' ਰਚਿਆ ਗਿਆ ਅਤੇ ਸੰਸਾਰ ਦੇ ਪਹਿਲੇ ਸੰਪਾਦਤ ਗ੍ਰੰਥ 'ਆਦਿ ਗ੍ਰੰਥ' ਦੀ ਸਿਰਜਣਾ ਵੀ ਸਾਡੀ ਧਰਤੀ 'ਤੇ ਹੋਈ। ਉਨ੍ਹਾਂ ਕਿਹਾ ਕਿ ਕਈ ਵਾਰ ਅਸੀਂ ਆਪਣੇ ਸੀਮਿਤ ਵਿਚਾਰਾਂ ਤੇ ਵਿਸ਼ਵਾਸਾਂ 'ਚ ਜਕੜੇ ਰਹਿੰਦੇ ਹਾਂ ਪਰ ਲੋੜ ਹੈ ਕਿ ਅਜਿਹੀ ਵੱਡਮੁੱਲੀ ਵਿਚਾਰ ਚਰਚਾ ਦਾ ਹਿੱਸਾ ਬਣੀਏ ਅਤੇ ਆਪਣੇ ਗਿਆਨ ਦਾ ਘੇਰਾ ਵਿਸ਼ਾਲ ਕਰੀਏ। ਉਨ੍ਹਾਂ ਕਿਹਾ ਕਿ ਭਾਸ਼ਾ ਦਾ ਕੰਮ ਸੰਸਾਰ ਨੂੰ ਜੋੜਨਾ ਹੈ, ਇਸ ਕਰਕੇ ਸਾਨੂੰ ਆਪਣੀ ਵਿਰਾਸਤ 'ਚ ਮਿਲੀਆ ਭਾਸ਼ਾਵਾਂ ਦਾ ਗਿਆਨ ਜ਼ਰੂਰ ਹੋਣਾ ਚਾਹੀਦਾ ਹੈ ਜਿੰਨ੍ਹਾਂ ਨੇ ਸਦਾ ਹੀ ਨਰੋਏ ਸਮਾਜ ਦੀ ਸਿਰਜਣਾ 'ਚ ਅਹਿਮ ਯੋਗਦਾਨ ਪਾਇਆ ਹੈ। ਮੁੱਖ ਵਕਤਾ ਡਾ. ਮਨਮੋਹਨ ਸਿੰਘ ਨੇ ਆਪਣੇ ਵਿਦਵਤਾ ਭਰਪੂਰ ਭਾਸ਼ਣ ਦੌਰਾਨ ਭਾਸ਼ਾ ਨੂੰ ਸਮਝਣ ਦੇ ਦੋ ਵੱਖ-ਵੱਖ ਪਹਿਲੂਆਂ ਵਿਆਕਰਨਕ ਤੇ ਸ਼ਬਦਾਂ ਦੀ ਦਾਰਸ਼ਨਿਕਤਾ ਬਾਰੇ ਵਿਸਥਾਰ 'ਚ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਦੁਨੀਆ ਦੇ ਹਰ ਤਰ੍ਹਾਂ ਦੇ ਇਨਕਲਾਬ ਦਾ ਅਧਾਰ ਭਾਸ਼ਾ ਬਣਦੀ ਹੈ। ਇਸੇ ਸੰਦਰਭ 'ਚ ਅਜੋਕੇ ਯੁੱਗ ਦੀ ਨਵੀਂ ਤਕਨਾਲੋਜੀ ਮਸ਼ੀਨੀ ਬੁੱਧੀਮਤਾ ਦੀ ਗੱਲ ਕਰਨੀ ਬਣਦੀ ਹੈ, ਜਿਸ ਦਾ ਅਧਾਰ ਵੀ ਭਾਸ਼ਾ ਹੀ ਹੈ। ਉਨ੍ਹਾਂ ਕਿਹਾ ਕਿ ਸਾਡੇ ਪੂਰਵਜਾਂ ਨੇ ਗਿਆਨ ਨੂੰ ਸੰਗਠਿਤ




ਭਾਸ਼ਾ ਵਿਭਾਗ, ਪੰਜਾਬ
द्वारा
दिवस


ਭਾਸ਼ਾ ਵਿਭਾਗ, ਪੰਜਾਬ
स. भगवंत सिंह मान
माननीय मुख्य मंत्री, पंजाब
समारो


ਭਾਸ਼ਾ ਵਿਭਾਗ, ਪੰਜਾਬ
विभाग,
द्वारा
दिवस






ਕਰਨ ਲਈ ਸੰਸਕ੍ਰਿਤ ਵਰਗੀ ਭਾਸ਼ਾ ਦਾ ਸਹਾਰਾ ਲਿਆ ਅਤੇ ਇਹ ਗਿਆਨ ਅੱਜ ਵੀ ਸੰਸਾਰ ਲਈ ਮਾਰਗਦਰਸ਼ਕ ਬਣਿਆ ਹੋਇਆ ਹੈ। ਦੂਸਰੇ ਵਕਤਾ ਡਾ. ਓਮਨਦੀਪ ਸ਼ਰਮਾ ਨੇ 'ਭਾਸ਼ਾ: ਭਾਸ਼ਾ ਸਤਰ ਤੇ ਭਾਸ਼ਾ ਦਾ ਵਿਵਸਥਾਪਨ' ਵਿਸ਼ੇ 'ਤੇ ਵਿਚਾਰ ਪ੍ਰਗਟ ਕਰਦਿਆ ਕਿਹਾ ਕਿ ਸੰਸਕ੍ਰਿਤ ਭਾਸ਼ਾ ਬਹੁਤ ਸਾਰੀਆਂ ਭਾਸ਼ਾਵਾਂ ਦਾ ਸੁਮੇਲ ਹੈ, ਜਿਸ ਨੇ ਸਾਡੇ ਵਿਦਵਾਨਾਂ ਦੇ ਗਿਆਨ ਨੂੰ ਸੁਰੱਖਿਅਤ ਕਰਕੇ ਪੀੜ੍ਹੀ ਦਰ ਪੀੜ੍ਹੀ ਅੱਗੇ ਵਧਾਉਣ ਦਾ ਕਾਰਜ ਕੀਤਾ ਹੈ। ਉਨ੍ਹਾਂ ਕਿਹਾ ਕਿ ਸੰਸਕ੍ਰਿਤ ਨੂੰ ਜੇਕਰ ਵਿਸ਼ਵ ਗਿਆਨ ਦੀ ਭਾਸ਼ਾ ਕਹਿ ਲਈਏ ਤਾਂ ਕੋਈ ਅਤਿਕਥਨੀ ਨਹੀਂ।

ਇਸ ਮੌਕੇ ਮੁੱਖ ਮਹਿਮਾਨ ਡਾ. ਪੁਸ਼ਪਿੰਦਰ ਜੋਸ਼ੀ ਨੇ ਕਿਹਾ ਪੰਜਾਬ ਵਿੱਚ ਸੰਸਕ੍ਰਿਤ ਦੀ ਜੋ ਪ੍ਰੰਪਰਾ ਅੱਜ ਤੋਂ 50 ਸਾਲ ਪਹਿਲਾ ਸੀ ਉਹ ਅੱਜ ਨਹੀਂ ਹੈ। ਪੰਜਾਬ ਦੀ ਸ਼ਾਸਤਰ ਪ੍ਰੰਪਰਾ 'ਚ ਸੰਸਕ੍ਰਿਤ ਦਾ ਬਹੁਤ ਵੱਡਾ ਯੋਗਦਾਨ ਹੈ। ਸੰਸਕ੍ਰਿਤ ਦੇ ਵਿਦਵਾਨਾਂ ਨੇ ਜੋ ਗਿਆਨ ਪੰਜਾਬ ਦੀ ਧਰਤੀ 'ਤੇ ਰਹਿਕੇ ਇਕੱਠਾ ਕੀਤਾ ਹੈ ਉਹ ਕਿਸੇ ਹੋਰ ਭਾਸ਼ਾ ਜਾਂ ਖਿੱਤੇ 'ਚ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸ਼ਾਸਤਰ ਪ੍ਰੰਪਰਾ ਨੂੰ ਕਾਇਮ ਰੱਖਣਾ ਚਾਹੀਦਾ ਹੈ। ਉਨ੍ਹਾਂ ਭਾਸ਼ਾ ਵਿਭਾਗ ਵੱਲੋਂ ਸੰਸਕ੍ਰਿਤ ਭਾਸ਼ਾ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਆਪਣੇ ਪ੍ਰਧਾਨਗੀ ਭਾਸ਼ਣ 'ਚ ਡਾ. ਵੀਰੇਂਦਰ ਕੁਮਾਰ ਸ਼ਰਮਾ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ 'ਚ ਸ਼ਾਮਲ ਚਾਰ ਪਰਵ ਦੀਵਾਲੀ, ਹੋਲੀ, ਦੁਸਹਿਰਾ ਤੇ ਸੰਸਕ੍ਰਿਤ ਦਿਵਸ ਸ਼ਾਮਲ ਹਨ। ਜਿਨ੍ਹਾਂ ਦੇ ਵੱਖ-ਵੱਖ ਉਦੇਸ਼ ਹਨ। ਉਨ੍ਹਾਂ ਦੱਸਿਆ ਕਿ ਸੰਸਕ੍ਰਿਤ ਦਿਵਸ ਹਰ ਸਾਲ ਸਾਵਣ ਦੀ ਪੂਰਨਮਾਸ਼ੀ ਨੂੰ ਮਨਾਇਆ ਜਾਂਦਾ ਹੈ ਜਿਸ ਦਾ ਉਦੇਸ਼ ਅਧਿਐਨ ਤੇ ਅਧਿਆਪਨ ਭਾਵ ਇਸ ਦਿਨ ਸਾਡੀ ਧਰਤੀ 'ਤੇ ਗਿਆਨ ਦਾ ਅਧਿਐਨ ਤੇ ਉਸ ਦੇ ਪ੍ਰਸਾਰ ਲਈ ਅਧਿਆਪਨ ਦੀ ਸ਼ੁਰੂਆਤ ਹੋਈ ਸੀ। ਉਨ੍ਹਾਂ ਕਿਹਾ ਸੋ ਸੰਸਕ੍ਰਿਤ ਦਿਵਸ ਮੌਕੇ ਸਾਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਸਾਡੇ ਵੇਦਾਂ-ਗ੍ਰੰਥਾਂ 'ਚ ਮੌਜੂਦ ਗਿਆਨ ਦਾ ਅਧਿਐਨ ਕਰੀਏ ਅਤੇ ਇਸ ਗਿਆਨ ਨੂੰ ਹੋਰਨਾਂ ਲੋਕਾਂ 'ਚ ਵੰਡੀਏ। ਉਨ੍ਹਾਂ ਕਿਹਾ ਕਿ ਸਾਡੀ ਗਿਆਨ ਪ੍ਰੰਪਰਾ 'ਤੇ ਬਹੁਤ ਵਾਰ ਭਾਸ਼ਾਈ ਵੰਡ ਦੇ ਨਾਮ 'ਤੇ ਹਮਲੇ ਹੋਏ ਹਨ ਜਦੋਂਕਿ ਹਰ ਭਾਸ਼ਾ ਸਮਾਜ ਨੂੰ ਜੋੜਨ ਦਾ ਅਤੇ ਗਿਆਨ ਦੇ ਪ੍ਰਸਾਰ ਦਾ ਵੱਡਾ ਸਾਧਨ ਹੈ। ਇਸ ਕਰਕੇ ਸਾਨੂੰ ਪੰਜਾਬ ਦੀ ਸਾਸ਼ਤਰ ਪ੍ਰੰਪਰਾ ਨੂੰ ਕਾਇਮ ਰੱਖਣਾ ਚਾਹੀਦਾ ਹੈ। ਇਸ ਮੌਕੇ ਡਾ. ਵੀਨਾ, ਅਚਾਰੀਆ ਗੁਰਦਾਸ, ਡਾ. ਅਨੰਦ ਰਾਜ ਤੇ ਮੁਨੀਸ਼ ਕੁਮਾਰ ਨੇ ਸੰਸਕ੍ਰਿਤ ਭਾਸ਼ਾ 'ਚ ਭਾਵਪੂਰਤ ਕਵਿਤਾਵਾਂ ਵੀ ਸੁਣਾਈਆਂ। ਭਾਸ਼ਾ ਵਿਭਾਗ ਵੱਲੋਂ ਸਾਰੇ ਮਹਿਮਾਨਾਂ ਤੇ ਕਵੀਆਂ ਦਾ ਸ਼ਾਲਾਂ ਅਤੇ ਪੁਸਤਕਾਂ ਦੇ ਸੈਟਾਂ ਨਾਲ ਸਨਮਾਨ ਕੀਤਾ ਗਿਆ। ਅਖ਼ੀਰ ਵਿੱਚ ਸਮਾਗਮ ਦੇ ਆਯੋਜਕ ਡਿਪਟੀ ਡਾਇਰੈਕਟਰ ਚੰਦਨਦੀਪ ਕੌਰ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਡਿਪਟੀ ਡਾਇਰੈਕਟਰ ਹਰਭਜਨ ਕੌਰ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਅਸ਼ਰਫ ਮਹਿਮੂਦ ਨੰਦਨ, ਆਲੋਕ ਚਾਵਲਾ ਤੇ ਸੁਰਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਸਾਹਿਤ ਪ੍ਰੇਮੀ ਹਾਜ਼ਰ ਸਨ। ਮੰਚ ਸੰਚਾਲਨ ਡਾ. ਮਨਜਿੰਦਰ ਸਿੰਘ ਨੇ ਕੀਤਾ।

## ਪੰਜਾਬੀ ਕੰਪਿਊਟਰਕਾਰੀ ਤੇ ਮਸ਼ੀਨੀ ਬੁੱਧੀਮਾਨਤਾ

# ਪੰਜਾਬੀ ਭਾਸ਼ਾ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਨਵੀਂ ਸ਼ੁਰੂਆਤ




ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਸਾਰ ਤੇ ਵਿਕਾਸ ਲਈ ਨਵੀਂ ਸ਼ੁਰੂਆਤ ਕੀਤੀ ਗਈ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ ’ਚ 27 ਅਗਸਤ, 2024 ਨੂੰ ‘ਪੰਜਾਬੀ ਕੰਪਿਊਟਰਕਾਰੀ ਅਤੇ ਮਸ਼ੀਨੀ ਬੁੱਧੀਮਾਨਤਾ’ ਵਿਸ਼ੇ ’ਤੇ ਆਪਣੀ ਕਿਸਮ ਦੀ ਪਲੇਠੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਉੱਘੇ ਕੰਪਿਊਟਰ ਮਾਹਿਰ ਤੇ ਪੰਜਾਬੀ ਭਾਸ਼ਾ ਦੇ ਕੰਪਿਊਟਰੀਕਰਨ ਲਈ ਲੰਬੇ ਅਰਸੇ ਤੋਂ ਕਾਰਜਸ਼ੀਲ ਡਾ. ਸੀ.ਪੀ. ਕੰਬੋਜ ਨੇ ਵੱਖ-ਵੱਖ ਤਕਨੀਕੀ ਨੁਕਤਿਆਂ ਬਾਰੇ ਅਭਿਆਸ ਰੂਪ ’ਚ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੀ ਟੀਮ ’ਚ ਸੁਰਿੰਦਰ ਸਿੰਘ, ਮਨਿੰਦਰ ਸਿੰਘ ਤੇ ਜੋਤੀ ਕੌਰ ਸ਼ਾਮਲ ਸਨ। ਇਸ ਵਰਕਸ਼ਾਪ ਵਿੱਚ ਭਾਸ਼ਾ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਤੋਂ ਇਲਾਵਾ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਯਤਨਸ਼ੀਲ ਹੋਰਨਾਂ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਹਿੱਸਾ ਲਿਆ।

ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਵਰਕਸ਼ਾਪ ਦੀ ਰੂਪ-ਰੇਖਾ ਅਤੇ ਟੀਚਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਅਜੋਕੇ ਡਿਜੀਟਲ ਯੁੱਗ ਦੇ ਹਾਣ ਦੀ ਬਣਾਉਣ ਲਈ ਬਹੁਤ ਵੱਡੇ ਉਪਰਾਲਿਆਂ ਦੀ ਜ਼ਰੂਰਤ ਹੈ। ਇਸੇ ਤਹਿਤ ਹੀ






ViewSonic

ਭਾਸ਼ਾ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਬੁੱਧੀਮਾਨਤਾ 'ਚ ਸਥਾਪਤ ਕਰਨ ਲਈ ਯਤਨ ਆਰੰਭ ਕੀਤੇ ਹਨ। ਜਿਸ ਦਾ ਮਕਸਦ ਹੋਰਨਾਂ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਇਸ ਮਿਸ਼ਨ ਨਾਲ ਜੋੜਨਾ ਹੈ। ਉਨ੍ਹਾਂ ਪੰਜਾਬੀ ਹਿਤੈਸ਼ੀਆਂ ਨੂੰ ਅਪੀਲ ਕੀਤੀ ਕਿ ਉਹ ਜੁਝਾਰੂ ਸਿਪਾਹੀਆਂ ਵਾਂਗ ਅਜੋਕੇ ਯੁੱਗ ਦੀ ਵੱਡੀ ਲੋੜ ਮਸ਼ੀਨੀ ਬੁੱਧੀਮਾਨਤਾ ਲਈ ਸਾਂਝੇ ਤੌਰ 'ਤੇ ਹੰਭਲੇ ਮਾਰਨ।

ਡਾ. ਸੀ. ਪੀ. ਕੰਬੋਜ ਨੇ ਚਾਰ ਸੈਸ਼ਨਾਂ ਵਾਲੀ ਵਰਕਸ਼ਾਪ ਦੌਰਾਨ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਕੰਪਿਊਟਰ ਤੇ ਫੋਨ ਦੀ ਵਰਤੋਂ, ਪੰਜਾਬੀ ਫੌਂਟਸ ਤੇ ਭਾਸ਼ਾ ਨਾਲ ਸਬੰਧਤ ਸਾਫਟਵੇਅਰਜ਼ ਦੀ ਸਹੀ ਤੇ ਸੁਚੱਜੀ ਵਰਤੋਂ, ਪੰਜਾਬੀ ਸਾਹਿਤ ਤੇ ਭਾਸ਼ਾ ਨਾਲ ਸਬੰਧਤ ਹੋਰ ਸਮੱਗਰੀ ਦੀ ਡਿਜੀਟਲਾਈਜੇਸ਼ਨ ਬਾਰੇ ਵੱਖ-ਵੱਖ ਸੈਸ਼ਨਾਂ ਦੌਰਾਨ ਪ੍ਰੋਜੈਕਟਰ ਦੀ ਮਦਦ ਨਾਲ ਅਭਿਆਸ ਰੂਪ 'ਚ ਵੱਡਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਡਾ. ਕੰਬੋਜ ਨੇ ਕਿਹਾ ਕਿ ਭਾਸ਼ਾ ਵਿਭਾਗ ਨੇ ਇਸ ਵਰਕਸ਼ਾਪ ਰਾਹੀਂ ਬੜੀ ਵੱਡੀ ਸ਼ੁਰੂਆਤ ਕੀਤੀ ਹੈ। ਸਾਡੇ ਕੋਲ ਪੰਜਾਬੀ ਭਾਸ਼ਾ 'ਚ ਰਚਿਆ ਵਡਮੁੱਲਾ ਸਾਹਿਤਕ ਤੇ ਬਹੁਪੱਖੀ ਖਜ਼ਾਨਾ ਉਪਲਬਧ ਹੈ, ਜਿਸ ਨੂੰ ਡਿਜੀਟਲ ਰੂਪ 'ਚ ਵੱਖ-ਵੱਖ ਪਲੇਟਫਾਰਮਾਂ 'ਤੇ ਅੱਪਲੋਡ ਕਰਨ ਦੀ ਜ਼ਰੂਰਤ ਹੈ। ਜਿਸ ਨਾਲ ਸਾਡੀ ਭਾਸ਼ਾ ਆਪਣੇ-ਆਪ ਹੀ ਮਸ਼ੀਨੀ ਬੁੱਧੀਮਾਨਤਾ ਦੇ ਖੇਤਰ 'ਚ ਅਮੀਰ ਹੋ ਜਾਵੇਗੀ। ਇਸ ਵਰਕਸ਼ਾਪ ਸਬੰਧੀ ਲਾਂਬੜਾ ਸੱਥ ਜਲੰਧਰ ਤੋਂ ਆਏ ਸ. ਬਹਾਦਰ ਸਿੰਘ ਸੰਧੂ ਨੇ ਕਿਹਾ ਕਿ ਉਨ੍ਹਾਂ ਨੂੰ ਬੜੀ ਖੁਸ਼ੀ ਹੋਈ ਹੈ ਕਿ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਨੂੰ ਨਵੀਂ ਸੇਧ ਦੇਣ ਦਾ ਵੱਡਾ ਉੱਦਮ ਕੀਤਾ ਗਿਆ ਹੈ। ਖੋਜ ਅਫ਼ਸਰ ਸਤਪਾਲ ਸਿੰਘ ਨੇ ਵਰਕਸ਼ਾਪ ਨੂੰ ਸਮੇਂ ਸਿਰ ਚੁੱਕਿਆ ਵੱਡਾ ਕਦਮ ਦੱਸਿਆ ਅਤੇ ਕਿਹਾ ਕਿ ਇਸ ਖੇਤਰ 'ਚ ਬਹੁਤ ਸਾਰੇ ਕਾਰਜ ਕਰਨ ਲਈ ਸਾਨੂੰ ਰਲਕੇ ਹੰਭਲੇ ਮਾਰਨੇ ਚਾਹੀਦੇ ਹਨ। ਡਾ. ਲਖਬੀਰ ਸਿੰਘ ਨੇ ਕਿਹਾ ਕਿ ਜਿਸ ਤਰ੍ਹਾਂ ਭਾਸ਼ਾ ਵਿਭਾਗ ਨੇ ਪੁਸਤਕਾਂ ਤੇ ਸ਼ਬਦ ਕੋਸ਼ਾਂ ਨੂੰ ਡਿਜੀਟਲ ਰੂਪ ਦੇ ਕੇ ਵਿਲੱਖਣ ਸ਼ੁਰੂਆਤ ਕੀਤੀ ਹੈ, ਹੋਰਨਾਂ ਸੰਸਥਾਵਾਂ ਨੂੰ ਵੀ ਸਾਇੰਸ ਤੇ ਇੰਜੀਨੀਅਰਿੰਗ ਵਰਗੇ ਵਿਸ਼ਿਆਂ ਦੇ ਪਾਠਕ੍ਰਮ ਨੂੰ ਪੰਜਾਬੀ ਭਾਸ਼ਾ 'ਚ ਡਿਜੀਟਲ ਰੂਪ 'ਚ ਤਿਆਰ ਕਰਨਾ ਚਾਹੀਦਾ ਹੈ। ਸਿਮਰਨਜੀਤ ਸਿੰਘ ਮੱਕੜ ਦਿੱਲੀ, ਡਾ. ਦਰਸ਼ਨ ਕੌਰ ਤੇ ਮਨਪ੍ਰੀਤ ਕੌਰ ਨੇ ਆਪਣੇ ਵਿਚਾਰ ਰੱਖੇ। ਮੰਚ ਸੰਚਾਲਨ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਅਖ਼ੀਰ ਵਿੱਚ ਭਾਸ਼ਾ ਵਿਭਾਗ ਵੱਲੋਂ ਡਾ. ਸੀ.ਪੀ. ਕੰਬੋਜ ਅਤੇ ਉਨ੍ਹਾਂ ਦੀ ਟੀਮ ਦਾ ਸ਼ਾਲਾਂ ਨਾਲ ਸਨਮਾਨ ਕੀਤਾ ਗਿਆ। ਇਸ ਸਮਾਗਮ ਦੀ ਸਫਲਤਾ ਲਈ ਵਿਭਾਗ ਦੇ ਸਹਾਇਕ ਨਿਰਦੇਸ਼ਕ ਆਲੋਕ ਚਾਵਲਾ ਤੇ ਅਮਰਿੰਦਰ ਸਿੰਘ ਤੇ ਹਰਪ੍ਰੀਤ ਸਿੰਘ ਨੇ ਭਰਵਾਂ ਯੋਗਦਾਨ ਪਾਇਆ।

# ਪੰਜਾਬੀ ਦੇ ਪ੍ਰਸਾਰ ਲਈ ਮਾਰੋ ਹੰਭਲੇ : ਜ਼ਫ਼ਰ

## 'ਪੰਜਾਬੀ ਕੰਪਿਊਟਰਕਾਰੀ ਤੇ ਮਸ਼ੀਨੀ ਬੁੱਧੀਮਾਨਤਾ' ਸਬੰਧੀ ਪਲੇਠੀ ਵਰਕਸ਼ਾਪ ਕਰਵਾਈ

**ਸੀਨੀਅਰ ਰਿਪੋਰਟਰ, ਪੰਜਾਬੀ ਜਾਗਰਣ• ਪਟਿਆਲਾ** : ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਸਾਰ ਤੇ ਵਿਕਾਸ ਲਈ ਨਵੀਂ ਸ਼ੁਰੂਆਤ ਕੀਤੀ ਗਈ। ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ 'ਚ ਅੱਜ 'ਪੰਜਾਬੀ ਕੰਪਿਊਟਰਕਾਰੀ ਅਤੇ ਮਸ਼ੀਨੀ ਬੁੱਧੀਮਾਨਤਾ' ਵਿਸ਼ੇ 'ਤੇ ਆਪਣੀ ਕਿਸਮ ਦੀ ਪਲੇਠੀ ਵਰਕਸ਼ਾਪ ਕਰਵਾਈ ਗਈ। ਜਿਸ ਦੌਰਾਨ ਉੱਘੇ ਕੰਪਿਊਟਰ ਮਾਹਿਰ ਤੇ ਪੰਜਾਬੀ ਭਾਸ਼ਾ ਦੇ ਕੰਪਿਊਟਰੀਕਰਨ ਲਈ ਲੰਬੇ ਅਰਸੇ ਤੋਂ ਕਾਰਜਸ਼ੀਲ ਡਾ. ਸੀਪੀ ਕੰਬੋਜ ਨੇ ਵੱਖ-ਵੱਖ ਤਕਨੀਕੀ ਨੁਕਤਿਆਂ ਬਾਰੇ ਅਭਿਆਸ ਰੂਪ 'ਚ ਜਾਣਕਾਰੀ ਸਾਂਝੀ ਕੀਤੀ।

ਉਨ੍ਹਾਂ ਦੀ ਟੀਮ 'ਚ ਸੁਰਿੰਦਰ ਸਿੰਘ, ਮਨਿੰਦਰ ਸਿੰਘ ਤੇ ਜੋਤੀ ਕੌਰ ਸ਼ਾਮਲ ਸਨ। ਇਸ ਵਰਕਸ਼ਾਪ 'ਚ ਭਾਸ਼ਾ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਤੋਂ ਇਲਾਵਾ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਯਤਨਸ਼ੀਲ ਹੋਰਨਾਂ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਹਿੱਸਾ ਲਿਆ। ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ



ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ, ਸਹਾਇਕ ਨਿਰਦੇਸ਼ਕ ਆਲੋਕ ਚਾਵਲਾ ਤੇ ਅਮਰਿੰਦਰ ਸਿੰਘ ਤੇ ਕੰਪਿਊਟਰ ਮਾਹਿਰ ਡਾ. ਸੀਪੀ ਕੰਬੋਜ 'ਪੰਜਾਬੀ ਕੰਪਿਊਟਰੀਕਰਨ ਤੇ ਮਸ਼ੀਨੀ ਬੁੱਧੀਮਾਨਤਾ' ਸਬੰਧੀ ਵਰਕਸ਼ਾਪ ' ਹਿੱਸਾ ਲੈਣ ਵਾਲੀਆਂ ਸ਼ਖ਼ਸੀਅਤਾਂ ਨਾਲ। ਪੰਜਾਬੀ ਜਾਗਰਣ

ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਨ ਦੌਰਾਨ ਵਰਕਸ਼ਾਪ ਦੀ ਰੂਪ-ਰੇਖਾ ਅਤੇ ਟੀਚਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਪੰਜਾਬੀ ਹਿਤੈਸ਼ੀਆਂ ਨੂੰ ਅਪੀਲ ਕੀਤੀ ਕਿ ਉਹ ਜੁਝਾਰੂ ਸਿਪਾਹੀਆਂ ਵਾਂਗ ਅਜੋਕੇ ਯੁੱਗ ਦੀ ਵੱਡੀ ਲੋੜ ਮਸ਼ੀਨੀ ਬੁੱਧੀਮਾਨਤਾ ਲਈ ਸਾਂਝੇ ਤੌਰ 'ਤੇ ਹੰਭਲੇ ਮਾਰਨ। ਡਾ. ਸੀ ਪੀ ਕੰਬੋਜ ਨੇ ਚਾਰ ਸੈਸ਼ਨਾਂ ਵਾਲੀ ਵਰਕਸ਼ਾਪ ਦੌਰਾਨ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਕੰਪਿਊਟਰ ਤੇ ਫੋਨ ਦੀ ਵਰਤੋਂ, ਪੰਜਾਬੀ ਫੌਂਟਸ ਤੇ ਭਾਸ਼ਾ ਨਾਲ ਸਬੰਧਤ ਸਾਫਟਵੇਅਰਜ਼ ਦੀ ਸਹੀ ਤੇ ਸੁਚੱਜੀ ਵਰਤੋਂ, ਪੰਜਾਬੀ ਸਾਹਿਤ ਤੇ ਭਾਸ਼ਾ ਨਾਲ ਸਬੰਧਤ ਹੋਰ ਸਮੱਗਰੀ ਦੀ ਡਿਜੀਟਲਾਈਜੇਸ਼ਨ ਬਾਰੇ ਵੱਖ-ਵੱਖ ਸੈਸ਼ਨਾਂ ਦੌਰਾਨ ਪ੍ਰੋਜੈਕਟਰ ਦੀ ਮੱਦਦ ਨਾਲ ਅਭਿਆਸ ਰੂਪ 'ਚ ਵੱਡਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਡਾ. ਕੰਬੋਜ ਨੇ ਕਿਹਾ ਕਿ ਭਾਸ਼ਾ ਵਿਭਾਗ ਨੇ ਇਸ ਵਰਕਸ਼ਾਪ ਰਾਹੀਂ ਬੜੀ ਵੱਡੀ ਸ਼ੁਰੂਆਤ ਕੀਤੀ ਹੈ। ਇਸ ਵਰਕਸ਼ਾਪ ਸਬੰਧੀ ਲਾਂਬੜਾ ਸੱਥ ਜਲੰਧਰ ਤੋਂ ਆਏ ਬਹਾਦਰ ਸਿੰਘ ਸੰਧੂ ਨੇ ਕਿਹਾ ਕਿ ਉਨ੍ਹਾਂ ਨੂੰ ਬੜੀ ਖ਼ੁਸ਼ੀ ਹੋਈ ਹੈ ਕਿ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਨੂੰ ਨਵੀਂ ਸੇਧ ਦੇਣ ਦਾ ਵੱਡਾ ਉੱਦਮ ਕੀਤਾ ਗਿਆ ਹੈ। ਖੋਜ ਅਫ਼ਸਰ ਸਤਪਾਲ ਸਿੰਘ ਨੇ ਕਿਹਾ ਕਿ ਇਸ ਖੇਤਰ 'ਚ ਬਹੁਤ ਸਾਰੇ ਕਾਰਜ ਕਰਨ ਲਈ ਸਾਨੂੰ ਰਲਕੇ ਹੰਭਲੇ ਮਾਰਨੇ ਚਾਹੀਦੇ ਹਨ। ਸਿਮਰਨਜੀਤ ਸਿੰਘ ਮੱਕੜ ਦਿੱਲੀ, ਡਾ. ਦਰਸ਼ਨ ਕੌਰ ਤੇ ਮਨਪ੍ਰੀਤ ਕੌਰ ਨੇ ਆਪਣੇ ਵਿਚਾਰ ਰੱਖੇ। ਮੰਚ ਸੰਚਾਲਨ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ।

## ਡੋਗਰੀ ਪੰਜਾਬੀ ਕੋਸ਼ ਲੋਕ ਅਰਪਣ

# ਆਖ਼ਿਰਕਾਰ 28 ਸਾਲ ਬਾਅਦ ਸੁਣੀ ਗਈ ਡੋਗਰੀ ਪੰਜਾਬੀ ਕੋਸ਼ ਦੀ

ਭਾਸ਼ਾ ਵਿਭਾਗ ਪੰਜਾਬ ਵੱਲੋਂ ਵੱਖ-ਵੱਖ ਭਾਸ਼ਾਵਾਂ ਦੇ ਪ੍ਰਚਾਰ ਪ੍ਰਸਾਰ ਲਈ ਕੀਤੇ ਜਾ ਰਹੇ ਨਵੇਂ ਉਪਰਾਲਿਆਂ ਤਹਿਤ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਵੱਲੋਂ 9 ਸਤੰਬਰ, 2024 ਨੂੰ ਵਿਭਾਗ ਦੀ ਨਵੀਂ ਕਿਰਤ 'ਡੋਗਰੀ ਪੰਜਾਬੀ ਕੋਸ਼' ਉੱਘੀ ਵਿਦਵਾਨ ਸ੍ਰੀਮਤੀ ਚੰਦਨ ਨੇਗੀ ਦੇ ਜਲੰਧਰ ਵਿਖੇ ਸਥਿਤ ਨਿਵਾਸ ਅਸਥਾਨ 'ਤੇ ਪਹੁੰਚ ਕੇ ਲੋਕ ਅਰਪਣ ਕੀਤਾ। ਉਹਨਾਂ ਇਸ ਦੀ ਪਹਿਲੀ ਕਾਪੀ ਸ੍ਰੀਮਤੀ ਨੇਗੀ ਨੂੰ ਭੇਂਟ ਕੀਤੀ ਅਤੇ ਉਹਨਾਂ ਦੀ ਇਸ ਮਿਹਨਤ ਭਰੇ ਕਾਰਜ ਲਈ ਪ੍ਰਸੰਸਾ ਕੀਤੀ ਤੇ ਇਸ ਦੀ ਤਿਆਰੀ ਵਿੱਚ ਹੋਈ ਅਸਾਧਾਰਨ ਦੇਰੀ ਲਈ ਖਿਮਾ ਜਾਚਨਾ ਕੀਤੀ। ਦੱਸਣਯੋਗ ਹੈ ਕਿ ਸੰਨ 2003 ਵਿੱਚ ਡੋਗਰੀ ਨੂੰ ਭਾਰਤ ਦੀਆਂ ਕੌਮੀ ਭਾਸ਼ਾਵਾਂ ਦੀ ਸੂਚੀ ਵਿੱਚ ਸ਼ਾਮਿਲ ਕੀਤਾ ਗਿਆ। ਇਸ ਤੋਂ ਪਹਿਲਾਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਸ੍ਰੀਮਤੀ ਚੰਦਨ ਨੇਗੀ ਤੋਂ ਡੋਗਰੀ ਪੰਜਾਬੀ ਸ਼ਬਦ ਕੋਸ਼ ਤਿਆਰ ਕਰਵਾਇਆ ਗਿਆ ਸੀ। ਪਰੰਤੂ ਇਸ ਸ਼ਬਦਕੋਸ਼ ਦਾ ਖਰੜਾ ਪਿਛਲੇ 28 ਸਾਲ ਤੋਂ ਆਪਣੀ ਛਪਾਈ ਦੀ ਉਡੀਕ ਕਰ ਰਿਹਾ ਸੀ। ਹਾਲ ਹੀ ਵਿੱਚ ਇਹ ਸ਼ਬਦ ਕੋਸ਼ ਪ੍ਰਕਾਸ਼ਿਤ ਹੋਇਆ ਹੈ।

ਇਸ ਖੁਸ਼ੀ ਭਰੇ ਮੌਕੇ 'ਤੇ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਬੋਲੀਆਂ ਦੇ ਵਿਕਾਸ ਲਈ ਇਹਨਾਂ ਦੇ ਆਪਣੀ ਗੁਆਂਢ ਦੀਆਂ ਬੋਲੀਆਂ ਨਾਲ ਸਾਂਝ ਸਹਿਯੋਗ ਬਹੁਤ ਮਹੱਤਵਪੂਰਨ ਹੁੰਦਾ ਹੈ। ਪੰਜਾਬੀ ਅਤੇ ਡੋਗਰੀ ਦੀਆਂ ਜਿੱਥੇ ਆਪੋ ਆਪਣੀਆਂ ਵਿਸ਼ੇਸ਼ਤਾਈਆਂ ਹਨ ਉਥੇ ਦੋਹਾਂ ਵਿੱਚ ਬਹੁਤ ਮਹੱਤਵਪੂਰਨ ਸਾਂਝਾ ਹਨ। ਦੋਵਾਂ ਦੀ ਬਹੁਤ ਸਾਰੀ ਸ਼ਬਦਾਵਲੀ ਅਤੇ ਵਿਆਕਰਣ



ਮਿਲਦੀ ਹੈ। ਇਸ ਕੋਸ਼ ਵਿੱਚ ਉਹ ਸ਼ਬਦ ਹੀ ਸ਼ਾਮਿਲ ਕੀਤੇ ਗਏ ਹਨ ਜੋ ਠੇਠ ਡੋਗਰੀ ਦੇ ਅਤੇ ਦੋਨਾਂ ਭਾਸ਼ਾਵਾਂ ਵਿੱਚ ਵੱਖਰੇ-ਵੱਖਰੇ ਹਨ। ਕਦੀ ਪੰਜਾਬੀ ਦੀ ਹੀ ਉਪਭਾਖਾ ਮੰਨੀ ਜਾਂਦੀ ਡੋਗਰੀ ਹੁਣ ਸੁਤੰਤਰ ਭਾਸ਼ਾ ਦਾ ਦਰਜਾ ਹਾਸਲ ਕਰ ਚੁੱਕੀ ਹੈ। ਇਹ ਕੋਸ਼ ਨੂੰ ਵਿਭਾਗ ਦੀ ਵੈਬਸਾਈਟ 'ਤੇ ਇੰਟਰਨੈਟ ਰਾਹੀਂ ਵੀ ਉਪਲਬਧ ਕਰਾ ਦਿੱਤਾ ਗਿਆ ਹੈ।

ਵਿਸ਼ੇਸ਼ ਗੱਲ ਇਹ ਹੈ ਕਿ ਭਾਸ਼ਾ ਵਿਭਾਗ, ਪੰਜਾਬ ਨੇ ਪੰਜਾਬੀ ਕੋਸ਼ਕਾਰੀ ਦਾ ਮੁੱਢਲਾ ਤੇ ਬੁਨਿਆਦੀ ਕਾਰਜ ਕੀਤਾ ਹੈ। ਵਿਭਾਗ ਨੇ ਪੰਜਾਬੀ ਕੋਸ਼ ਤਿਆਰ ਕਰਨ ਦਾ ਮਹੱਤਵਪੂਰਣ ਕਾਰਜ ਕੀਤਾ। ਵਿਭਾਗ ਵੱਲੋਂ ਪਹਿਲਾਂ ਛਪੇ ਕੋਸ਼ਾਂ ਦੀ ਸੋਧ-ਸੁਧਾਈ ਕਰਨ ਦੇ ਨਾਲ-ਨਾਲ ਨਵੇਂ ਕੋਸ਼ਾਂ ਦੀ ਸਿਰਜਣਾ ਦਾ ਕਾਰਜ ਵੀ ਚਲਦਾ ਰਹਿੰਦਾ ਹੈ। ਡੋਗਰੀ ਦਾ ਪੰਜਾਬੀ ਨਾਲ ਗਹਿਰਾ ਸਬੰਧ ਹੋਣ ਕਰਕੇ ਡੋਗਰੀ-ਪੰਜਾਬੀ ਕੋਸ਼ ਦੀ ਬਹੁਤ ਲੋੜ ਮਹਿਸੂਸ ਹੋ ਰਹੀ ਸੀ। ਇਹ ਕੋਸ਼ ਹਿਮਾਚਲ ਪ੍ਰਦੇਸ਼, ਪੰਜਾਬ ਅਤੇ ਜੰਮੂ ਕਸ਼ਮੀਰ ਵਿੱਚ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਅਹਿਮ ਭੂਮਿਕਾ ਨਿਭਾਵੇਗਾ। ਉਪ-ਭਾਸ਼ਾਈ ਖੋਜਾਰਥੀਆਂ ਅਤੇ ਅਨੁਵਾਦਕਾਂ ਲਈ ਵੀ ਇਹ ਕੋਸ਼ ਸਹਾਈ ਸਿੱਧ ਹੋਵੇਗਾ। ਡੋਗਰੀ ਭਾਸ਼ਾ ਦੀ ਲਿਪੀ ਦੇਵਨਾਗਰੀ ਹੈ। ਇਸ ਲਈ ਇਸਦਾ ਕ੍ਰਮ ਦੇਵਨਾਗਰੀ ਲਿਪੀ ਵਾਲਾ ਰੱਖਿਆ ਗਿਆ ਹੈ। ਇਸ ਦੀ ਤਰਤੀਬ ਵਿੱਚ ਪਹਿਲਾਂ ਡੋਗਰੀ ਸ਼ਬਦ ਦੇਵਨਾਗਰੀ ਰੂਪ ਵਿੱਚ, ਫਿਰ ਪੰਜਾਬੀ ਉਚਾਰਣ ਗੁਰਮੁਖੀ ਲਿਪੀ ਵਿੱਚ, ਫਿਰ ਵਿਆਕਰਣ ਅਤੇ ਅਰਥ ਦਿੱਤੇ ਗਏ ਹਨ।

ਇਸ ਮੌਕੇ ਸ੍ਰੀਮਤੀ ਚੰਦਨ ਨੇਗੀ ਦੇ ਪਰਿਵਾਰ ਤੋਂ ਡਾ. ਉਪਿੰਦਰ ਸਿੰਘ ਘਈ, ਡਾ. ਅਰਵਿੰਦਰ ਕੌਰ ਘਈ, ਡਾ. ਹਰਮਨਪ੍ਰੀਤ ਭੁਟਾਨੀ, ਡਾ. ਸੰਗਲੀ ਘਈ ਮੌਜੂਦ ਸਨ। ਭਾਸ਼ਾ ਵਿਭਾਗ ਵੱਲੋਂ ਸ਼ਬਦ ਕੋਸ਼ ਵਿੰਗ ਦੇ ਇੰਚਾਰਜ ਅਤੇ ਸਹਾਇਕ ਡਾਇਰੈਕਟਰ ਸ੍ਰੀ ਆਲੋਕ ਚਾਵਲਾ, ਖੋਜ ਅਫ਼ਸਰ ਸਤਪਾਲ ਸਿੰਘ ਚਹਿਲ, ਜ਼ਿਲ੍ਹਾ ਭਾਸ਼ਾ ਅਫ਼ਸਰ ਨਵਨੀਤ ਰਾਏ, ਇੰਸਟਰਕਟਰ ਰਜਵੰਤ ਕੌਰ ਅਤੇ ਗਗਨਦੀਪ ਸਿੰਘ ਹਾਜ਼ਰ ਸਨ।





# ਭਾਸ਼ਾ ਵਿਭਾਗ ਵੱਲੋਂ ਡੋਗਰੀ ਪੰਜਾਬੀ ਕੋਸ਼ ਲੋਕ ਅਰਪਣ

**ਸੀਨੀਅਰ ਰਿਪੋਰਟਰ, ਪੰਜਾਬੀ ਜਾਗਰਣ● ਪਟਿਆਲਾ :** ਭਾਸ਼ਾ ਵਿਭਾਗ ਪੰਜਾਬ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਵੱਲੋਂ ਵਿਭਾਗ ਦੀ ਨਵੀ ਕ੍ਰਿਤ ਡੋਗਰੀ ਪੰਜਾਬੀ ਕੋਸ਼ ਉੱਘੀ ਵਿਦਵਾਨ ਚੰਦਨ ਨੇਗੀ ਦੇ ਜਲੰਧਰ ਵਿਖੇ ਨਿਵਾਸ ਅਸਥਾਨ 'ਤੇ ਪਹੁੰਚ ਕੇ ਲੋਕ ਅਰਪਨ ਕੀਤਾ। ਉਨ੍ਹਾਂ ਇਸ ਦੀ ਪਹਿਲੀ ਕਾਪੀ ਚੰਦਨ ਨੇਗੀ ਨੂੰ ਭੇਟ ਕੀਤੀ ਤੇ ਉਨ੍ਹਾਂ ਦੀ ਇਸ ਮਿਹਨਤ ਭਰੇ ਕਾਰਜ ਲਈ ਪ੍ਰਸ਼ੰਸਾ ਕੀਤੀ ਤੇ ਇਸ ਦੀ ਤਿਆਰੀ ਵਿਚ ਹੋਈ ਅਸਾਧਾਰਨ ਦੇਰੀ ਲਈ ਖਿਮਾ ਜਾਚਨਾ ਕੀਤੀ। ਦੱਸਣਯੋਗ ਹੈ ਕਿ ਸੰਨ 2003 ਵਿਚ ਡੋਗਰੀ ਨੂੰ ਭਾਰਤ ਦੀਆ ਕੌਮੀ ਭਾਸ਼ਾਵਾ ਦੀ ਸੂਚੀ ਵਿਚ ਸ਼ਾਮਲ ਕੀਤਾ ਗਿਆ। ਇਸ ਤੋਂ ਪਹਿਲਾਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਸ੍ਰੀਮਤੀ ਚੰਦਨ ਨੇਗੀ ਤੋਂ ਡੋਗਰੀ ਪੰਜਾਬੀ ਸ਼ਬਦ ਕੋਸ਼ ਤਿਆਰ ਕਰਵਾਇਆ ਗਿਆ ਸੀ। ਪਰੰਤੂ ਇਸ ਸ਼ਬਦਕੋਸ਼ ਦਾ ਖਰੜਾ ਪਿਛਲੇ 28 ਸਾਲ ਤੋਂ ਆਪਣੀ ਛਪਾਈ ਦੀ ਉਡੀਕ ਕਰ ਰਿਹਾ ਸੀ। ਹਾਲ ਹੀ ਵਿਚ ਇਹ ਸ਼ਬਦਕੋਸ਼ ਪ੍ਰਕਾਸ਼ਿਤ ਹੋਇਆ ਹੈ। ਇਸ ਖੁਸ਼ੀ ਭਰੇ ਮੌਕੇ 'ਤੇ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਬੋਲੀਆਂ ਦੇ ਵਿਕਾਸ ਲਈ ਇਨ੍ਹਾਂ ਦੇ ਆਪਣੀ ਗੁਆਂਢ ਦੀਆ ਬੋਲੀਆਂ ਨਾਲ ਸਾਂਝ ਸਹਿਯੋਗ ਬਹੁਤ ਮਹੱਤਵਪੂਰਨ ਹੁੰਦਾ ਹੈ। ਪੰਜਾਬੀ ਤੇ ਡੋਗਰੀ ਦੀਆ ਜਿਥੇ ਆਪੋ ਆਪਣੀਆ ਵਿਸ਼ੇਸ਼ਤਾਈਆ ਹਨ ਉਥੇ ਦੋਹਾਂ ਵਿੱਚ ਬਹੁਤ ਮਹੱਤਵਪੂਰਨ ਸਾਂਝਾ ਹਨ। ਦੋਵਾਂ ਦੀ ਬਹੁਤ ਸਾਰੀ ਸ਼ਬਦਾਵਲੀ ਤੇ ਵਿਆਕਰਣ ਮਿਲਦੀ ਹੈ। ਇਸ ਕੋਸ਼ ਵਿੱਚ ਉਹ ਸ਼ਬਦ ਹੀ ਸ਼ਾਮਿਲ ਕੀਤੇ ਗਏ ਹਨ ਜੋ ਠੇਠ ਡੋਗਰੀ ਦੇ ਅਤੇ ਦੋਨਾਂ ਭਾਸ਼ਾਵਾਂ ਵਿੱਚ ਵੱਖਰੇ ਵੱਖਰੇ ਹਨ। ਕਦੀ ਪੰਜਾਬੀ ਦੀ ਹੀ ਉਪਭਾਖਾ ਮੰਨੀ ਜਾਂਦੀ ਡੋਗਰੀ ਹੁਣ ਸੁਤੰਤਰ ਭਾਸ਼ਾ ਦਾ ਦਰਜਾ ਹਾਸਲ ਕਰ ਚੁੱਕੀ ਹੈ। ਉਹਨਾਂ ਕਿਹਾ ਕਿ ਇਸ ਕੋਸ਼ ਨੂੰ ਅਗਲੇ ਕੁਝ ਦਿਨਾਂ ਅੰਦਰ ਵਿਭਾਗ ਦੀ ਵੈਬਸਾਈਟ 'ਤੇ ਇੰਟਰਨੈੱਟ ਰਾਹੀ ਵੀ ਉਪਲਬਧ ਕਰਾ ਦਿੱਤਾ ਜਾਵੇਗਾ।



**ਭਾਸ਼ਾ ਵਿਭਾਗ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਅਤੇ ਚੰਦਨ ਨੇਗੀ ਵਿਭਾਗ ਵੱਲੋਂ ਤਿਆਰ ਕੀਤਾ ਡੋਗਰੀ ਪੰਜਾਬੀ ਕੋਸ਼ ਲੋਕ ਅਰਪਨ ਕਰਦੇ ਹੋਏ। ਨਾਲ ਹਨ ਸਹਾਇਕ ਨਿਰਦੇਸ਼ਕ ਆਲੋਕ ਚਾਵਲਾ, ਡਾ. ਉਪਿੰਦਰ ਸਿੰਘ ਘਈ ਤੇ ਖੋਜ ਅਫ਼ਸਰ ਸਤਪਾਲ ਸਿੰਘ ਚਹਿਲ। ਪੰਜਾਬੀ ਜਾਗਰਣ**

ਵਿਸ਼ੇਸ਼ ਗੱਲ ਇਹ ਹੈ ਕਿ ਭਾਸ਼ਾ ਵਿਭਾਗ, ਪੰਜਾਬ ਨੇ ਪੰਜਾਬੀ ਕੋਸ਼ਕਾਰੀ ਦਾ ਮੁੱਢਲਾ ਤੇ ਬੁਨਿਆਦੀ ਕਾਰਜ ਕੀਤਾ ਹੈ। ਵਿਭਾਗ ਨੇ ਪੰਜਾਬੀ ਕੋਸ਼ ਤਿਆਰ ਕਰਨ ਦਾ ਮਹੱਤਵਪੂਰਣ ਕਾਰਜ ਕੀਤਾ। ਵਿਭਾਗ ਵੱਲੋਂ ਪਹਿਲਾਂ ਛਪੇ ਕੋਸ਼ਾਂ ਦੀ ਸੋਧ-ਸੁਧਾਈ ਕਰਨ ਦੇ ਨਾਲ-ਨਾਲ ਨਵੇ ਕੋਸ਼ਾਂ ਦੀ ਸਿਰਜਣਾ ਦਾ ਕਾਰਜ ਵੀ ਚੱਲਦਾ ਰਹਿੰਦਾ ਹੈ। ਡੋਗਰੀ ਦਾ ਪੰਜਾਬੀ ਨਾਲ ਗਹਿਰਾ ਸਬੰਧ ਹੋਣ ਕਰਕੇ ਡੋਗਰੀ-ਪੰਜਾਬੀ ਕੋਸ਼ ਦੀ ਬਹੁਤ ਲੋੜ ਮਹਿਸੂਸ ਹੋ ਰਹੀ ਸੀ। ਇਹ ਕੋਸ਼ ਹਿਮਾਚਲ ਪ੍ਰਦੇਸ਼, ਪੰਜਾਬ ਅਤੇ ਜੰਮੂ ਕਸ਼ਮੀਰ ਵਿੱਚ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਅਹਿਮ ਭੂਮਿਕਾ ਨਿਭਾਵੇਗਾ। ਉਪ-ਭਾਸ਼ਾਈ ਖੋਜਾਰਥੀਆਂ ਅਤੇ ਅਨੁਵਾਦਕਾਂ ਲਈ ਵੀ ਇਹ ਕੋਸ਼ ਸਹਾਈ ਸਿੱਧ ਹੋਵੇਗਾ। ਡੋਗਰੀ ਭਾਸ਼ਾ ਦੀ ਲਿਪੀ ਦੇਵਨਾਗਰੀ ਹੈ। ਇਸ ਲਈ ਇਸਦਾ ਕ੍ਰਮ ਦੇਵਨਾਗਰੀ ਲਿਪੀ ਵਾਲਾ ਰੱਖਿਆ ਗਿਆ ਹੈ। ਇਸ ਦੀ ਤਰਤੀਬ ਵਿੱਚ ਪਹਿਲਾਂ ਡੋਗਰੀ ਸ਼ਬਦ ਦੇਵਨਾਗਰੀ ਰੂਪ ਵਿੱਚ, ਫਿਰ ਪੰਜਾਬੀ ਉਚਾਰਣ ਗੁਰਮੁਖੀ ਲਿਪੀ ਵਿੱਚ, ਫਿਰ ਵਿਆਕਰਣ ਅਤੇ ਅਰਥ ਦਿੱਤੇ ਗਏ ਹਨ।ਇਸ ਮੌਕੇ ਚੰਦਨ ਨੇਗੀ ਦੇ ਪਰਿਵਾਰ ਤੋਂ ਡਾ. ਉਪਿੰਦਰ ਸਿੰਘ ਘਈ, ਡਾ. ਅਰਵਿੰਦਰ ਕੌਰ ਘਈ, ਡਾ. ਹਰਮਨਪ੍ਰੀਤ ਭੁਟਾਨੀ, ਡਾ. ਸੰਗਲੀ ਘਈ ਮੌਜੂਦ ਸਨ। ਭਾਸ਼ਾ ਵਿਭਾਗ ਵੱਲੋਂ ਸ਼ਬਦ ਕੋਸ਼ ਵਿੰਗ ਦੇ ਇੰਚਾਰਜ ਅਤੇ ਸਹਾਇਕ ਡਾਇਰੈਕਟਰ ਸ੍ਰੀ ਆਲੋਕ ਚਾਵਲਾ, ਖੋਜ ਅਫ਼ਸਰ ਡਾ. ਸਤਪਾਲ ਸਿੰਘ ਚਹਿਲ, ਜ਼ਿਲ੍ਹਾ ਭਾਸ਼ਾ ਅਫ਼ਸਰ ਸ੍ਰੀਮਤੀ ਨਵਨੀਤ ਰਾਏ, ਇੰਸਟਰਕਟਰ ਰਜਵੰਤ ਕੌਰ ਅਤੇ ਗਗਨਦੀਪ ਸਿੰਘ ਹਾਜ਼ਰ ਸਨ।

# ਭਾਸ਼ਾ ਵਿਭਾਗ ਪੰਜਾਬ ਵੱਲੋਂ 'ਡੋਗਰੀ ਪੰਜਾਬੀ ਕੋਸ਼' ਲੋਕ ਅਰਪਨ

## 28 ਸਾਲਾਂ ਤੋਂ ਆਪਣੀ ਛਪਾਈ ਦੀ ਉਡੀਕ ਕਰ ਰਿਹਾ ਸੀ ਸ਼ਬਦਕੋਸ਼ ਦਾ ਖਰੜਾ

ਪਟਿਆਲਾ, 9 ਸਤੰਬਰ (ਰਾਜੇਸ਼ ਪੰਜੋਲਾ, ਰਾਣਾ)- ਭਾਸ਼ਾ ਵਿਭਾਗ ਪੰਜਾਬ ਵੱਲੋਂ ਵੱਖ-ਵੱਖ ਭਾਸ਼ਾਵਾਂ ਦੇ ਪ੍ਰਚਾਰ-ਪ੍ਰਸਾਰ ਲਈ ਕੀਤੇ ਜਾ ਰਹੇ ਨਵੇਂ ਉਪਰਾਲਿਆਂ ਤਹਿਤ ਵਿਭਾਗ ਦੇ ਨਵ-ਨਿਯੁਕਤ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਵੱਲੋਂ ਵਿਭਾਗ ਦੀ ਨਵੀਂ ਕ੍ਰਿਤ ਡੋਗਰੀ ਪੰਜਾਬੀ



ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਅਤੇ ਚੰਦਨ ਨੇਗੀ ਵਿਭਾਗ ਵੱਲੋਂ ਤਿਆਰ 'ਡੋਗਰੀ ਪੰਜਾਬੀ ਕੋਸ਼' ਲੋਕ ਅਰਪਨ ਕਰਦੇ ਹੋਏ। ਨਾਲ ਸਹਾਇਕ ਨਿਰਦੇਸ਼ਕ ਆਲੋਕ ਚਾਵਲਾ, ਡਾ. ਉਪਿੰਦਰ ਸਿੰਘ ਘਈ ਤੇ ਖੋਜ ਅਫ਼ਸਰ ਸਤਪਾਲ ਸਿੰਘ ਚਹਿਲ। (ਸੁੰਦਰ)

ਸ਼੍ਰੀਮਤੀ ਚੰਦਨ ਨੇਗੀ ਤੋਂ ਡੋਗਰੀ ਪੰਜਾਬੀ ਸ਼ਬਦ ਕੋਸ਼ ਤਿਆਰ ਕਰਵਾਇਆ ਗਿਆ ਸੀ ਪਰ ਇਸ ਸ਼ਬਦਕੋਸ਼ ਦਾ ਖਰੜਾ ਪਿਛਲੇ 28 ਸਾਲ ਤੋਂ ਆਪਣੀ ਛਪਾਈ ਦੀ ਉਡੀਕ ਕਰ ਰਿਹਾ ਸੀ। ਹਾਲ ਹੀ 'ਚ ਇਹ ਸ਼ਬਦਕੋਸ਼ ਪ੍ਰਕਾਸ਼ਿਤ ਹੋਇਆ ਹੈ।

ਇਸ ਖੁਸ਼ੀ ਭਰੇ ਮੌਕੇ 'ਤੇ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਬੋਲੀਆਂ ਦੇ ਵਿਕਾਸ ਲਈ ਇਨ੍ਹਾਂ ਦੇ ਆਪਣੀ ਗੁਆਂਢ ਦੀਆਂ ਬੋਲੀਆਂ ਨਾਲ ਸਾਂਝ ਸਹਿਯੋਗ ਬਹੁਤ ਮਹੱਤਵਪੂਰਨ ਹੁੰਦਾ ਹੈ। ਪੰਜਾਬੀ ਅਤੇ ਡੋਗਰੀ ਦੀਆਂ ਜਿਥੇ ਆਪੋ-ਆਪਣੀਆਂ ਵਿਸ਼ੇਸ਼ਤਾਈਆਂ ਹਨ, ਉੱਥੇ ਦੋਨਾਂ 'ਚ ਬਹੁਤ

ਸ਼ਾਮਿਲ ਕੀਤੇ ਗਏ ... ਦੇ ਅਤੇ ਦੋਨਾਂ ਭਾਸ਼ਾ... ਹਨ। ਇਹ ਕੋਸ਼ ਹਿ... ਅਤੇ ਜੰਮੂ-ਕਸ਼ਮੀਰ ... ਵਿਕਾਸ ਲਈ ਅਹਿ...

ਇਸ ਮੌਕੇ ਚੰਦ... ਤੋਂ ਡਾ. ਉਪਿੰਦਰ ... ਅਰਵਿੰਦਰ ਕੌਰ ਘ... ਭੂਟਾਨੀ, ਡਾ. ਸੰਗ... ਭਾਸ਼ਾ ਵਿਭਾਗ ਦੇ ...

(ਬਾਕੀ ਸਫ਼ਾ 8 'ਤੇ)

# ਚੰਦਨ ਨੇਗੀ ਦੁਆਰਾ ਲਿਖਤ 'ਡੋਗਰੀ ਪੰਜਾਬੀ ਸ਼ਬਦਕੋਸ਼' ਲੋਕ ਅਰਪਣ

ਜਲੰਧਰ, 9 ਸਤੰਬਰ (ਹਰਵਿੰਦਰ ਸਿੰਘ ਫੁੱਲ)-ਭਾਸ਼ਾ ਵਿਭਾਗ ਪੰਜਾਬ ਵਲੋਂ ਸ੍ਰੀਮਤੀ ਚੰਦਨ ਨੇਕੀ ਤੋਂ ਡੋਗਰੀ ਪੰਜਾਬੀ ਸ਼ਬਦ ਕੋਸ਼ ਤਿਆਰ ਕਰਵਾਇਆ ਗਿਆ ਸੀ ਪਰ ਇਸ ਸ਼ਬਦਕੋਸ਼ ਦਾ ਖਰੜਾ ਪਿਛਲੇ 28 ਸਾਲ ਤੋਂ

## ਹਿਮਾਚਲ ਪ੍ਰਦੇਸ਼, ਪੰਜਾਬ ਤੇ ਜੰਮੂ ਕਸ਼ਮੀਰ 'ਚ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਅਹਿਮ ਭੂਮਿਕਾ ਨਿਭਾਏਗਾ ਇਹ ਕੋਸ਼-ਜਸਵੰਤ ਸਿੰਘ ਜ਼ਫਰ

ਆਪਣੀ ਛਪਾਈ ਦੀ ਉਡੀਕ ਰਿਹਾ ਸੀ ਜੋ ਕਿ ਹਾਲ ਹੀ 'ਚ ਪ੍ਰਕਾਸ਼ਿਤ ਹੋਇਆ ਹੈ। ਜਿਸ ਨੂੰ ਵਿਭਾਗ ਦੇ ਨਵ-ਨਿਯੁਕਤ ਡਾਇਰੈਕਟਰ ਜਸਵੰਤ ਸਿੰਘ ਜ਼ਫਰ ਵਲੋਂ ਇਹ ਡੋਗਰੀ ਪੰਜਾਬੀ ਕੋਸ਼ ਸ੍ਰੀਮਤੀ ਚੰਦਨ ਨੇਗੀ ਦੇ ਨਿਵਾਸ ਅਸਥਾਨ ਜਲੰਧਰ ਵਿਖੇ ਪਹੁੰਚ ਕੇ ਲੋਕ ਅਰਪਣ ਕੀਤਾ ਗਿਆ। ਜਿਸ ਦੀ ਪਹਿਲੀ ਕਾਪੀ ਸ੍ਰੀਮਤੀ ਨੇਗੀ ਨੂੰ ਭੇਟ ਕੀਤੀ ਅਤੇ ਉਨ੍ਹਾਂ ਦੀ ਇਸ ਮਿਹਨਤ ਭਰੇ ਕਾਰਜ ਲਈ ਪ੍ਰਸੰਸਾ ਕਰਦੇ ਹੋਏ ਇਸ ਦੀ ਤਿਆਰੀ 'ਚ ਹੋਈ ਅਸਾਧਾਰਨ ਦੇਰੀ ਲਈ ਖਿਮਾ ਜਾਚਨਾ ਕੀਤੀ। ਜਸਵੰਤ ਸਿੰਘ ਜ਼ਫਰ ਨੇ ਕਿਹਾ ਕਿ ਡੋਗਰੀ ਦਾ



ਸ੍ਰੀਮਤੀ ਚੰਦਨ ਨੇਗੀ ਨੂੰ ਸਨਮਾਨਿਤ ਕੀਤੇ ਜਾਣ ਸਮੇਂ ਡਾ. ਉਪਿੰਦਰ ਸਿੰਘ ਘਈ ਤੇ ਹੋਰ ਪਰਿਵਾਰ ਮੈਂਬਰ ਦੇ ਨਾਲ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫਰ ਨਾਲ। ਤਸਵੀਰ : ਮੁਨੀਸ਼

ਪੰਜਾਬੀ ਨਾਲ ਗਹਿਰਾ ਸੰਬੰਧ ਹੋਣ ਕਰਕੇ ਡੋਗਰੀ-ਪੰਜਾਬੀ ਕੋਸ਼ ਦੀ ਬਹੁਤ ਲੋੜ ਮਹਿਸੂਸ ਹੋ ਰਹੀ ਸੀ। ਇਹ ਕੋਸ਼ ਹਿਮਾਚਲ ਪ੍ਰਦੇਸ਼, ਪੰਜਾਬ ਅਤੇ ਜੰਮੂ ਕਸ਼ਮੀਰ 'ਚ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਅਹਿਮ ਭੂਮਿਕਾ ਨਿਭਾਵੇਗਾ। ਇਸ ਮੌਕੇ ਸ੍ਰੀਮਤੀ ਨੇਗੀ ਦੇ ਪਰਿਵਾਰਕ ਮੈਂਬਰ ਡਾ. ਉਪਿੰਦਰ ਸਿੰਘ ਘਈ, ਅਰਵਿੰਦਰ ਕੌਰ ਘਈ, ਡਾ. ਹਰਮਨਪ੍ਰੀਤ ਭੂਟਾਨੀ, ਡਾ. ਸੰਦਲੀ ਘਈ ਭੂਟਾਨੀ ਤੋਂ ਇਲਾਵਾ ਵਿਭਾਗ ਦੇ ਸਹਾਇਕ ਡਾਇਰੈਕਟਰ ਆਲੋਕ ਚਾਵਲਾ, ਖੋਜ ਅਫ਼ਸਰ ਡਾ. ਸਤਪਾਲ ਸਿੰਘ ਚਾਹਲ, ਜ਼ਿਲਾ ਭਾਸ਼ਾ ਅਫਸਰ ਸ੍ਰੀਮਤੀ ਨਵਨੀਤ ਰਾਏ, ਇੰਸਟਰਕਟਰ ਰਜਵੰਤ ਕੌਰ ਅਤੇ ਗਗਨਦੀਪ ਸਿੰਘ ਹਾਜ਼ਰ ਸਨ।

# ਨੇਗੀ ਦਾ ਡੋਗਰੀ-ਪੰਜਾਬੀ ਕੋਸ਼ ਜ਼ਫ਼ਰ ਨੇ ਕੀਤਾ ਲੋਕ ਅਰਪਣ

**ਪੱਤਰ ਪ੍ਰੇਰਕ, ਪੰਜਾਬੀ ਜਾਗਰਣ**

**ਜਲੰਧਰ** : ਸੰਨ 2003 'ਚ ਡੋਗਰੀ ਨੂੰ ਭਾਰਤ ਦੀਆਂ ਕੌਮੀ ਭਾਸ਼ਾਵਾਂ ਦੀ ਸੂਚੀ 'ਚ ਸ਼ਾਮਲ ਕੀਤਾ ਗਿਆ। ਇਸ ਤੋਂ ਪਹਿਲਾਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਚੰਦਨ ਨੇਕੀ ਤੋਂ ਡੋਗਰੀ ਪੰਜਾਬੀ ਸ਼ਬਦ ਕੋਸ਼ ਤਿਆਰ ਕਰਵਾਇਆ ਗਿਆ ਸੀ ਪਰੰਤੂ ਇਸ ਸ਼ਬਦਕੋਸ਼ ਦਾ ਖਰੜਾ ਪਿਛਲੇ 28 ਸਾਲ ਤੋਂ ਆਪਣੀ ਛਪਾਈ ਦੀ ਉਡੀਕ ਰਿਹਾ ਸੀ। ਹਾਲ ਹੀ 'ਚ ਇਹ ਸ਼ਬਦਕੋਸ਼ ਪ੍ਰਕਾਸ਼ਿਤ ਹੋਇਆ ਹੈ। ਭਾਸ਼ਾ ਵਿਭਾਗ ਦੇ ਨਵ ਨਿਯੁਕਤ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਵੱਲੋਂ ਇਹ ਡੋਗਰੀ ਪੰਜਾਬੀ ਕੋਸ਼ ਚੰਦਨ ਨੇਗੀ ਦੇ ਜਲੰਧਰ ਵਿਖੇ ... ਕੀਤਾ ਹੈ। ਭਾਸ਼ਾ ਵਿਭਾਗ, ਪੰਜਾਬ ਨੇ ਪੰਜਾਬੀ ਕੋਸ਼ ਤਿਆਰ ਕਰਨ ਦਾ ਮਹੱਤਵਪੂਰਣ ਕਾਰਜ ਕੀਤਾ।

ਕਾਬਿਲੇ ਜ਼ਿਕਰ ਹੈ ਕਿ ਡੋਗਰੀ ਬੋਲੀ ਦਾ ਪੰਜਾਬੀ ਨਾਲ ਗਹਿਰਾ ਸਬੰਧ ਹੋਣ ਕਰਕੇ ਡੋਗਰੀ-ਪੰਜਾਬੀ ਕੋਸ਼ ਦੀ ਬਹੁਤ ਲੋੜ ਮਹਿਸੂਸ ਹੋ ਰਹੀ ਸੀ। ਇਹ ਕੋਸ਼ ਹਿਮਾਚਲ ਪ੍ਰਦੇਸ਼, ਪੰਜਾਬ ਤੇ ਜੰਮੂ ਕਸ਼ਮੀਰ 'ਚ ਪੰਜਾਬੀ, ਪੰਜਾਬ ਤੇ ਜੰਮੂ ਕਸ਼ਮੀਰ 'ਚ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਅਹਿਮ ਭੂਮਿਕਾ ਨਿਭਾਵੇਗਾ। ਉਪ-ਭਾਸ਼ਾਈ ਖੋਜਾਰਥੀਆਂ ਤੇ ਅਨੁਵਾਦਕਾਂ ਲਈ ਵੀ ਇਹ ਕੋਸ਼ ਸਹਾਈ ਸਿੱਧ ਹੋਵੇਗਾ। ਡੋਗਰੀ ਭਾਸ਼ਾ ਦੀ ਲਿਪੀ ਦੇਵਨਾਗਰੀ ਹੈ।

# भाषा विभाग ने किया डोगरी पंजाबी शब्दकोश का लोकार्पण

**जागरण संवाददाता, पटियाला** : भाषा विभाग पंजाब द्वारा विभिन्न भाषाओं के प्रचार-प्रसार के लिए किए जा रहे नये प्रयासों के तहत विभाग के निदेशक. जसवन्त सिंह जफर ने विभाग का नव निर्मित डोगरी पंजाबी शब्दकोश प्रख्यात विदुषी चंदन नेगी को भेंट किया। ज्ञात हो कि 2003 में डोगरी को भारत की राष्ट्रीय भाषाओं की सूची में शामिल किया गया था। इससे पूर्व पंजाब भाषा विभाग की चंदन नेगी द्वारा डोगरी पंजाबी शब्दावली शब्दकोष तैयार किया गया था। मगर इस शब्दकोश का प्रारूप पिछले 28 वर्षों से अपने प्रकाशन की प्रतीक्षा कर रहा था। हाल ही में यह शब्दकोश प्रकाशित हुआ है। इस मौके पर. जसवन्त सिंह जफर ने कहा कि बोलियों के विकास के लिए अपने पड़ोस की बोलियों के साथ आपसी सहयोग बहुत जरूरी है। हालांकि पंजाबी और डोगरी की अपनी-अपनी विशेषताएं हैं, लेकिन इन दोनों में बहुत महत्वपूर्ण समानताएं हैं। दोनों बहुत सारी शब्दावली और व्याकरण साझा करते हैं। कभी पंजाबी की बोली मानी जाने वाली डोगरी ने अब एक स्वतंत्र भाषा का दर्जा हासिल कर लिया है। इस अवसर पर डा. उपिंदर सिंह घई, डा. अरविंदर कौर घई, डा. हरमनप्रीत भूटानी, डा. सांगली घई उपस्थित थे। शब्दकोष विंग के प्रभारी एवं सहायक निदेशक आलोक चावला, अनुसंधान अधिकारी डा. सतपाल सिंह चहल, जिला भाषा अधिकारी नवनीत रॉय, प्रशिक्षक राजवंत कौर और गगनदीप सिंह उपस्थित थे।



भाषा विभाग पंजाब के निदेशक जसवन्त सिंह जफर विभाग द्वारा तैयार डोगरी पंजाबी शब्दकोश चंदन नेगी को प्रस्तुत करते हुए। साथ हैं अन्य अधिकारी ●सौ. भाषा विभाग




## ਹਿੰਦੀ ਦਿਵਸ

# ਭਾਸ਼ਾਵਾਂ ਦੇ ਵਿਕਾਸ ਲਈ ਸ਼ਬਦਾਂ ਦੇ ਅਦਾਨ ਪ੍ਰਦਾਨ ਦੀ ਅਹਿਮੀਅਤ ਬਾਰੇ ਨਿੱਗਰ ਚਰਚਾ

ਭਾਸ਼ਾ ਵਿਭਾਗ ਪੰਜਾਬ ਵੱਲੋਂ 16 ਸਤੰਬਰ, 2024 ਨੂੰ ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਦੇ ਸਹਿਯੋਗ ਨਾਲ ਕਾਲੀਦਾਸ ਆਡੀਟੋਰੀਅਮ ਪਟਿਆਲਾ ਵਿਖੇ ਹਿੰਦੀ ਦਿਵਸ ਸਮਾਰੋਹ ਕਰਵਾਇਆ ਗਿਆ। ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ 'ਚ ਹੋਏ ਇਸ ਸਮਾਗਮ ਦਾ ਮੁੱਖ ਆਕਰਸ਼ਣ ਨਾਟਕ ਵਾਲਾ ਗਰੁੱਪ ਵੱਲੋਂ ਰਾਜੇਸ਼ ਸ਼ਰਮਾ ਦੀ ਨਿਰਦੇਸ਼ਨਾ 'ਚ ਪੇਸ਼ ਕੀਤਾ ਗਿਆ ਮੁਨਸ਼ੀ ਪ੍ਰੇਮ ਚੰਦ ਦੇ ਨਾਵਲ 'ਗੋਦਾਨ' ਦਾ ਨਾਟਕੀ ਰੂਪਾਂਤਰਨ ਰਿਹਾ। ਇਸ ਸਮਾਗਮ ਦੀ ਪ੍ਰਧਾਨਗੀ ਪਦਮ ਸ੍ਰੀ ਡਾ. ਰਤਨ ਸਿੰਘ ਜੱਗੀ (ਸ਼੍ਰੋਮਣੀ ਸਾਹਿਤ ਰਤਨ) ਨੇ ਕੀਤੀ ਅਤੇ ਸ਼ਹੀਦ ਊਧਮ ਸਿੰਘ ਕਾਲਜ ਸੁਨਾਮ ਦੇ ਹਿੰਦੀ ਵਿਭਾਗ ਦੇ ਮੁਖੀ ਡਾ. ਵਿਕਾਸ ਕੁਮਾਰ ਨੇ ਮੁੱਖ ਬੁਲਾਰੇ ਵਜੋਂ 'ਹਿੰਦੀ ਭਾਸ਼ਾ ਦੀ ਪੰਜਾਬ 'ਚ ਅਜੋਕੀ ਸਥਿਤੀ' ਵਿਸ਼ੇ 'ਤੇ ਵਿਚਾਰ ਪ੍ਰਗਟ ਕੀਤੇ।

ਆਪਣੇ ਸਵਾਗਤੀ ਭਾਸ਼ਣ 'ਚ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਸਾਰੀਆਂ ਹੀ ਭਾਸ਼ਾਵਾਂ/ਜ਼ੁਬਾਨਾਂ ਹਮੇਸ਼ਾ ਹੀ ਇੱਕ ਦੂਜੇ ਨਾਲ ਸ਼ਬਦਾਂ ਦਾ ਅਦਾਨ ਪ੍ਰਦਾਨ ਕਰਦੀਆਂ ਰਹਿੰਦੀਆਂ ਹਨ। ਜਿਸ ਸਦਕਾ ਹੀ ਭਾਸ਼ਾਵਾਂ ਦਾ ਨਿਰੰਤਰ ਵਿਕਾਸ ਹੁੰਦਾ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਵਖਰੇਵਿਆਂ ਤੋਂ ਉੱਪਰ ਉੱਠ ਕੇ ਸਾਰੀਆਂ ਭਾਸ਼ਾਵਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਭਾਸ਼ਾਵਾਂ ਸਿੱਖਣੀਆਂ ਚਾਹੀਦੀਆਂ ਹਨ। ਜਿਸ ਨਾਲ ਸਾਡੇ ਗਿਆਨ 'ਚ ਅਥਾਹ ਵਾਧਾ ਹੁੰਦਾ ਹੈ। ਮੁੱਖ ਵਕਤਾ ਡਾ. ਵਿਕਾਸ ਕੁਮਾਰ ਨੇ 'ਹਿੰਦੀ ਭਾਸ਼ਾ ਦੀ ਪੰਜਾਬ 'ਚ ਅਜੋਕੀ ਸਥਿਤੀ' 'ਤੇ ਬੋਲਦਿਆਂ ਪੰਜਾਬ ਵਿੱਚ ਹਿੰਦੀ ਦੀ ਵੱਖ-ਵੱਖ ਪੱਖਾਂ ਤੋਂ ਮੌਜੂਦਾ ਸਥਿਤੀ ਬਾਰੇ ਚਾਨਣਾ ਪਾਉਣ ਦੇ ਨਾਲ-ਨਾਲ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਆਪਣੀਆਂ ਸਾਹਿਤਕ ਕਿਰਤਾਂ ਰਾਹੀਂ ਨਾਮਣਾ ਖੱਟਣ ਵਾਲੇ ਪੰਜਾਬੀਆਂ ਦਾ ਜ਼ਿਕਰ ਵੀ ਕੀਤਾ। ਉਨ੍ਹਾਂ ਦੱਸਿਆ ਕਿ ਅਜੋਕੇ ਦੌਰ 'ਚ ਪੰਜਾਬ ਦੇ ਲੇਖਕਾਂ ਵੱਲੋਂ ਹਿੰਦੀ ਭਾਸ਼ਾ ਦੀਆਂ ਵੱਖ-ਵੱਖ ਵਿਧਾਵਾਂ 'ਚ ਮਿਆਰੀ ਸਾਹਿਤ ਰਚਿਆ ਜਾ ਰਿਹਾ ਹੈ ਅਤੇ ਇੰਨ੍ਹਾਂ 'ਚੋਂ ਬਹੁਤ ਸਾਰੇ ਲੇਖਕਾਂ ਦੀਆਂ ਪੁਸਤਕਾਂ ਦੇਸ਼ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਪਾਠਕ੍ਰਮ ਦਾ ਹਿੱਸਾ ਬਣ ਚੁੱਕੀਆਂ ਹਨ। ਇਸ ਤੋਂ ਇਲਾਵਾ ਪੱਤਰਕਾਰਤਾ ਦੇ ਖੇਤਰ ਵਿੱਚ ਪੰਜਾਬ 'ਚ ਕੌਮੀ ਪੱਧਰ ਦੇ ਅਖ਼ਬਾਰ ਛਪ ਰਹੇ ਹਨ। ਸਮਗਮ ਦੇ ਪ੍ਰਧਾਨ ਡਾ. ਰਤਨ ਸਿੰਘ ਜੱਗੀ ਨੇ ਕਿਹਾ ਕਿ ਭਾਸ਼ਾ ਤੇ ਸਾਹਿਤ ਦੇ ਖੇਤਰ 'ਚ ਕੋਈ ਲਕੀਰ ਨਹੀਂ ਹੋਣੀ ਚਾਹੀਦੀ। ਇਸ ਕਰਕੇ ਵੱਧ ਤੋਂ











ਵੱਧ ਭਾਸ਼ਾਵਾਂ ਸਿੱਖਣੀਆਂ ਚਾਹੀਦੀਆਂ ਹਨ ਅਤੇ ਵੱਖ-ਵੱਖ ਭਾਸ਼ਾਵਾਂ 'ਚ ਰਚਿਆ ਸਾਹਿਤ ਪੜ੍ਹਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਸ਼ਾਵਾਂ ਨੂੰ ਕਦੇ ਵੀ ਧਰਮ, ਜਾਤ ਜਾਂ ਖੇਤਰ ਦੇ ਅਧਾਰ 'ਤੇ ਵੰਡਣਾ ਨਹੀਂ ਚਾਹੀਦਾ। ਉਨ੍ਹਾਂ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਕਿ ਹਿੰਦੀ ਭਾਸ਼ਾ ਨੂੰ ਰਾਸ਼ਟਰੀ ਭਾਸ਼ਾ ਵਜੋਂ ਵੱਧ ਤੋਂ ਵੱਧ ਸਤਿਕਾਰ ਦੇਣਾ ਚਾਹੀਦਾ ਹੈ।

ਇਸ ਮੌਕੇ 'ਗੋਦਾਨ' ਨਾਵਲ ਦੇ ਵਿਸ਼ਨੂੰ ਪ੍ਰਭਾਕਰ ਵੱਲੋਂ ਕੀਤੇ ਗਏ ਨਾਟਕੀ ਰੂਪਾਂਤਰਨ ਦੀ ਖ਼ੂਬਸੂਰਤ ਪੇਸ਼ਕਾਰੀ ਦੌਰਾਨ ਨਾਟਕ ਵਾਲਾ ਗਰੁੱਪ ਦੇ ਤਕਰੀਬਨ ਡੇਢ ਦਰਜਨ ਕਲਾਕਾਰਾਂ ਵੱਲੋਂ ਸਾਡੇ ਦੇਸ਼ ਦੇ ਮਿਹਨਤਕਸ਼ ਕਿਸਾਨਾਂ ਵੱਲੋਂ ਆਪਣੇ ਚਾਵਾਂ ਤੇ ਸੁਫ਼ਨਿਆਂ ਦੀ ਪੂਰਤੀ ਲਈ ਕੀਤੇ ਜਾਣ ਵਾਲੇ ਸੰਘਰਸ਼ ਦੌਰਾਨ ਆਉਣ ਵਾਲੀਆਂ ਆਰਥਿਕ ਤੇ ਸਮਾਜਿਕ ਔਕੜਾਂ ਨੂੰ ਬੜੀ ਸੰਜੀਦਗੀ ਨਾਲ ਪੇਸ਼ ਕੀਤਾ। ਮੁੱਖ ਪਾਤਰ ਰਾਜੇਸ਼ ਸ਼ਰਮਾ (ਕਿਸਾਨ) ਤੇ ਕਵਿਤਾ ਸ਼ਰਮਾ (ਕਿਸਾਨ ਦੀ ਪਤਨੀ) ਨੇ ਆਪਣੀਆਂ ਜਾਨਦਾਰ ਭੂਮਿਕਾਵਾਂ ਨਾਲ ਨਾਟਕੀ ਪੇਸ਼ਕਾਰੀ ਨੂੰ ਸਿਖਰ 'ਤੇ ਪਹੁੰਚਾ ਦਿੱਤਾ। ਇਸ ਤੋਂ ਇਲਾਵਾ ਰਵੀ ਭੂਸ਼ਨ, ਸਮਰਵੀਰ, ਵਿਨੈ ਪੁਰੀ, ਚੰਦਨ ਬਲੋਚ, ਤਨਿਸ਼ਕ, ਦਿਵਿਆਂਸ਼ੀ, ਹਰਪ੍ਰੀਤ ਕੌਰ, ਸੁਰਮੀਤ, ਇਸ਼ਨੂਰ, ਸ਼ਿਵਮ, ਸਾਹਿਬ ਸਿੰਘ, ਗੈਵਨ ਸ਼ੈਟੀ, ਸਰਗੁਣ ਤੇ ਜਲਸੀਰਤ ਨੇ ਵੀ ਆਪਣੀਆਂ ਭੂਮਿਕਾਵਾਂ ਬਾਖ਼ੂਬੀ ਨਿਭਾਈਆਂ। ਰੂਪ ਸਜਾ ਦੀ ਚੰਦਨ ਬਲੋਚ, ਸੰਗੀਤ ਦੀ ਰਵਿੰਦਰ, ਰੋਸ਼ਨੀ ਦੀ ਹਰਸ਼ ਸੇਠੀ ਅਤੇ ਸੈੱਟ ਡਿਜ਼ਾਈਨਰ ਦੀ ਅਮਰਜੀਤ ਵਾਲੀਆ ਨੇ ਜ਼ਿੰਮੇਵਾਰੀ ਨਿਭਾਈ। ਇਹ ਨਾਟਕ ਮਰਹੂਮ ਰੰਗਕਰਮੀ ਗੁਰਸ਼ਰਨ ਸਿੰਘ (ਭਾਈ ਮੰਨਾ ਸਿੰਘ) ਦੇ ਜਨਮ ਦਿਨ ਨੂੰ ਸਮਰਪਿਤ ਸੀ। ਸਮਾਗਮ ਦੀ ਸੰਚਾਲਕ ਤੇ ਡਿਪਟੀ ਡਾਇਰੈਕਟਰ ਚੰਦਨਦੀਪ ਕੌਰ ਨੇ ਸਭ ਦਾ ਧੰਨਵਾਦ ਕੀਤਾ। ਅਖ਼ੀਰ ਵਿੱਚ ਸਾਰੇ ਕਲਾਕਾਰਾਂ ਤੇ ਮਹਿਮਾਨਾਂ ਦਾ ਵਿਭਾਗ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਪਦਮ ਸ਼੍ਰੀ ਪ੍ਰਾਣ ਸੱਭਰਵਾਲ, ਡਾ. ਗੁਰਸ਼ਰਨ ਕੌਰ ਜੱਗੀ, ਪ੍ਰਿੰ. ਮਨਮੋਹਨ ਸਿੰਘ, ਐਨ.ਜੈੱਡ.ਸੀ.ਸੀ. ਦੇ ਪ੍ਰੋਗਰਾਮ ਅਫ਼ਸਰ ਰਵਿੰਦਰ ਸ਼ਰਮਾ, ਡਾ. ਅਮਰਜੀਤ ਕਾਉਂਕੇ, ਡਾ. ਗੁਰਵਿੰਦਰ ਅਮਨ, ਡਿਪਟੀ ਡਾਇਰੈਕਟਰ ਚੰਦਨਦੀਪ ਕੌਰ ਤੇ ਸਤਨਾਮ ਸਿੰਘ, ਸਹਾਇਕ ਡਾਇਰੈਕਟਰ ਅਸ਼ਰਫ ਮਹਿਮੂਦ ਨੰਦਨ, ਅਮਰਿੰਦਰ ਸਿੰਘ, ਆਲੋਕ ਚਾਵਲਾ, ਸੁਰਿੰਦਰ ਕੌਰ ਤੇ ਜਸਪ੍ਰੀਤ ਕੌਰ ਹਾਜ਼ਰ ਸਨ।

## ਸਾਹਿਤ ਤੇ ਕਲਾ ਦਾ ਸੰਗਮ

# ਭਾਸ਼ਾ ਵਿਭਾਗ ਪੰਜਾਬ ਨੇ ਲਗਾਇਆ ਰਾਜ ਪੱਧਰੀ ਬਾਬਾ ਫ਼ਰੀਦ ਸਾਹਿਤ ਮੇਲਾ




ਰਾਜ ਪੱਧਰੀ ਬਾਬਾ ਫ਼ਰੀਦ ਸਾਹਿਤ ਮੇਲਾ ਭਾਸ਼ਾ ਵਿਭਾਗ ਪੰਜਾਬ ਅਤੇ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ (ਰਜਿ.) ਫ਼ਰੀਦਕੋਟ ਵੱਲੋਂ 19 ਤੋਂ 23 ਸਤੰਬਰ, 2024 ਤੱਕ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਅਤੇ ਦੇਸ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ ਐਜੂਕੇਸ਼ਨ ਵਿਖੇ ਕਰਵਾਇਆ ਗਿਆ। ਇਸ ਸਾਹਿਤ ਮੇਲੇ ਦਾ ਉਦਘਾਟਨ 19 ਸਤੰਬਰ, 2024 ਨੂੰ ਸ. ਗੁਰਦਿੱਤ ਸਿੰਘ ਸੇਖੋਂ ਵਿਧਾਇਕ ਹਲਕਾ ਫ਼ਰੀਦਕੋਟ ਨੇ ਕੀਤਾ। ਉਹਨਾਂ ਦੇ ਨਾਲ ਸ. ਜਸਵੰਤ ਸਿੰਘ ਜ਼ਫ਼ਰ, ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਸ੍ਰੀ ਵਿਨੀਤ ਕੁਮਾਰ, ਡਿਪਟੀ ਕਮਿਸ਼ਨਰ ਫ਼ਰੀਦਕੋਟ, ਸ੍ਰੀਮਤੀ ਵੀਰਪਾਲ ਕੌਰ, ਉਪਮੰਡਲ ਮੈਜਿਸਟਰੇਟ ਕੋਟਕਪੂਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਮਾਗਮ ਵਿੱਚ ਸ੍ਰੀਮਤੀ ਵੀਰਪਾਲ ਕੌਰ ਨੇ ਸਭ ਨੂੰ ਜੀ ਆਇਆਂ ਆਖਿਆ। ਉਪਰੰਤ ਜ਼ਿਲ੍ਹਾ ਭਾਸ਼ਾ ਅਫ਼ਸਰ ਮਨਜੀਤ ਪੁਰੀ ਨੇ ਇਸ ਮੇਲੇ ਬਾਰੇ ਦੱਸਿਆ ਕਿ ਇਹ ਪੰਜਾਬ ਦਾ ਇੱਕੋ ਇੱਕ ਮੇਲਾ ਹੈ ਜਿੱਥੇ ਪ੍ਰਕਾਸ਼ਕਾਂ ਅਤੇ ਪੁਸਤਕ ਵਿਕਰੇਤਾਵਾਂ ਨੂੰ ਟੇਬਲ ਬਿਲਕੁਲ ਮੁਫ਼ਤ ਮੁਹੱਈਆ ਕਰਵਾਏ ਜਾਂਦੇ ਹਨ ਤੇ ਨਾਲ ਉਹਨਾਂ ਦੀ ਰਿਹਾਇਸ਼ ਅਤੇ ਖਾਣ ਪੀਣ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ। ਉਦਘਾਟਨੀ ਸਮਾਰੋਹ ਵਿੱਚ ਬੋਲਦਿਆਂ ਸ. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਇਹ ਪੁਸਤਕ ਮੇਲਾ ਬਾਬਾ ਫ਼ਰੀਦ ਮੇਲੇ ਦੀ ਸ਼ਾਨ ਹੈ। ਸ. ਜਸਵੰਤ ਸਿੰਘ ਜ਼ਫ਼ਰ, ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਨੇ ਕਿਹਾ ਕਿ ਪੰਜਾਬ ਦੀ ਧਰਤੀ ਉਹ ਧਰਤੀ ਹੈ ਜਿੱਥੇ ਦੁਨੀਆ ਦਾ ਪਹਿਲਾ ਗ੍ਰੰਥ ਲਿਖਿਆ ਗਿਆ ਤੇ ਪੰਜਾਬ ਦੇ ਲੋਕ ਸਾਹਿਤ, ਕਲਾ ਅਤੇ ਪੁਸਤਕਾਂ ਨੂੰ ਮੁਹੱਬਤ ਕਰਨ ਵਾਲੇ ਲੋਕ ਹਨ। ਸ੍ਰੀ ਵਿਨੀਤ ਕੁਮਾਰ, ਡਿਪਟੀ ਕਮਿਸ਼ਨਰ ਫ਼ਰੀਦਕੋਟ ਨੇ ਕਿਹਾ ਕਿ ਇਹ ਮੇਲਾ ਆਪਣੀ ਕਿਸਮ ਦਾ ਇੱਕ ਵਿਲੱਖਣ ਮੇਲਾ ਹੈ ਜਿੱਥੇ ਬਹੁਤ ਵੱਡੀ ਗਿਣਤੀ ਵਿੱਚ ਪੁਸਤਕ ਪ੍ਰੇਮੀ ਅਤੇ ਸਾਹਿਤ ਪ੍ਰੇਮੀ ਪਹੁੰਚਦੇ ਹਨ। ਉਦਘਾਟਨੀ ਸਮਾਗਮ ਦੇ ਅੰਤ ਵਿੱਚ ਧੰਨਵਾਦੀ ਸ਼ਬਦ ਬੋਲਦਿਆਂ ਅਮਨਪ੍ਰੀਤ ਸਿੰਘ ਭਾਣਾ ਪ੍ਰਧਾਨ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ(ਰਜਿ.) ਫ਼ਰੀਦਕੋਟ ਜੀ ਨੇ ਦੱਸਿਆ ਕਿ ਇਸ ਵਾਰ ਲਗਭਗ 60 ਦੇ ਕਰੀਬ ਪ੍ਰਕਾਸ਼ਕ ਅਤੇ ਪੁਸਤਕ ਵਿਕਰੇਤਾ ਇਸ ਮੇਲੇ ਵਿੱਚ ਪਹੁੰਚੇ ਹਨ ਅਤੇ ਇਸ ਮੇਲੇ ਵਿੱਚ ਪਿਛਲੇ ਸਾਲਾਂ ਦੇ ਮੁਕਾਬਲੇ ਵੱਧ ਉਤਸ਼ਾਹ ਪਾਇਆ ਜਾ ਰਿਹਾ ਹੈ। 19 ਸਤੰਬਰ ਨੂੰ ਸ਼ਾਮ ਦੇ ਸੈਸ਼ਨ 'ਰੰਗਮੰਚ ਤੋਂ ਫ਼ਿਲਮਾਂ ਤੱਕ' ਵਿੱਚ ਪੰਜਾਬੀ ਫ਼ਿਲਮ ਜਗਤ ਦੀ ਨਾਮਵਰ ਹਸਤੀ ਪ੍ਰਿੰਸ ਕੰਵਲਜੀਤ ਸਿੰਘ ਸਰੋਤਿਆਂ ਦੇ ਰੂਬਰੂ ਹੋਏ। ਉਹਨਾਂ ਨਾਲ ਉੱਘੇ ਕਵੀ ਕੁਮਾਰ ਜਗਦੇਵ ਸਿੰਘ ਨੇ ਸੰਵਾਦ ਰਚਾਇਆ। ਇਸ ਸੰਵਾਦ ਵਿੱਚ ਵੱਡੀ ਗਿਣਤੀ ਵਿੱਚ











ਪ੍ਰਿੰਸ ਕੰਵਲਜੀਤ ਨੂੰ ਚਾਹੁਣ ਵਾਲੇ ਲੋਕ ਪਹੁੰਚੇ। ਇਸ ਮੌਕੇ 'ਤੇ ਪ੍ਰਿੰਸ ਕੰਵਲਜੀਤ ਨੇ ਆਪਣੇ ਜੀਵਨ ਦੀਆਂ ਬੇਹੱਦ ਦਿਲਚਸਪ ਗੱਲਾਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਸ਼ਾਮ ਨੂੰ 'ਸਿਰਜਣਾ ਆਰਟ ਗਰੁੱਪ ਰਾਏਕੋਟ' ਵੱਲੋਂ ਡਾ. ਸੋਮਪਾਲ ਹੀਰਾ ਦਾ ਲਿਖਿਆ ਹੋਇਆ ਅਤੇ ਕੰਵਲ ਢਿੱਲੋਂ ਵੱਲੋਂ ਨਿਰਦੇਸ਼ਿਤ ਕੀਤਾ ਗਿਆ ਨਾਟਕ 'ਭਾਸ਼ਾ ਵਹਿੰਦਾ ਦਰਿਆ' ਅਤੇ 'ਸਾਰਥਕ ਰੰਗ ਮੰਚ' ਪਟਿਆਲਾ ਵੱਲੋਂ ਡਾ. ਲੱਖਾ ਲਹਿਰੀ ਦੁਆਰਾ ਰੂਪਾਂਤਰਤ ਅਤੇ ਨਿਰਦੇਸ਼ਤ ਕੀਤਾ ਨਾਟਕ 'ਕਰ ਲਓ ਘਿਓ ਨੂੰ ਭਾਂਡਾ' ਖੇਡਿਆ ਗਿਆ ਜਿਸ ਵਿੱਚ ਭਾਰੀ ਗਿਣਤੀ ਵਿੱਚ ਸਾਹਿਤ ਪ੍ਰੇਮੀਆਂ ਨੇ ਹਾਜ਼ਰੀ ਭਰੀ।

ਅਗਲੇ ਦਿਨ 20 ਸਤੰਬਰ ਨੂੰ ਸਵੇਰ ਦੇ ਸੈਸ਼ਨ 'ਚਿੰਤਨ' ਵਿੱਚ ਪੰਜਾਬੀ ਦੇ ਉੱਘੇ ਚਿੰਤਕ, ਕਵੀ ਤੇ ਨਾਵਲਕਾਰ ਡਾ. ਮਨਮੋਹਨ ਨਾਲ ਸੰਵਾਦ ਰਚਾਇਆ ਗਿਆ। ਉਹਨਾਂ ਨਾਲ ਇਹ ਸੰਵਾਦ ਚਿੰਤਕ/ਕਵੀ ਡਾ. ਦਵਿੰਦਰ ਸੈਫ਼ੀ ਵੱਲੋਂ ਰਚਾਇਆ ਗਿਆ। ਇਸ ਸਮਾਗਮ ਵਿੱਚ ਪੰਜਾਬ, ਪੰਜਾਬੀ ਸਾਹਿਤ ਅਤੇ ਪੰਜਾਬੀਅਤ ਬਾਰੇ ਬਹੁਤ ਗਹਿਰ ਗੰਭੀਰ ਗੱਲਾਂ ਹੋਈਆਂ। ਇਸੇ ਦਿਨ ਸ਼ਾਮ ਦੇ ਸੈਸ਼ਨ ਸਿਨੇਮਾ ਤੇ ਸਮਾਜ ਅਧੀਨ ਪੰਜਾਬੀ ਦੇ ਉੱਘੇ ਪਟਕਥਾ ਲੇਖਕ, ਖੋਜ ਕਰਤਾ ਜਤਿੰਦਰ ਮੌਹਰ ਨਾਲ ਕਹਾਣੀਕਾਰ ਗੁਰਮੀਤ ਕੜਿਆਲਵੀ ਵੱਲੋਂ ਸੰਵਾਦ ਰਚਾਇਆ ਗਿਆ। ਇਸ ਸੰਵਾਦ ਵਿੱਚ ਜਤਿੰਦਰ ਮੌਹਰ ਨੇ ਕਿਹਾ ਕਿ ਪੰਜਾਬੀ ਵਿੱਚ ਹਾਲੇ ਵੀ ਫਿਲਮਾਂ ਦੇ ਖੇਤਰ ਵਿੱਚ ਬਹੁਤ ਕੰਮ ਕਰਨ ਵਾਲਾ ਬਾਕੀ ਪਿਆ ਹੈ। ਉਹਨਾਂ ਨੇ ਸੈਸ਼ਨ ਵਿੱਚ ਗੱਲ ਕਰਦਿਆਂ ਇਹ ਵੀ ਕਿਹਾ ਕਿ ਪੰਜਾਬ ਦੇ ਇਤਿਹਾਸ ਨੂੰ ਕਦੇ ਪਾਣੀਆਂ ਦੇ ਇਤਿਹਾਸ ਨਾਲ ਜੋੜ ਕੇ ਵੀ ਵੇਖਿਆ ਜਾਣਾ ਚਾਹੀਦਾ ਹੈ।

ਤੀਸਰੇ ਦਿਨ 21 ਸਤੰਬਰ ਨੂੰ ਸਵੇਰ ਦੇ ਸੈਸ਼ਨ 'ਚੌਥਾ ਥੰਮ੍ਹ' ਅਧੀਨ ਪੰਜਾਬੀ ਦੇ ਨਾਮਵਰ ਪੱਤਰਕਾਰ ਯਾਦਵਿੰਦਰ ਕਰਫ਼ਿਊ ਨਾਲ ਸ਼ਿਵਜੀਤ ਸਿੰਘ ਸੰਘਾ ਵੱਲੋਂ ਸੰਵਾਦ ਰਚਾਇਆ ਗਿਆ।




ਇਸ ਸੰਵਾਦ ਵਿੱਚ ਯਾਦਵਿੰਦਰ ਕਰਫ਼ਿਊ ਨੇ ਪੰਜਾਬ ਦੀ ਹੋਂਦ ਨਾਲ ਜੁੜੇ ਵੱਡੇ ਸਵਾਲ ਖੜ੍ਹੇ ਕੀਤੇ। ਇਸ ਸਮਾਗਮ ਵਿੱਚ ਸ. ਕੁਲਤਾਰ ਸਿੰਘ ਸੰਧਵਾਂ, ਸਪੀਕਰ ਪੰਜਾਬ ਵਿਧਾਨ ਸਭਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਨੇ ਇਸ ਮੌਕੇ 'ਤੇ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ ਨੂੰ 2 ਲੱਖ ਰੁਪਏ ਦੀ ਮਾਇਕ ਸਹਾਇਤਾ ਦੇਣ ਦਾ ਐਲਾਨ ਵੀ ਕੀਤਾ। ਸ਼ਾਮ ਦੇ ਸੈਸ਼ਨ 'ਕਵਿਤਾ ਤੇ ਸਮਕਾਲ' ਵਿੱਚ ਪੰਜਾਬੀ ਦੇ ਸਾਹਿਤ ਅਕਾਦਮੀ ਵਿਜੇਤਾ ਕਵੀ ਸਵਰਨਜੀਤ ਸਵੀ ਨਾਲ ਪੰਜਾਬੀ ਕਵੀ ਗੁਰਪ੍ਰੀਤ ਹੁਰਾਂ ਦੁਆਰਾ ਸੰਵਾਦ ਰਚਾਇਆ ਗਿਆ। ਇਸ ਸੰਵਾਦ ਵਿੱਚ ਸਵਰਨਜੀਤ ਸਵੀ ਹੁਰਾਂ ਨੇ ਪੰਜਾਬੀ ਕਵਿਤਾ ਅਤੇ ਫੋਟੋਗ੍ਰਾਫੀ ਬਾਰੇ ਬੜੀਆਂ ਸ਼ਾਨਦਾਰ ਗੱਲਾਂ ਕੀਤੀਆਂ। ਉਹਨਾਂ ਨੇ ਕਿਹਾ ਕਿ ਪੁਰਸਕਾਰ ਕਦੇ ਵੀ ਕਿਸੇ ਸਾਹਿਤਕਾਰ ਨੂੰ ਵੱਡਾ ਨਹੀਂ ਕਰ ਸਕਦੇ।

ਆਖ਼ਰੀ ਦਿਨ 22 ਸਤੰਬਰ ਨੂੰ ਸਵੇਰ ਦੇ ਸੈਸ਼ਨ 'ਸੁਰਜੀਤ ਪਾਤਰ ਦਾ ਸਾਹਿਤਕ ਗੌਰਵ' ਵਿੱਚ ਉੱਘੇ ਚਿੰਤਕ ਅਮਰਜੀਤ ਸਿਘ ਗਰੇਵਾਲ ਹੁਰਾਂ ਨਾਲ ਪੰਜਾਬੀ ਸ਼ਾਇਰ ਗੁਰਤੇਜ ਕੋਹਾਰਵਾਲਾ ਵੱਲੋਂ ਸੰਵਾਦ ਰਚਾਇਆ ਗਿਆ। ਇਸ ਸੰਵਾਦ ਆਪਣੇ ਆਪ ਵਿੱਚ ਬੜਾ ਦਿਲਚਸਪ ਸੰਵਾਦ ਸੀ। ਇਹ ਸੰਵਾਦ ਵਿੱਚ ਸੁਰਜੀਤ ਪਾਤਰ ਜੀ ਦੇ ਜੀਵਨ ਅਤੇ ਸਾਹਿਤ ਬਾਰੇ ਬੜੀ ਨਿੱਠ ਕੇ ਚਰਚਾ ਹੋਈ। ਸ਼ਾਮ ਦੇ ਸੈਸ਼ਨ ਵਿੱਚ 'ਸ਼ੇਖ਼ ਫ਼ਰੀਦ ਕਵੀ ਦਰਬਾਰ' ਕਰਵਾਇਆ ਗਿਆ। ਇਸ ਕਵੀ ਦਰਬਾਰ ਦੀ ਪ੍ਰਧਾਨਗੀ ਸ. ਜਸਵੰਤ ਸਿੰਘ ਜ਼ਫ਼ਰ, ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਵੱਲੋਂ ਕੀਤੀ ਗਈ। ਇਸ ਕਵੀ ਦਰਬਾਰ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਪਹੁੰਚੇ ਹੋਏ 13 ਕਵੀਆਂ ਨੇ ਹਿੱਸਾ ਲਿਆ ਜਿਨ੍ਹਾਂ ਵਿੱਚ ਸਤਪਾਲ ਭੀਖੀ, ਸੁਸ਼ੀਲ ਦੁਸਾਂਝ, ਸ਼ਮਸ਼ੇਰ ਮੋਹੀ, ਹਰਮੀਤ ਵਿਦਿਆਰਥੀ, ਗੁਰਸੇਵਕ ਲੰਬੀ, ਜਗਵਿੰਦਰ ਜੋਧਾ, ਦਰਸ਼ਨ ਬੁੱਟਰ, ਬਲਵਿੰਦਰ ਸੰਧੂ, ਮਨਦੀਪ ਔਲਖ, ਰੇਨੂੰ ਨਈਅਰ, ਰਿਸ਼ੀ ਹਿਰਦੇਪਾਲ, ਵਾਹਿਦ, ਵਿਜੇ ਵਿਵੇਕ ਦੇ ਨਾਮ ਵਰਣਨਯੋਗ ਹਨ। ਕਵੀ ਦਰਬਾਰ ਦੌਰਾਨ ਮੰਚ ਸੰਚਾਲਨ ਦੀ ਭੂਮਿਕਾ ਹਰਮੀਤ ਵਿਦਿਆਰਥੀ ਨੇ ਬਾਖ਼ੂਬੀ ਨਿਭਾਈ।

ਇਸ ਮੇਲੇ ਵਿੱਚ 200 ਤੋਂ ਵੀ ਜ਼ਿਆਦਾ ਨਵੀਆਂ ਕਿਤਾਬਾਂ ਪ੍ਰਕਾਸ਼ਿਤ ਹੋਈਆਂ ਜੋ ਕਿ ਇਸ ਮੇਲੇ ਵਿੱਚ ਲੋਕ ਅਰਪਣ ਕੀਤੀਆਂ ਗਈਆਂ। ਇਸ ਮੇਲੇ ਨੂੰ ਸੰਪੰਨ ਕਰਨ ਵਿੱਚ ਕੰਵਰਜੀਤ ਸਿੰਘ ਖੋਜ ਅਫ਼ਸਰ, ਉੱਘੇ ਲੇਖਕ ਨਿੰਦਰ ਘੁਗਿਆਣਵੀ, ਜਸਵਿੰਦਰਪਾਲ ਮਿੰਟੂ, ਨਵਦੀਪ ਸਿੰਘ ਮੰਘੇੜਾ, ਮਹੀਪਇੰਦਰ ਸਿੰਘ ਸੇਖੋਂ, ਗੁਰਅੰਮ੍ਰਿਤਪਾਲ ਸਿੰਘ ਬਰਾੜ, ਅਵਤਾਰ ਸਿੰਘ ਔਲਖ, ਸਤਵਿੰਦਰ ਸਿੰਘ, ਰਾਜਪਾਲ ਸਿੰਘ ਸੰਧੂ, ਸ਼ਿਵਜੀਤ ਸਿੰਘ ਸੰਘਾ, ਮਨਪ੍ਰੀਤ ਸਿੰਘ ਧਾਲੀਵਾਲ, ਕੁਮਾਰ ਜਗਦੇਵ ਸਿੰਘ, ਗੁਰਸੇਵਕ ਸਿੰਘ ਚਹਿਲ, ਨਿਮਰਤਪਾਲ ਸਿੰਘ ਢਿੱਲੋ , ਕਾਰਜ ਸਿੰਘ, ਵਿਕਾਸ ਗਰੋਵਰ, ਹਰਪ੍ਰੀਤ ਸਿੰਘ ਭਿੰਡਰ, ਸਚਦੇਵ ਸਿੰਘ ਗਿੱਲ, ਮਨਮਿੰਦਰ ਸਿੰਘ ਢਿੱਲੋ, ਹੁਸ਼ਿਆਰ ਸਿੰਘ, ਰਣਜੀਤ ਸਿੰਘ ਸੀਨੀਅਰ ਸਹਾਇਕ, ਸੁਖਦੀਪ ਸਿੰਘ ਸੇਵਾਦਾਰ, ਸੰਦੀਪ ਕੌਰ ਸੇਵਾਦਾਰ, ਜਸਬੀਰ ਜੱਸੀ ਉਘੇ ਮੰਚ ਸੰਚਾਲਕ, ਪ੍ਰਿੰਸੀਪਲ ਅਤੇ ਸਮੂਹ ਸਟਾਫ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਅਤੇ ਪ੍ਰਿੰਸੀਪਲ ਤੇ ਸਮੂਹ ਸਟਾਫ਼ ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ ਐਜੂਕੇਸ਼ਨ ਦਾ ਵਿਸ਼ੇਸ਼ ਸਹਿਯੋਗ ਰਿਹਾ।

## ਬਹੁਮੰਤਵੀ ਵੈੱਬਸਾਈਟ ਦਾ ਲੋਕ ਅਰਪਣ

# ਡਿਜੀਟਲ ਸਾਧਨਾਂ ਸਦਕਾ ਪੰਜਾਬੀ ਬਣੀ ਸੱਤ ਸਮੁੰਦਰਾਂ ਦੀ ਭਾਸ਼ਾ




ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੇ ਜਾ ਰਹੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਤਿਆਰ ਕੀਤੀ ਗਈ ਨਵੀਂ ਤੇ ਬਹੁਮੰਤਵੀ ਵੈੱਬਸਾਈਟ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ 27 ਸਤੰਬਰ, 2024 ਨੂੰ ਲੋਕ ਅਰਪਣ ਕੀਤੀ। ਇਸ ਮੌਕੇ ਵਿਭਾਗ ਦੇ ਅਧਿਕਾਰੀ, ਸਾਹਿਤਕਾਰ ਤੇ ਸਾਹਿਤ ਪ੍ਰੇਮੀ ਹਾਜ਼ਰ ਸਨ।

ਇਸ ਮੌਕੇ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਅਜੋਕੇ ਯੁੱਗ ਵਿੱਚ ਹਰੇਕ ਭਾਸ਼ਾ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਡਿਜੀਟਲ ਸਾਧਨਾਂ ਦੀ ਵਰਤੋਂ ਕਰਨੀ ਲਾਜ਼ਮੀ ਹੋ ਗਈ ਹੈ। ਇਸੇ ਸਬੰਧ ਵਿੱਚ ਪੰਜਾਬ ਸਰਕਾਰ ਵੱਲੋਂ ਪੰਜਾਬੀ ਭਾਸ਼ਾ ਦੇ ਵਿਸ਼ਵ ਪੱਧਰ 'ਤੇ ਪ੍ਰਚਾਰ ਪ੍ਰਸਾਰ ਲਈ ਉਲੀਕੀਆਂ ਯੋਜਨਾਵਾਂ ਤਹਿਤ ਸੂਬੇ ਦਾ ਭਾਸ਼ਾ ਵਿਭਾਗ ਬੜੀ ਸੁਹਿਰਦਤਾ ਨਾਲ ਵੱਖ-ਵੱਖ ਪ੍ਰੋਜੈਕਟਾਂ 'ਤੇ ਕੰਮ ਕਰ ਰਿਹਾ ਹੈ। ਇਸੇ ਲੜੀ ਵਿੱਚ ਭਾਸ਼ਾ ਵਿਭਾਗ ਵੱਲੋਂ ਤਿਆਰ ਕੀਤੀ ਗਈ ਉਕਤ ਵੈੱਬਸਾਈਟ ਵਿੱਚ ਪੰਜਾਬੀ ਭਾਸ਼ਾ ਨਾਲ ਸਬੰਧਤ ਬਹੁਪਰਤੀ ਤੇ ਮਿਆਰੀ ਸਮੱਗਰੀ ਸ਼ਾਮਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਭਾਸ਼ਾ ਇੱਕ ਦਰਿਆ ਵਾਂਗ ਹੁੰਦੀ ਹੈ ਜੋ ਨਿਰੰਤਰ ਅੱਗੇ ਵਧਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਭਾਸ਼ਾ 'ਚ ਸਾਹਿਤ, ਵਿਗਿਆਨ, ਰਾਜਨੀਤੀ, ਪ੍ਰਸ਼ਾਸਨ ਨਾਲ ਸਬੰਧਤ ਤੇ ਹੋਰ ਕਈ ਪ੍ਰਕਾਰ ਦੀ ਸਮੱਗਰੀ ਨੂੰ ਆਨਲਾਈਨ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਉਕਤ ਵੈੱਬਸਾਈਟ ਤਿਆਰ ਕੀਤੀ ਗਈ ਹੈ। ਵਿਭਾਗ ਦੀਆਂ ਗਤੀਵਿਧੀਆਂ, ਯੋਜਨਾਵਾਂ ਤੇ ਗਿਆਨ ਦੇ ਖਜ਼ਾਨੇ ਨਾਲ ਭਰਪੂਰ ਇਸ ਵੈੱਬਸਾਈਟ ਦਾ ਮੁੱਖ ਮਨੋਰਥ ਮਸ਼ੀਨੀ ਬੁੱਧੀਮਾਨਤਾ ਦੇ ਯੁੱਗ ਵਿੱਚ ਪੰਜਾਬੀ ਮਾਤ ਭਾਸ਼ਾ ਨਾਲ ਸਬੰਧਤ ਵੱਧ ਤੋਂ ਵੱਧ ਜਾਣਕਾਰੀ ਡਿਜੀਟਲ ਰੂਪ 'ਚ ਦੁਨੀਆ ਭਰ 'ਚ ਬੈਠੇ ਪੰਜਾਬੀ ਪ੍ਰੇਮੀਆਂ ਨਾਲ ਸਾਂਝੀ ਕੀਤੀ ਜਾਵੇ। ਸ. ਜ਼ਫ਼ਰ ਨੇ ਪੰਜਾਬੀ ਭਾਸ਼ਾ ਨਾਲ ਜੁੜੀਆ ਹੋਰਨਾਂ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਵੀ ਪੰਜਾਬੀ ਭਾਸ਼ਾ ਨਾਲ ਸਬੰਧਤ ਗਿਆਨ ਨੂੰ ਡਿਜੀਟਲ


ਭਾਸ਼ਾ ਵਿਭਾਗ ਪੰਜਾਬ
Language Department Punjab
Our Location




ਭਾਸ਼ਾ ਵਿਭਾਗ ਪੰਜਾਬ
Language Department Punjab



ਰੂਪ 'ਚ ਦੁਨੀਆ ਭਰ 'ਚ ਬੈਠੇ ਪੰਜਾਬੀ ਹਿਤੈਸ਼ੀਆਂ ਤੱਕ ਪਹੁੰਚਾਉਣ ਦੇ ਯਤਨ ਕਰਨ ਕਿਉਂਕਿ ਇਹ ਸਭ ਦਾ ਸਾਂਝਾ ਕਾਰਜ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਇਸ ਵੈੱਬਸਾਈਟ ਦਾ ਘੇਰਾ ਹੋਰ ਵਿਸ਼ਾਲ ਕਰਨ ਦੇ ਯਤਨ ਨਿਰੰਤਰ ਜਾਰੀ ਰਹਿਣਗੇ। ਇਸ ਤੋਂ ਇਲਾਵਾ ਪੰਜਾਬੀ ਹਿਤੈਸ਼ੀਆਂ ਵੱਲੋਂ ਦਿੱਤੇ ਜਾਣ ਵਾਲੇ ਸੁਝਾਵਾਂ ਲਈ ਇਸ ਵੈੱਬਸਾਈਟ 'ਤੇ ਸੁਝਾਅ ਬਕਸਾ ਵੀ ਬਣਾਇਆ ਗਿਆ ਹੈ।

ਇਸ ਵੈੱਬਸਾਈਟ ਨੂੰ ਤਿਆਰ ਕਰਨ ਵਾਲੀ ਟੀਮ ਦੇ ਮੈਂਬਰ ਖੋਜ ਅਫ਼ਸਰ ਸਤਪਾਲ ਸਿੰਘ ਚਹਿਲ ਨੇ ਕਿਹਾ ਇਸ ਵੈੱਬਸਾਈਟ 'ਚ ਵਿਭਾਗ ਵੱਲੋਂ ਤਿਆਰ ਕੀਤੇ ਗਏ ਚਾਰ ਕੋਸ਼; ਪ੍ਰਮਾਣਿਕ ਕੋਸ਼, ਅਖਾਣ ਕੋਸ਼, ਮੁਹਾਵਰਾ ਕੋਸ਼, ਡੋਗਰੀ ਪੰਜਾਬੀ ਕੋਸ਼ ਤੇ ਵਾਰਸ ਮੁਹਾਵਰਾ ਕੋਸ਼ ਸ਼ਾਮਲ ਕੀਤੇ ਗਏ ਹਨ ਅਤੇ ਜਲਦੀ ਹੀ ਪੁਆਧੀ, ਕਿੱਸਾ ਸੰਦਰਭ ਤੇ ਅੰਗਰੇਜ਼ੀ-ਪੰਜਾਬੀ (ਮਿਡਲ ਪੱਧਰ ਤੱਕ) ਕੋਸ਼ ਵੀ ਇਸ ਵੈੱਬਸਾਈਟ 'ਚ ਸ਼ਾਮਲ ਕਰ ਦਿੱਤੇ ਜਾਣਗੇ। ਇਸ ਵੈੱਬਸਾਈਟ ਦਾ ਵਿਸ਼ੇਸ਼ ਆਕਰਸ਼ਨ ਆਨਲਾਈਨ ਸ਼ਬਦਾਵਲੀ ਹੈ, ਜਿਸ ਵਿੱਚ ਪ੍ਰਬੰਧਕੀ, ਕਾਨੂੰਨੀ, ਰਸਾਇਣ ਵਿਗਿਆਨ ਤੇ ਰਾਜਨੀਤੀ ਨਾਲ ਸਬੰਧਤ ਸ਼ਬਦਾਵਲੀ ਉਪਲਬਧ ਹੈ। ਭਾਸ਼ਾ ਵਿਭਾਗ ਦੇ ਵਿਲੱਖਣ ਤੇ ਦੁਰਲੱਭ ਖਰੜਿਆਂ ਦੀ ਸੂਚੀ ਅਤੇ ਜਾਣਕਾਰੀ ਵੀ ਇਸ 'ਤੇ ਪਾਈ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਵੈੱਬਸਾਈਟ ਤੋਂ ਜਾਣਕਾਰੀ ਹਾਸਲ ਕਰਕੇ ਪਾਠਕ ਮੁੱਖ ਦਫ਼ਤਰ ਜਾਂ ਵੱਖ-ਵੱਖ ਜ਼ਿਲ੍ਹਾ ਸਦਰ ਮੁਕਾਮਾਂ ਤੋਂ ਆਪਣੀ ਪਸੰਦ ਦੀਆਂ ਪੁਸਤਕਾਂ ਖਰੀਦ ਸਕਦੇ ਹਨ। ਮਸ਼ੀਨੀ ਬੁੱਧੀਮਾਨਤਾ ਪ੍ਰਾਜੈਕਟ ਅਧੀਨ ਤਿਆਰ ਕੀਤੀਆਂ ਜਾ ਰਹੀਆਂ ਡਿਜੀਟਲ ਕਿਤਾਬਾਂ ਅਤੇ ਵਿਭਾਗ ਦੇ ਪੁਰਾਣੇ ਰਸਾਲੇ ਵੀ ਇਸ ਵੈੱਬਸਾਈਟ 'ਤੇ ਉਪਲਬਧ ਹਨ। ਇਸ ਵੈੱਬਸਾਈਟ ਵਿੱਚ ਵਿਭਾਗ ਵੱਲੋਂ ਲਈ ਜਾਂਦੀ ਪੰਜਾਬੀ ਪ੍ਰਬੋਧ ਦੀ ਪ੍ਰੀਖਿਆ ਸਬੰਧੀ ਅਤੇ ਸਟੈਨੋਗ੍ਰਾਫੀ ਦੀ ਪੜ੍ਹਾਈ ਸਬੰਧੀ ਵੀ ਜਾਣਕਾਰੀ ਉਪਲਬਧ ਹੈ। ਉਨ੍ਹਾਂ ਦੱਸਿਆ ਕਿ ਜਲਦੀ ਹੀ ਹੋਰ ਬਹੁਤ ਸਾਰੀਆਂ ਪੁਸਤਕਾਂ ਇਸ ਵੈੱਬਸਾਈਟ ਉਪਰ ਉਪਲਬਧ ਹੋਣਗੀਆਂ। ਪੰਜਾਬੀ ਭਾਸ਼ਾ ਦੇ ਵਿਕਾਸ ਨਾਲ ਸਬੰਧਤ ਸਕੀਮਾਂ, ਪੰਜਾਬੀ ਭਾਸ਼ਾ ਐਕਟ ਤੇ ਵਿਭਾਗ ਦੀਆਂ ਸਰਗਰਮੀਆਂ ਸਬੰਧੀ ਜਾਣਕਾਰੀ ਵੀ ਇਸ ਵੈੱਬਸਾਈਟ 'ਤੇ ਉਪਲਬਧ ਹੈ। ਇਸ ਵੈੱਬਸਾਈਟ ਲਈ ਅਹਿਮ ਯੋਗਦਾਨ ਪਾਉਣ ਵਾਲੇ ਖੋਜ ਸਹਾਇਕ ਮਹੇਸ਼ਇੰਦਰ ਸਿੰਘ ਖੋਸਲਾ ਨੇ ਦੱਸਿਆ ਕਿ ਇਸ ਪੁਸਤਕ ਨੂੰ ਤਕਨੀਕੀ ਪੱਖਾਂ ਤੋਂ ਤਿਆਰ ਕਰਨ ਸਬੰਧੀ ਵਿਸਥਾਰ 'ਚ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸ਼ਬਦ ਮਾਲਾ ਨਾਮ ਦੇ ਸਾਫਟਵੇਅਰ ਰਾਹੀਂ ਕੋਸ਼ਕਾਰੀ ਨਾਲ ਸਬੰਧਤ ਕਾਰਜ ਨੇਪਰੇ ਚਾੜ੍ਹੇ ਗਏ ਹਨ। ਸਾਹਿਤਕਾਰ ਪ੍ਰੀਤਮ ਸਿੰਘ ਜੌਹਲ ਤੇ ਅਵਤਾਰਜੀਤ ਅਟਵਾਲ ਨੇ ਸਮੁੱਚੇ ਸਾਹਿਤਕਾਰ ਭਾਈਚਾਰੇ ਵੱਲੋਂ ਭਾਸ਼ਾ ਵਿਭਾਗ ਦੇ ਉਕਤ ਉਪਰਾਲੇ ਦੀ ਸ਼ਲਾਘਾ ਕੀਤੀ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਵੈੱਬਸਾਈਟ ਤਿਆਰ ਕਰਨ ਵਾਲੀ ਟੀਮ ਦੇ ਮੁਖੀ ਤੇ ਵਿਭਾਗ ਦੇ ਸਹਾਇਕ ਨਿਰਦੇਸ਼ਕ ਆਲੋਕ ਚਾਵਲਾ, ਅਮਰਿੰਦਰ ਸਿੰਘ, ਤੇਜਿੰਦਰ ਸਿੰਘ ਗਿੱਲ, ਸੁਰਿੰਦਰ ਕੌਰ ਤੇ ਹੋਰ ਸ਼ਖ਼ਸੀਅਤਾਂ ਸ਼ਾਮਲ ਸਨ।



4 | ਪੰਜਾਬੀ ਜਾਗਰਣ ਜਲੰਧਰ 27 ਸਤੰਬਰ 2024

ਪਟਿਆਲਾ/ਫ਼ਤਹਿਗੜ੍ਹ ਸਾਹਿਬ

# ਮਸ਼ੀਨੀ ਬੁੱਧੀਮਾਨਤਾ ਦੇ ਖੇਤਰ 'ਚ ਭਾਸ਼ਾ ਵਿਭਾਗ ਦੀ ਵੱਡੀ ਪਹਿਲਕਦਮੀ

ਸੀਨੀਅਰ ਰਿਪੋਰਟਰ, ਪੰਜਾਬੀ ਜਾਗਰਣ

•ਪਟਿਆਲਾ : ਭਾਸ਼ਾ ਵਿਭਾਗ ਪੰਜਾਬ ਵੱਲੋਂ ਮਸ਼ੀਨੀ ਬੁੱਧੀਮਾਨਤਾ ਦੇ ਖੇਤਰ 'ਚ ਪੰਜਾਬੀ ਭਾਸ਼ਾ ਨੂੰ ਸਥਾਪਤ ਕਰਨ ਲਈ ਨਵੀਂ ਵੈੱਬਸਾਈਟ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਲੋਕ ਅਰਪਨ ਕੀਤੀ। ਇਸ ਮੌਕੇ ਵਿਭਾਗ ਦੇ ਅਧਿਕਾਰੀ, ਸਾਹਿਤਕਾਰ ਤੇ ਸਾਹਿਤ ਪ੍ਰੇਮੀ ਹਾਜ਼ਰ ਸਨ। ਇਸ ਮੌਕੇ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਅਜੋਕੇ ਯੁੱਗ ਵਿਚ ਹਰੇਕ ਭਾਸ਼ਾ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਡਿਜੀਟਲ ਸਾਧਨਾਂ ਦੀ ਵਰਤੋਂ ਕਰਨੀ ਲਾਜ਼ਮੀ ਹੋ ਗਈ ਹੈ। ਇਸੇ ਸਬੰਧ ਵਿਚ ਪੰਜਾਬ ਸਰਕਾਰ ਵੱਲੋਂ ਪੰਜਾਬੀ ਭਾਸ਼ਾ ਦੇ ਵਿਸ਼ਵ ਪੱਧਰ 'ਤੇ ਪ੍ਰਚਾਰ ਪ੍ਰਸਾਰ ਲਈ ਉਲੀਕੀਆਂ ਯੋਜਨਾਵਾਂ ਤਹਿਤ ਸੂਬੇ ਦਾ ਭਾਸ਼ਾ ਵਿਭਾਗ ਬੜੀ ਸੁਹਿਰਦਤਾ ਨਾਲ ਵੱਖ-ਵੱਖ ਪ੍ਰੋਜੈਕਟਾਂ 'ਤੇ ਕੰਮ ਕਰ ਰਿਹਾ ਹੈ। ਇਸੇ ਲੜੀ ਵਿਚ ਭਾਸ਼ਾ ਵਿਭਾਗ ਵੱਲੋਂ ਤਿਆਰ ਕੀਤੀ ਗਈ ਉਕਤ ਵੈੱਬਸਾਈਟ ਵਿਚ ਪੰਜਾਬੀ ਭਾਸ਼ਾ ਨਾਲ ਸਬੰਧਤ ਬਹੁਪਰਤੀ ਤੇ ਮਿਆਰੀ ਸਮੱਗਰੀ ਸ਼ਾਮਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਇਕ ਦਰਿਆ ਵਾਂਗ ਹੈ ਜੋ ਨਿਰੰਤਰ ਅੱਗੇ ਵਧਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਭਾਸ਼ਾ 'ਚ ਸਾਹਿਤ, ਵਿਗਿਆਨ, ਰਾਜਨੀਤੀ, ਪ੍ਰਸ਼ਾਸਨ ਨਾਲ ਸਬੰਧਤ ਤੇ ਹੋਰ ਕਈ ਪ੍ਰਕਾਰ ਦੀ ਸਮੱਗਰੀ ਨੂੰ ਆਨਲਾਈਨ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਉਕਤ ਵੈੱਬਸਾਈਟ ਤਿਆਰ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਦੀਆਂ ਗਤੀਵਿਧੀਆਂ, ਯੋਜਨਾਵਾਂ ਤੇ ਗਿਆਨ ਦੇ ਖ਼ਜ਼ਾਨੇ ਨਾਲ ਭਰਪੂਰ ਇਸ ਵੈੱਬਸਾਈਟ ਦਾ ਮੁੱਖ ਮਨੋਰਥ ਮਸ਼ੀਨੀ ਬੁੱਧੀਮਾਨਤਾ ਦੇ ਯੁੱਗ ਵਿਚ ਪੰਜਾਬੀ ਮਾਤ ਭਾਸ਼ਾ ਨਾਲ ਸਬੰਧਤ ਵੱਧ ਤੋਂ ਵੱਧ ਜਾਣਕਾਰੀ ਡਿਜੀਟਲ ਰੂਪ 'ਚ ਦੁਨੀਆ ਭਰ 'ਚ ਬੈਠੇ ਪੰਜਾਬੀ ਪ੍ਰੇਮੀਆਂ ਨਾਲ ਸਾਂਝੀ ਕੀਤੀ ਜਾਵੇ। ਵਿਭਾਗ ਵੱਲੋਂ ਇਸ ਵੈੱਬਸਾਈਟ ਦਾ ਘੇਰਾ ਹੋਰ ਵਿਸ਼ਾਲ ਕਰਨ ਦੇ ਯਤਨ ਨਿਰੰਤਰ ਜਾਰੀ ਰਹਿਣਗੇ।

ਇਸ ਤੋਂ ਇਲਾਵਾ ਪੰਜਾਬੀ ਹਿਤੈਸ਼ੀਆਂ ਵੱਲੋਂ ਦਿੱਤੇ ਜਾਣ ਵਾਲੇ ਸੁਝਾਵਾਂ ਲਈ ਇਸ ਵੈੱਬਸਾਈਟ 'ਤੇ ਸੁਝਾਅ ਬਕਸਾ ਵੀ ਬਣਾਇਆ ਗਿਆ ਹੈ। ਇਸ ਵੈੱਬਸਾਈਟ ਨੂੰ ਤਿਆਰ ਕਰਨ ਵਾਲੀ ਟੀਮ ਦੇ ਮੈਂਬਰ ਖੋਜ ਅਫ਼ਸਰ ਸਤਪਾਲ ਸਿੰਘ ਚਹਿਲ ਨੇ ਕਿਹਾ ਇਸ ਵੈੱਬਸਾਈਟ 'ਚ ਵਿਭਾਗ ਵੱਲੋਂ ਤਿਆਰ ਕੀਤੇ ਗਏ ਚਾਰ ਕੋਸ਼ ਸ਼ਾਮਲ ਕੀਤੇ ਗਏ ਹਨ ਅਤੇ ਜਲਦੀ ਹੀ ਪੁਆਧੀ, ਕਿੱਸਾ ਸੰਦਰਭ ਤੇ ਅੰਗਰੇਜ਼ੀ-ਪੰਜਾਬੀ (ਮਿਡਲ ਪੱਧਰ ਤੱਕ) ਕੋਸ਼ ਵੀ ਇਸ ਵੈੱਬਸਾਈਟ 'ਚ ਸ਼ਾਮਲ ਕਰ ਦਿੱਤੇ ਜਾਣਗੇ।

ਇਸ ਵੈੱਬਸਾਈਟ ਦਾ ਵਿਸ਼ੇਸ਼ ਆਕਰਸ਼ਨ ਆਨਲਾਈਨ ਸ਼ਬਦਾਵਲੀ ਹੈ, ਜਿਸ ਵਿਚ ਪ੍ਰਬੰਧਕੀ, ਕਾਨੂੰਨੀ, ਰਸਾਇਣ ਵਿਗਿਆਨ ਤੇ ਰਾਜਨੀਤੀ ਨਾਲ ਸਬੰਧਤ ਸ਼ਬਦਾਵਲੀ ਉਪਲਬਧ ਹੈ। ਭਾਸ਼ਾ ਵਿਭਾਗ ਦੇ ਵਿਲੱਖਣ ਤੇ ਦੁਰਲੱਭ ਖਰੜਿਆਂ ਦੀ ਸੂਚੀ ਅਤੇ ਜਾਣਕਾਰੀ ਵੀ ਇਸ 'ਤੇ ਪਾਈ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਵੈੱਬਸਾਈਟ ਤੋਂ ਜਾਣਕਾਰੀ ਹਾਸਲ ਕਰਕੇ ਪਾਠਕ ਮੁੱਖ ਦਫ਼ਤਰ ਜਾਂ ਵੱਖ-ਵੱਖ ਜ਼ਿਲ੍ਹਾ ਸਦਰ ਮੁਕਾਮਾਂ 'ਤੇ ਆਪਣੀ ਪਸੰਦ ਦੀਆਂ ਪੁਸਤਕਾਂ ਖਰੀਦ ਸਕਦੇ ਹਨ। ਮਸ਼ੀਨੀ ਬੁੱਧੀਮਾਨਤਾ ਪ੍ਰਾਜੈਕਟ ਅਧੀਨ ਤਿਆਰ ਕੀਤੀਆਂ ਜਾ ਰਹੀਆਂ ਡਿਜੀਟਲ ਕਿਤਾਬਾਂ ਅਤੇ ਵਿਭਾਗ ਦੇ ਪੁਰਾਣੇ ਰਸਾਲੇ ਵੀ ਇਸ ਵੈੱਬਸਾਈਟ 'ਤੇ ਉਪਲਬਧ ਹਨ। ਇਸ ਵੈੱਬਸਾਈਟ ਲਈ ਅਹਿਮ ਯੋਗਦਾਨ ਪਾਉਣ ਵਾਲੇ ਖੋਜ ਸਹਾਇਕ ਮਹੇਸ਼ਇੰਦਰ ਸਿੰਘ ਖੋਸਲਾ ਨੇ ਦੱਸਿਆ ਕਿ ਇਸ ਪੁਸਤਕ ਨੂੰ ਤਕਨੀਕੀ ਪੱਖ ਤੋਂ ਤਿਆਰ ਕਰਨ ਸਬੰਧੀ ਵਿਸਥਾਰ 'ਚ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸ਼ਬਦ ਮਾਲਾ ਨਾਮ ਦੇ ਸਾਫਟਵੇਅਰ ਰਾਹੀਂ ਕੋਸ਼ਕਾਰੀ ਨਾਲ ਸਬੰਧਤ ਕਾਰਜ ਨੇਪਰੇ ਚਾੜ੍ਹੇ ਗਏ ਹਨ।

ਸਾਹਿਤਕਾਰ ਪ੍ਰੀਤਮ ਸਿੰਘ ਜੌਹਲ ਤੇ ਅਵਤਾਰਜੀਤ ਅਟਵਾਲ ਨੇ ਸਮੁੱਚੇ ਸਾਹਿਤਕਾਰ ਭਾਈਚਾਰੇ ਵੱਲੋਂ ਭਾਸ਼ਾ ਵਿਭਾਗ ਦੇ ਉਕਤ ਉਪਰਾਲੇ ਦੀ ਸ਼ਲਾਘਾ ਕੀਤੀ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਵੈੱਬਸਾਈਟ ਤਿਆਰ ਕਰਨ ਵਾਲੀ ਟੀਮ ਦੇ ਮੁਖੀ ਤੇ ਵਿਭਾਗ ਦੇ ਸਹਾਇਕ ਨਿਰਦੇਸ਼ਕ ਆਲੋਕ ਚਾਵਲਾ, ਅਮਰਿੰਦਰ ਸਿੰਘ, ਤੇਜਿੰਦਰ ਸਿੰਘ ਗਿੱਲ, ਸੁਰਿੰਦਰ ਕੌਰ ਤੇ ਹੋਰ ਸ਼ਖ਼ਸੀਅਤਾਂ ਸ਼ਾਮਲ ਸਨ। ਇਹ ਵੈੱਬਸਾਈਟ ਇਸ ਲਿੰਕ ਭਾਸ਼ਾਵਿਭਾਗਪੰਜਾਬ ਓਆਰਜੀ 'ਤੇ ਖੋਲ੍ਹੀ ਦੇਖੀ ਜਾ ਸਕਦੀ ਹੈ।

ਭਾਸ਼ਾ ਵਿਭਾਗ ਪੰਜਾਬ ਦੀ ਵੈੱਬਸਾਈਟ ਤਿਆਰ ਕਰਨ ਵਾਲੀ ਟੀਮ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੇ ਨਾਲ।




## ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ-2023

# ਨਾਮਵਰ ਸਾਹਿਤਕਾਰਾਂ ਦੇ ਨਾਮ ਵਾਲੇ ਪੁਰਸਕਾਰਾਂ ਨਾਲ ਬਿਹਤਰੀਨ ਸਾਹਿਤਕ ਕਿਰਤਾਂ ਦਾ ਸਤਿਕਾਰ

ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ, ਪੰਜਾਬ ਰਾਹੀਂ ਹਰ ਸਾਲ ਪੰਜਾਬੀ, ਹਿੰਦੀ ਅਤੇ ਉਰਦੂ ਦੀਆਂ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣ ਵਾਲੇ ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰ ਤਹਿਤ ਵਿਭਾਗ ਵੱਲੋਂ ਸਾਲ 2023 ਦੇ ਵੱਖ-ਵੱਖ ਵੰਨਗੀਆਂ ਨਾਲ ਸਬੰਧਤ 10 ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰਾਂ ਦਾ ਐਲਾਨ 8 ਅਕਤੂਬਰ, 2024 ਨੂੰ ਕਰ ਦਿੱਤਾ ਗਿਆ ਹੈ। ਇਸ ਸਬੰਧੀ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ, ਦੀ ਅਗਵਾਈ ’ਚ ਇਹ ਪੁਰਸਕਾਰ ਨਵੰਬਰ 2024 ਦੇ ਪਹਿਲੇ ਹਫ਼ਤੇ ਪੰਜਾਬੀ ਮਾਹ ਦੇ ਰਾਜ ਪੱਧਰੀ ਉਦਘਾਟਨੀ ਸਮਾਗਮ ਦੌਰਾਨ ਭਾਸ਼ਾ ਭਵਨ, ਪਟਿਆਲਾ ਵਿਖੇ ਪ੍ਰਦਾਨ ਕੀਤੇ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪੁਰਸਕਾਰਾਂ ਲਈ ਪਿਛਲੇ ਸਾਲ ਦੌਰਾਨ ਛਪੀਆਂ ਪੁਸਤਕਾਂ ਦੀ ਸਰਵੋਤਮ ਪੁਸਤਕ ਪੁਰਸਕਾਰਾਂ ਲਈ ਮੰਗ ਕੀਤੀ ਗਈ ਸੀ ਅਤੇ ਵੱਖ-ਵੱਖ ਖੇਤਰਾਂ ਦੇ ਵਿਦਵਾਨ ਵਿਸ਼ਾ ਮਾਹਿਰਾਂ ਤੋਂ ਇਨ੍ਹਾਂ ਪੁਸਤਕਾਂ ਦਾ ਮੁਲਾਂਕਣ ਕਰਵਾਇਆ ਗਿਆ ਅਤੇ ਸਰਵੋਤਮ ਪੁਸਤਕਾਂ ਦੀ ਚੋਣ ਕੀਤੀ ਗਈ। ਇਸ ਪੁਰਸਕਾਰ ’ਚ ਇਨਾਮੀ ਰਾਸ਼ੀ ਦੇ ਨਾਲ-ਨਾਲ ਇਕ ਪਲੇਕ ਅਤੇ ਸ਼ਾਲ ਭੇਂਟ ਕੀਤੀ ਜਾਵੇਗੀ।

ਸਾਲ 2023 ਨਾਲ ਸਬੰਧਤ ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰਾਂ ਤਹਿਤ ਗਿਆਨੀ ਗੁਰਮੁੱਖ ਸਿੰਘ ਮੁਸਾਫ਼ਿਰ ਪੁਰਸਕਾਰ (ਕਵਿਤਾ) ਲਖਵਿੰਦਰ ਜੌਹਲ ਦੀ ਪੁਸਤਕ ‘ਪਾਣੀ ਹੋਏ ਵਿਚਾਰ’ ਨੂੰ, ਨਾਨਕ ਸਿੰਘ ਪੁਰਸਕਾਰ (ਨਾਵਲ) ਲੇਖਕ ਅਜ਼ੀਜ਼ ਸਰੋਏ ਦੀ ਪੁਸਤਕ ‘ਆਪਣੇ ਲੋਕ’ ਨੂੰ, ਗੁਰਬਖ਼ਸ਼ ਸਿੰਘ ਪ੍ਰੀਤਲੜੀ ਪੁਰਸਕਾਰ (ਨਿਬੰਧ/ਸਫ਼ਰਨਾਮਾ) ਬਲਦੇਵ ਸਿੰਘ ਧਾਲੀਵਾਲ ਦੀ ਪੁਸਤਕ ‘ਕੰਜ-ਕੁਆਰੀ ਧਰਤੀ (ਪੁਡੂਚੇਰੀ ਅਤੇ ਅੰਡੇਮਾਨ ਦੇ ਟਾਪੂਆਂ ਦਾ ਸਫ਼ਰ)’ ਨੂੰ, ਭਾਈ ਵੀਰ ਸਿੰਘ ਪੁਰਸਕਾਰ (ਜੀਵਨੀ/ ਟੀਕਾਕਾਰੀ/ ਕੋਸ਼ਕਾਰੀ) ਰਾਕੇਸ਼ ਕੁਮਾਰ ਦੀ ਪੁਸਤਕ ‘ਕ੍ਰਾਂਤੀਕਾਰੀ ਸ਼ੇਰ ਜੰਗ ਸ਼ੇਰਾਂ ਵਰਗਾ ਸ਼ੇਰ’ ਨੂੰ, ਡਾ. ਅਤਰ ਸਿੰਘ ਪੁਰਸਕਾਰ (ਆਲੋਚਨਾ) ਡਾ. ਸਰਵਨ ਸਿੰਘ ਪਰਦੇਸੀ ਦੀ ਪੁਸਤਕ ‘ਸੂਫ਼ੀ ਲਹਿਰ ਦਾ ਸਮਾਜਕ ਮਾਡਲ (ਖੁੱਲ੍ਹੀਆਂ ਅੱਖਾਂ ਦੇ ਸੁਪਨੇ)’ ਨੂੰ, ਪ੍ਰਿੰਸੀਪਲ ਤੇਜਾ ਸਿੰਘ ਪੁਰਸਕਾਰ (ਸੰਪਾਦਨ) ਹਰਦੀਪ ਬਾਵਾ ਦੀ ਪੁਸਤਕ ‘ਨਾ ਨਰ ਨਾ ਨਾਰੀ’ ਨੂੰ, ਡਾ.ਐੱਮ.ਐੱਸ. ਰੰਧਾਵਾ ਪੁਰਸਕਾਰ (ਗਿਆਨ ਸਾਹਿਤ) ਪ੍ਰਿੰਸੀਪਲ ਡਾ.

ਇੰਦਰਜੀਤ ਸਿੰਘ ਵਾਸੂ ਦੀ ਪੁਸਤਕ 'ਗੁਰਮਤਿ: ਸੰਪੂਰਨ ਜੀਵਨ ਦਾ ਮਾਰਗ' ਨੂੰ, ਸ੍ਰੀ ਗੁਰੂ ਹਰਿਕ੍ਰਿਸ਼ਨ ਪੁਰਸਕਾਰ (ਬਾਲ ਸਾਹਿਤ), ਸਿਮਰਤ ਸੁਮੈਰਾ ਦੀ ਪੁਸਤਕ 'ਸੁਨਹਿਰੀ ਟਾਪੂ' (ਬਾਲ ਕਥਾ) ਨੂੰ, ਪ੍ਰੋ. ਗੁਰਦਿਆਲ ਸਿੰਘ ਪੁਰਸਕਾਰ (ਅਨੁਵਾਦ) ਬੂਟਾ ਸਿੰਘ ਚੌਹਾਨ ਦੀ ਪੁਸਤਕ 'ਚੋਰ ਉਚੱਕੇ' (ਮਰਾਠੀ ਲੇਖਕ ਲਕਸ਼ਮਣ ਗਾਇਕਵਾੜ ਦੀ ਸਵੈ-ਜੀਵਨੀ) ਨੂੰ ਅਤੇ ਭਾਈ ਕਾਨ੍ਹ ਸਿੰਘ ਨਾਭਾ ਪੁਰਸਕਾਰ (ਵਿਆਕਰਣ/ਭਾਸ਼ਾ ਵਿਗਿਆਨ/ਹਵਾਲਾ ਗ੍ਰੰਥ) ਨਿਹਾਲ ਸਿੰਘ ਮਾਨ ਦੀ ਪੁਸਤਕ 'ਗੁਰਬਾਣੀ ਲਿਪੀ ਗੁੱਝੇ ਭੇਦ' ਨੂੰ ਪ੍ਰਦਾਨ ਕੀਤੇ ਜਾਣਗੇ। ਦੱਸਣਯੋਗ ਹੈ ਕਿ ਉਕਤ ਪੁਰਸਕਾਰਾਂ ਲਈ ਵੱਖ-ਵੱਖ ਵੰਨਗੀਆਂ ਦੀਆਂ 144 ਪੁਸਤਕਾਂ ਪ੍ਰਾਪਤ ਹੋਈਆਂ ਸਨ।

ਸ. ਜਸਵੰਤ ਸਿੰਘ ਜ਼ਫ਼ਰ ਨੇ ਸਾਰੇ ਪੁਰਸਕਾਰ ਜੇਤੂਆਂ ਨੂੰ ਵਧਾਈਆਂ ਦਿੱਤੀਆਂ ਅਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਲਈ ਇਸੇ ਤਰ੍ਹਾਂ ਨਿਰੰਤਰ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ।

## ਵਿਭਾਗ ਵੱਲੋਂ ਸਰਵੋਤਮ ਪੁਸਤਕ ਪੁਰਸਕਾਰਾਂ ਦਾ ਐਲਾਨ

**ਗਿਆਨੀ ਗੁਰਮੁੱਖ ਸਿੰਘ ਮੁਸਾਫ਼ਿਰ ਪੁਰਸਕਾਰ (ਕਵਿਤਾ) ਲਖਵਿੰਦਰ ਜੌਹਲ ਦੀ ਪੁਸਤਕ 'ਪਾਣੀ ਹੋਏ ਵਿਚਾਰ' ਨੂੰ ਦੇਣ ਦਾ ਐਲਾਨ**

ਗੁਰਨਾਮ ਸਿੰਘ ਅਕੀਦਾ

ਪਟਿਆਲਾ, 8 ਅਕਤੂਬਰ

ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ, ਪੰਜਾਬ ਰਾਹੀਂ ਹਰ ਸਾਲ ਪੰਜਾਬੀ, ਹਿੰਦੀ ਅਤੇ ਉਰਦੂ ਦੀਆਂ ਪੁਸਤਕਾਂ ਨੂੰ ਦਿੱਤੇ ਜਾਣ ਵਾਲੇ ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰ ਤਹਿਤ ਵਿਭਾਗ ਵੱਲੋਂ 2023 ਦੇ ਵੱਖ-ਵੱਖ ਵੰਨਗੀਆਂ ਨਾਲ ਸਬੰਧਤ 10 ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਗਿਆ ਹੈ।

ਇਸ ਦੌਰਾਨ ਗਿਆਨੀ ਗੁਰਮੁੱਖ ਸਿੰਘ ਮੁਸਾਫ਼ਿਰ ਪੁਰਸਕਾਰ (ਕਵਿਤਾ) ਲਖਵਿੰਦਰ ਜੌਹਲ ਦੀ ਪੁਸਤਕ 'ਪਾਣੀ ਹੋਏ ਵਿਚਾਰ' ਨੂੰ, ਨਾਨਕ ਸਿੰਘ ਪੁਰਸਕਾਰ (ਨਾਵਲ) ਲੇਖਕ ਅਜ਼ੀਜ਼ ਸਰੋਏ ਦੀ ਪੁਸਤਕ 'ਆਪਣੇ ਲੋਕ' ਨੂੰ, ਗੁਰਬਖ਼ਸ਼ ਸਿੰਘ ਪ੍ਰੀਤਲੜੀ ਪੁਰਸਕਾਰ (ਨਿਬੰਧ/ਸਫ਼ਰਨਾਮਾ) ਬਲਦੇਵ ਸਿੰਘ ਧਾਲੀਵਾਲ ਦੀ ਪੁਸਤਕ 'ਕੰਜ-ਕੁਆਰੀ ਧਰਤੀ (ਪੁਡੂਚੇਰੀ ਅਤੇ ਅੰਡੇਮਾਨ ਦੇ ਟਾਪੂਆਂ ਦਾ ਸਫ਼ਰ)' ਨੂੰ, ਭਾਈ ਵੀਰ ਸਿੰਘ ਪੁਰਸਕਾਰ (ਜੀਵਨੀ/ਟੀਕਾਕਾਰੀ/ਕੋਸ਼ਕਾਰੀ) ਰਾਕੇਸ਼ ਕੁਮਾਰ ਦੀ ਪੁਸਤਕ 'ਕ੍ਰਾਂਤੀਕਾਰੀ ਸ਼ੇਰ ਜੰਗ ਸ਼ੇਰਾਂ ਵਰਗਾ ਸ਼ੇਰ' ਨੂੰ, ਡਾ. ਅਤਰ ਸਿੰਘ ਪੁਰਸਕਾਰ (ਆਲੋਚਨਾ) ਡਾ. ਸਰਵਨ ਸਿੰਘ ਪਰਦੇਸੀ ਦੀ ਪੁਸਤਕ 'ਸੂਫ਼ੀ ਲਹਿਰ ਦਾ ਸਮਾਜਕ ਮਾਡਲ (ਖੁੱਲ੍ਹੀਆਂ ਅੱਖਾਂ ਦੇ ਸੁਪਨੇ)' ਨੂੰ, ਪ੍ਰਿੰਸੀਪਲ ਤੇਜਾ ਸਿੰਘ ਪੁਰਸਕਾਰ (ਸੰਪਾਦਨ) ਹਰਦੀਪ ਬਾਵਾ ਦੀ ਪੁਸਤਕ 'ਨਾ ਨਰ ਨਾ ਨਾਰੀ' ਨੂੰ, ਡਾ. ਐੱਮਐੱਸ ਰੰਧਾਵਾ ਪੁਰਸਕਾਰ (ਗਿਆਨ ਸਾਹਿਤ) ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਵਾਸੂ ਦੀ ਪੁਸਤਕ 'ਗੁਰਮਤਿ: ਸੰਪੂਰਨ ਜੀਵਨ ਦਾ ਮਾਰਗ' ਨੂੰ, ਸ੍ਰੀ ਗੁਰੂ ਹਰਿਕ੍ਰਿਸ਼ਨ ਪੁਰਸਕਾਰ (ਬਾਲ ਸਾਹਿਤ), ਸਿਮਰਤ ਸੁਮੈਰਾ ਦੀ ਪੁਸਤਕ 'ਸੁਨਹਿਰੀ ਟਾਪੂ' (ਬਾਲ ਕਥਾ) ਨੂੰ, ਪ੍ਰੋ. ਗੁਰਦਿਆਲ ਸਿੰਘ ਪੁਰਸਕਾਰ (ਅਨੁਵਾਦ) ਬੂਟਾ ਸਿੰਘ ਚੌਹਾਨ ਦੀ ਪੁਸਤਕ 'ਚੋਰ ਉਚੱਕੇ' (ਮਰਾਠੀ ਲੇਖਕ ਲਕਸ਼ਮਣ ਗਾਇਕਵਾੜ ਦੀ ਸਵੈ-ਜੀਵਨੀ) ਨੂੰ ਅਤੇ ਭਾਈ ਕਾਨ੍ਹ ਸਿੰਘ ਨਾਭਾ ਪੁਰਸਕਾਰ (ਵਿਆਕਰਣ/ਭਾਸ਼ਾ ਵਿਗਿਆਨ/ਹਵਾਲਾ ਗ੍ਰੰਥ) ਨਿਹਾਲ ਸਿੰਘ ਮਾਨ ਦੀ ਪੁਸਤਕ 'ਗੁਰਬਾਣੀ ਲਿਪੀ ਗੁੱਝੇ ਭੇਦ' ਨੂੰ ਦਿੱਤੇ ਜਾਣਗੇ। ਇਨ੍ਹਾਂ ਪੁਰਸਕਾਰਾਂ ਲਈ ਵੱਖ-ਵੱਖ ਵੰਨਗੀਆਂ ਦੀਆਂ 144 ਪੁਸਤਕਾਂ ਪ੍ਰਾਪਤ ਹੋਈਆਂ ਸਨ।



ਸਰਵੋਤਮ ਪੁਰਸਕਾਰ ਜੇਤੂ ਪੁਸਤਕਾਂ ਦੇ ਸਰਵਰਕ।

**ਨਵੰਬਰ ਦੇ ਪਹਿਲੇ ਹਫ਼ਤੇ ਦਿੱਤੇ ਜਾਣਗੇ ਪੁਰਸਕਾਰ**

ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਹ ਪੁਰਸਕਾਰ ਨਵੰਬਰ 2024 ਦੇ ਪਹਿਲੇ ਹਫ਼ਤੇ ਪੰਜਾਬੀ ਮਾਹ ਦੇ ਰਾਜ ਪੱਧਰੀ ਉਦਘਾਟਨੀ ਸਮਾਗਮ ਦੌਰਾਨ ਭਾਸ਼ਾ ਭਵਨ, ਪਟਿਆਲਾ ਵਿੱਚ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਬਾਕੀ ਰਹਿੰਦੇ ਸਰਵੋਤਮ ਪੁਸਤਕ ਪੁਰਸਕਾਰਾਂ ਦਾ ਐਲਾਨ ਜਲਦੀ ਕਰ ਦਿੱਤਾ ਜਾਵੇਗਾ ਅਤੇ ਇਹ ਪੰਜਾਬੀ ਮਾਹ ਦੇ ਸਮਾਗਮਾਂ ਦੌਰਾਨ ਹੀ ਪ੍ਰਦਾਨ ਕਰ ਦਿੱਤੇ ਜਾਣਗੇ।

---

WED,09 OCTOBER 2024
EDITION: PATIALA BANI, PAGE NO. 4

## ਭਾਸ਼ਾ ਵਿਭਾਗ ਵੱਲੋਂ ਸਾਲ 2023 ਦੇ ਪੰਜਾਬੀ ਦੇ ਸਰਵੋਤਮ ਪੁਸਤਕ ਪੁਰਸਕਾਰਾਂ ਦਾ ਐਲਾਨ

ਪਟਿਆਲਾ, 8 ਅਕਤੂਬਰ (ਰਾਜੇਸ਼ ਪੰਜੌਲਾ)- ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ, ਪੰਜਾਬ ਰਾਹੀਂ ਹਰ ਸਾਲ ਪੰਜਾਬੀ, ਹਿੰਦੀ ਅਤੇ ਉਰਦੂ ਦੀਆਂ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣ ਵਾਲੇ ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰ ਤਹਿਤ ਵਿਭਾਗ ਵੱਲੋਂ ਸਾਲ 2023 ਦੇ ਵੱਖ-ਵੱਖ ਵੰਨਗੀਆਂ ਨਾਲ ਸਬੰਧਤ 10 ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਗਿਆ ਹੈ।

Zafar assured Bhawan's Deputy Resident Commissioner Asita Sharma that the department aimed at installing portraits of 100 distinguished Punjabi intellectuals by the end of the year.

Alok Chawla, Assistant Director, Language Depart-

दैनिक भास्कर — पटियाला भास्कर 02-02-2025

## भाषा विभाग ने नई दिल्ली के पंजाब भवन में 20 और दानदाताओं के चित्र स्थापित किए



## Punjab Bhawan initiates to showcase photos of eminent Punjabi literary figures

PUNJAB EXPRESS BUREAU

New Delhi, November 14



Heading forward to execute its decision taken recently, The Punjab Language Department has initiated the installation of photos of renowned Punja[bi] ... Amrita Pritam. The first floor, near the Chief Minister's office, showcases photos of three prominent Punjabi poets namely Shiv Kumar Batalvi, Pash, and Surjit Patar. Similarly, the second floor features photos of Ishwar Chander Nanda, the father of Punjabi theater, and Dr. Mohinder Singh Randhawa, known for his pioneering work for Punjabi art and culture. Lastly, the third floor displays photos of progressive poets Bawa Balwant, Lal Singh Dil, and Firoz Din Sharaf. Director of the Language Department Punjab, Jaswant Singh Zafar informed that approximately 100 photos of prominent Punjabi poets, writers, thinkers, and language experts will be installed on all floors of both A and B blocks of Punjab Bhawan in the near future.

## ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲੇ

# ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀ ਵੀ ਬਣੇ ਪੰਜਾਬੀ ਮਾਹ ਦੇ ਸਮਾਗਮਾਂ ਦਾ ਹਿੱਸਾ







ਭਾਸ਼ਾ ਵਿਭਾਗ ਪੰਜਾਬ, ਵੱਲੋਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਰਹਿਨਮਾਈ, ਸ. ਹਰਜੋਤ ਸਿੰਘ ਬੈਂਸ ਸਿੱਖਿਆ ਅਤੇ ਭਾਸ਼ਾ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਪੰਜਾਬੀ ਮਾਹ-2024 ਤਹਿਤ ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲਾ ਗੁਰੂ ਨਾਨਕ ਦੇਵ ਆਡੀਟੋਰੀਅਮ, ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਕਪੂਰਥਲਾ ਵਿਖੇ ਕਰਵਾਇਆ ਗਿਆ। ਸਮਾਗਮ ਦਾ ਆਰੰਭ ਵਿਭਾਗੀ ਧੁਨੀ ਨਾਲ਼ ਹੋਇਆ ਇਸ ਉਪਰੰਤ ਜਸਪ੍ਰੀਤ ਕੌਰ ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਵੱਲੋਂ ਸਮਾਗਮ ਵਿੱਚ ਪੰਜਾਬ ਭਰ ਤੋਂ ਪਹੁੰਚਣ ਵਾਲੇ ਪ੍ਰਤੀਯੋਗੀਆਂ ਤੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।




ਸਮਾਗਮ ਦੌਰਾਨ ਪਦਮਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਹਨਾਂ ਕਿਹਾ ਕਿ ਵਰਤਮਾਨ ਸਮੇਂ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ ਅਗਵਾਈ ਵਿੱਚ ਪੰਜਾਬੀ ਭਾਸ਼ਾ ਦੇ ਪਾਸਾਰ ਲਈ ਸ਼ਲਾਘਾਯੋਗ ਕਾਰਜ ਕਰ ਰਿਹਾ ਹੈ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਹਰਪ੍ਰੀਤ ਕੌਰ, ਸੰਯੁਕਤ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਸਾਨੂੰ ਸਾਰਿਆਂ ਨੂੰ ਵਚਨਬੱਧ ਹੋਣ ਦੀ ਲੋੜ ਹੈ। ਉਹਨਾਂ ਆਏ ਹੋਏ ਮਹਿਮਾਨਾਂ, ਵਿਦਿਆਰਥੀਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਹਨਾਂ ਦੀ ਮਿਹਨਤ ਹੀ ਸਮਾਜਿਕ ਸਾਕਾਰਾਤਮਕ ਸੋਚ ਨੂੰ ਉਭਾਰਦੀ ਹੈ। ਵਿਸ਼ੇਸ਼ ਮਹਿਮਾਨ ਡਾ. ਵਿਕਾਸ ਚਾਵਲਾ ਡੀਨ ਅਕਾਦਮਿਕ ਆਈ.ਕੇ.ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਨੇ ਕਿਹਾ ਕਿ ਸਾਨੂੰ ਵੱਖ-ਵੱਖ ਭਾਸ਼ਾਵਾਂ ਸਿੱਖਣੀਆਂ ਚਾਹੀਦੀਆਂ ਹਨ ਪਰ ਆਪਣੀ ਮਾਂ ਬੋਲੀ ਨਾਲ ਅਟੁੱਟ ਰਿਸ਼ਤਾ ਰੱਖਣਾ ਚਾਹੀਦਾ ਹੈ।

ਮੇਜ਼ਬਾਨ ਜ਼ਿਲ੍ਹਾਂ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਨੇ ਦੱਸਿਆ ਪੰਜਾਬ ਸਰਕਾਰ ਵੱਲੋਂ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦੇ ਵਿਕਾਸ ਲਈ ਉਠਾਏ ਜਾ ਰਹੇ ਕਦਮਾਂ ਸਦਕਾ ਹੀ ਅਜਿਹੇ ਪੰਜਾਬੀ ਭਾਸ਼ਾ ਨੂੰ ਸਮਰਪਿਤ ਸਮਾਗਮ ਕਰਵਾਏ ਜਾਣੇ ਸੰਭਵ ਹੋਏ ਹਨ। ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਸ.ਜਸਵੰਤ ਸਿੰਘ ਜ਼ਫ਼ਰ ਹੋਰਾਂ ਦੀ ਦੂਰ ਅੰਦੇਸ਼ੀ ਸੋਚ ਕਰਕੇ ਪੂਰਾ ਨਵੰਬਰ ਮਹੀਨਾ ਪੰਜਾਬੀ ਭਾਸ਼ਾ ਅਤੇ ਸਾਹਿਤ ਨੂੰ ਸਮਰਪਿਤ ਕੀਤਾ ਗਿਆ ਹੈ। ਦੱਸਣਯੋਗ ਹੈ ਕਿ ਇਸ ਸਮਾਗਮ ਦਾ ਆਰੰਭ ਜ਼ਿਲ੍ਹਾ ਪੱਧਰ ਤੇ ਭਾਗ ੳ,ਅ,ੲ ਵਿੱਚ ਪਹਿਲਾਂ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਪ੍ਰਸ਼ਨੋਤਰੀ ਮੁਕਾਬਲੇ ਨਾਲ ਕੀਤਾ ਗਿਆ। ਸਹਾਇਕ ਨਿਰਦੇਸ਼ਕ ਸ੍ਰੀਮਤੀ ਸੁਰਿੰਦਰ ਕੌਰ ਵੱਲੋਂ ਸਮਾਗਮ ਵਿੱਚ ਸ਼ਿਰਕਤ ਕਰਨ ਵਾਲੇ ਮਹਿਮਾਨਾਂ ਦਾ ਪੌਦਿਆਂ ਨਾਲ ਸਵਾਗਤ ਕੀਤਾ। ਸਮਾਗਮ ਦੌਰਾਨ ਲਿਟਲ ਏਂਜਲ ਸਕੂਲ, ਕਪੂਰਥਲਾ ਦੀਆਂ ਵਿਦਿਆਰਥਣਾਂ ਵੱਲੋਂ ਪੰਜਾਬ ਦਾ ਲੋਕ ਨਾਚ ਭੰਗੜਾ ਪੇਸ਼ ਕੀਤਾ ਗਿਆ

ਸਮਾਗਮ ਵਿੱਚ ਡਾ. ਰਾਜੇਸ਼ ਗਰੋਵਰ ਨਿਰਦੇਸ਼ਕ ਸਾਇੰਸ ਸਿਟੀ




ਕਪੂਰਥਲਾ, ਸ੍ਰੀ ਕਪਿਲ ਜਿੰਦਲ ਸਹਾਇਕ ਕਮਿਸ਼ਨਰ ਕਪੂਰਥਲਾ, ਡਾ. ਬਲਵਿੰਦਰ ਸਿੰਘ ਬੱਟੂ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਸ. ਸੁਬੇਗ ਸਿੰਘ ਲੋਕ ਸੰਪਰਕ ਅਫ਼ਸਰ ਕਪੂਰਥਲਾ ਅਤੇ ਪਾਲ ਸਿੰਘ ਨਾਉਲੀ ਨਿੱਜੀ ਸਹਾਇਕ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਪੰਜਾਬ ਦੇ ਜ਼ਿਲ੍ਹਿਆਂ ਵਿੱਚੋਂ ੳ, ਅ ਅਤੇ ੲ ਵਰਗ ਦੇ 66 ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸ਼ਹਿਬਾਜ਼ ਖਾਨ ਤੇ ਮੁਨੱਜਾ ਇਰਸ਼ਾਦ ਵੱਲੋਂ ਤਿੰਨੋਂ ਵਰਗ ਦੇ ਮੁਕਾਬਲੇ ਵਿੱਚ ਕੁਇਜ਼ ਮਾਸਟਰ ਵਜੋਂ ਬੜੀ ਤਨਦੇਹੀ ਨਾਲ ਤੇ ਰੌਚਕਤਾ ਭਰਪੂਰ ਭੂਮਿਕਾ ਨਿਭਾਈ ਗਈ। ਵਿਭਾਗ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁਨੱਜਾ ਇਰਸ਼ਾਦ, ਕੁਲਦੀਪ ਕੌਰ, ਅਸ਼ਮਿੰਦਰ ਕੌਰ, ਮਨਦੀਪ ਕੌਰ, ਕੋਮਲ, ਸਵਰਾਜ ਕੌਰ, ਅਮਨਦੀਪ ਕੌਰ, ਅਰਜਨਜੀਤ ਸਿੰਘ, ਹਰਜਿੰਦਰ ਸਿੰਘ, ਗਗਨਦੀਪ ਸਿੰਘ, ਸਲਮਾਨ ਅਤੇ ਅਤੁੱਲ ਸ਼ਰਮਾ ਵੱਲੋਂ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਈ ਗਈ। ਮੰਚ ਸੰਚਾਲਨ ਦੀ ਭੂਮਿਕਾ ਡਾ. ਕੁਲਦੀਪ ਸਿੰਘ ਚੌਹਾਨ ਨੇ ਨਿਭਾਈ।

> **‘ੳ’ ਵਰਗ (ਅੱਠਵੀਂ ਜਮਾਤ ਤੱਕ) ’ਚ ਨਵਕਰਨ ਸਿੰਘ ਐੱਮ.ਆਰ.ਸਿਟੀ ਪਬਲਿਕ ਸਕੂਲ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਪਹਿਲਾ, ਰਵਨੀਤ ਕੌਰ ਬਾਬਾ ਫ਼ਰੀਦ ਪਬਲਿਕ ਸਕੂਲ ਜ਼ਿਲ੍ਹਾ ਫ਼ਰੀਦਕੋਟ ਨੇ ਦੂਜਾ ਅਤੇ ਅਗਮਜੋਤ ਕੌਰ ਸ਼ਿਵਾਲਿਕ ਪਬਲਿਕ ਸਕੂਲ ਸੈਕਟਰ-41 ਬੀ ਚੰਡੀਗੜ੍ਹ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ‘ਅ’ ਵਰਗ (ਨੌਵੀਂ ਤੋਂ ਬਾਰਵੀਂ ਜਮਾਤ ਤੱਕ) ਦੇ ਮੁਕਾਬਲੇ ਵਿੱਚ ਸੁਖਮਨ ਕੌਰ ਦਸਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਬਾਦਲ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੇ ਪਹਿਲਾ, ਪਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਕੋਟ ਬਾਬਾ ਦੀਪ ਸਿੰਘ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਦੂਜਾ ਅਤੇ ਪ੍ਰੀਤਿਕਾ ਅਮਰਦੀਪ ਸੀਨੀਅਰ ਸੈਕੰਡਰੀ ਸਕੂਲ ਮੁਕੰਦਪੁਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਤੀਜਾ ਸਥਾਨ ਹਾਸਲ ਕੀਤਾ। ‘ੲ’ ਵਰਗ (ਕਾਲਜ ਪੱਧਰ) ਦੇ ਮੁਕਾਬਲੇ ਵਿੱਚ ਸੁਖਪ੍ਰੀਤ ਕੌਰ ਸਰਕਾਰੀ ਕਾਲਜ ਰੋਪੜ ਨੇ ਪਹਿਲਾ ਨਿਰਮਲਾ ਰਾਣੀ ਡਾਈਟ ਵੇਰਕਾ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਦੂਜਾ ਅਤੇ ਅਰਸ਼ਦੀਪ ਸਿੰਘ ਮੀਰੀ ਪੀਰੀ ਖਾਲਸਾ ਕਾਲਜ ਭਦੌੜ ਜ਼ਿਲ੍ਹਾ ਬਰਨਾਲਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਵੱਖ-ਵੱਖ ਵਰਗਾਂ ਦੇ ਜੇਤੂ ਵਿਦਿਆਰਥੀਆਂ ਨੂੰ ਵਿਭਾਗ ਵੱਲੋਂ ਨਕਦ ਇਨਾਮ ਰਾਸ਼ੀ, ਸਰਟੀਫਿਕੇਟ ਅਤੇ ਤਮਗੇ ਦੇ ਕੇ ਸਨਮਾਨਿਤ ਕੀਤਾ ਗਿਆ।**




## ਗਾਉਂਦੀ ਸ਼ਾਇਰੀ

# ਪੰਜਾਬ ਦੀਆਂ ਸੁਖ਼ਨ ਤੇ ਸੁਰ ਸਬੰਧੀ ਰਵਾਇਤਾਂ ਕਾਇਮ ਰੱਖਣ ਦਾ ਹੋਕਾ

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਸਰਪ੍ਰਸਤੀ 'ਚ ਅਤੇ ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ 'ਚ ਭਾਸ਼ਾ ਵਿਭਾਗ, ਪੰਜਾਬ ਵੱਲੋਂ ਮਨਾਏ ਜਾ ਰਹੇ ਪੰਜਾਬੀ ਮਾਹ-2024 ਤਹਿਤ ਇੱਥੇ ਭਾਸ਼ਾ ਭਵਨ ਵਿਖੇ ਗਾਉਂਦੀ ਸ਼ਾਇਰੀ ਬੈਨਰ ਹੇਠ 25 ਨਵੰਬਰ, 2024 ਨੂੰ ਰਾਜ ਪੱਧਰੀ ਬਾਤੁਰੰਨਮ ਕਵੀ ਦਰਬਾਰ ਕਰਵਾਇਆ ਗਿਆ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ 'ਚ ਕਰਵਾਏ ਗਏ ਇਸ ਕਵੀ ਦਰਬਾਰ ਦੌਰਾਨ ਸ਼੍ਰੋਮਣੀ ਕਵੀ ਡਾ. ਸੁਰਿੰਦਰ ਗਿੱਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਸਮਾਗਮ ਦੀ ਪ੍ਰਧਾਨਗੀ ਡਾ. ਰਾਜੇਸ਼ ਮੋਹਨ ਮੁਖੀ, ਸੰਗੀਤ ਵਿਭਾਗ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਨੇ ਕੀਤੀ। ਸਮਾਗਮ ਦੌਰਾਨ ਸੂਬੇ ਭਰ 'ਚੋਂ ਆਏ ਡੇਢ ਦਰਜਨ ਦੇ ਕਰੀਬ ਨਾਮਵਰ ਕਵੀਆਂ ਨੇ ਆਪਣੀਆਂ ਨਜ਼ਮਾਂ, ਸਾਹਿਤਕ ਗੀਤਾਂ ਅਤੇ ਗ਼ਜ਼ਲਾਂ ਨਾਲ ਰੰਗ ਬੰਨ੍ਹਿਆ।

ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ 'ਚ ਕਿਹਾ ਕਿ ਪੰਜਾਬ ਸੁਖ਼ਨ ਤੇ ਸੁਰ ਦੀ ਧਰਤੀ ਹੈ। ਜਿਸ ਦੇ ਰੋਮ-ਰੋਮ ਵਿੱਚ ਕਾਵਿ ਤੇ ਸੰਗੀਤ ਹੈ। ਮਸ਼ੀਨੀ ਯੁੱਗ ਨੇ ਪੰਜਾਬੀ ਜਨਜੀਵਨ 'ਚੋਂ ਇਹ ਦੋਨੋਂ ਸੂਖ਼ਮ ਕਲਾਵਾਂ ਮਨਫ਼ੀ ਕਰ ਦਿੱਤੀਆਂ ਹਨ ਜਿਸ ਕਾਰਨ ਸਾਡੇ ਸੁਭਾਅ ਦਾ ਵੀ ਮਸ਼ੀਨੀਕਰਨ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਦੇ ਜਨਮ ਤੋਂ ਲੈ ਕੇ ਮਰਨ ਤੱਕ ਦੀਆਂ ਰਸਮਾਂ ਸੰਗੀਤ ਨਾਲ ਲਬਰੇਜ਼ ਹਨ ਪਰ ਅਸੀਂ ਆਪਣੀ ਇਸ ਅਮੀਰ ਵਿਰਾਸਤ ਨੂੰ ਛੱਡ ਰਹੇ ਹਾਂ ਜਿਸ ਕਾਰਨ ਸਾਡੇ ਜਨਜੀਵਨ 'ਚ ਮਾਰਧਾੜ ਭਾਰੂ ਹੋ ਰਹੀ ਹੈ। ਉਹਨਾਂ ਨੇ ਸਮਾਗਮ 'ਚ ਸ਼ਿਰਕਤ ਕਰਨ ਵਾਲੇ ਕਵੀਆਂ ਤੇ ਸਰੋਤਿਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬੀ ਜਨਜੀਵਨ ਦੀਆਂ ਸੁਖ਼ਨ ਤੇ ਸੁਰ ਸਬੰਧੀ ਰਵਾਇਤਾਂ ਨੂੰ ਕਾਇਮ ਰੱਖਣ। ਆਪਣੇ ਪ੍ਰਧਾਨਗੀ ਭਾਸ਼ਣ 'ਚ ਡਾ. ਰਾਜੇਸ਼ ਮੋਹਨ ਨੇ ਕਿਹਾ ਕਿ ਸ਼ਾਇਰੀ ਤੇ ਗੀਤਕਾਰੀ ਦੋਨੋਂ ਹੀ ਇੱਕ ਦੂਜੇ ਦੀਆਂ ਪੂਰਕ ਹਨ ਜਿਨ੍ਹਾਂ ਨੂੰ ਵੱਖ ਨਹੀਂ ਕੀਤਾ ਜਾ ਸਕਦਾ ਹੈ ਅਤੇ ਦੋਨੋਂ ਹੀ ਵਿਧਾਵਾਂ 'ਚੋਂ ਸੰਗੀਤ ਉਪਜਦਾ ਹੈ। ਉਨ੍ਹਾਂ








ਕਿਹਾ ਕਿ ਪੰਜਾਬ ਦੀ ਵਿਰਾਸਤ ਬੜੀ ਅਮੀਰ ਹੈ ਗੁਰੂ ਨਾਨਕ ਦੇਵ ਜੀ ਦੀ ਬਾਣੀ ਤੋਂ ਲੈ ਕੇ ਵੱਖ-ਵੱਖ ਯੁੱਗ ਕਵੀਆਂ ਦੀਆਂ ਰਚਨਾਵਾਂ 'ਚੋਂ ਉਪਜਦਾ ਸੰਗੀਤ ਸਾਡੇ ਜੀਵਨ ਨੂੰ ਸੂਖ਼ਮਤਾ ਤੇ ਸਹਿਜ ਪ੍ਰਦਾਨ ਕਰਦਾ ਹੈ। ਮੁੱਖ ਮਹਿਮਾਨ ਡਾ. ਸੁਰਿੰਦਰ ਗਿੱਲ ਨੇ ਭਾਸ਼ਾ ਵਿਭਾਗ ਵੱਲੋਂ ਕਰਵਾਏ ਗਏ ਬਾਤਰੰਨੁਮ ਕਵੀ ਦਰਬਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਰਵਾਇਤ ਕਾਇਮ ਰੱਖਣੀ ਚਾਹੀਦੀ ਹੈ, ਜਿਸ ਨਾਲ ਸਾਡੇ ਕਾਵਿ ਦੇ ਸਰੋਤਿਆਂ ਦਾ ਘੇਰਾ ਵਿਸ਼ਾਲ ਹੋਵੇਗਾ ਅਤੇ ਸਾਡੀ ਨਵੀਂ ਪੀੜ੍ਹੀ ਨੂੰ ਸਿਹਤਮੰਦ ਸਾਹਿਤ ਨਾਲ ਜੁੜਨ ਦੇ ਮੌਕੇ ਮਿਲਣਗੇ। ਇਸ ਮੌਕੇ ਉਨ੍ਹਾਂ ਮਰਹੂਮ ਸ਼ਾਇਰ ਸੁਰਜੀਤ ਪਾਤਰ ਨੂੰ ਇੱਕ ਨਜ਼ਮ ਰਾਹੀਂ ਯਾਦ ਕੀਤਾ।

ਇਸ ਸਮਾਗਮ ਦੌਰਾਨ ਨਾਮਵਰ ਕਵੀ ਤ੍ਰੈਲੋਚਨ ਲੋਚੀ, ਪ੍ਰਮੋਦ ਕਾਫ਼ਿਰ, ਡਾ. ਸੁਰਿੰਦਰ ਗਿੱਲ, ਡਾ. ਰਾਜੇਸ਼ ਮੋਹਨ, ਡਾ. ਅਜੀਤਪਾਲ ਜਟਾਣਾ, ਕਰਨਜੀਤ ਸਿੰਘ, ਸ਼ਬਦੀਸ਼, ਅਵਤਾਰਜੀਤ ਅਟਵਾਲ, ਧਰਮ ਕੰਮੇਆਣਾ, ਜਸਵਿੰਦਰ ਚਾਹਲ ਮਾਨਸਾ, ਪਵਨਦੀਪ ਚੌਹਾਨ, ਕੁਲਵਿੰਦਰ ਕੁੱਲਾ, ਡਾ. ਆਸ਼ਾ ਕਿਰਨ, ਗੁਰਜੰਟ ਰਾਜੇਆਣਾ, ਮਨਦੀਪ ਲੁਧਿਆਣਾ ਤੇ ਸੁਰ ਇੰਦਰ ਨੇ ਆਪੋ-ਆਪਣੇ ਕਲਾਮ ਪੇਸ਼ ਕਰਕੇ ਮਾਹੌਲ ਨੂੰ ਕਾਵਿਕ ਬਣਾ ਦਿੱਤਾ। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਅਜੀਤਪਾਲ ਸਿੰਘ ਜਟਾਣਾ ਨੇ ਕਵੀ ਦਰਬਾਰ ਦਾ ਸੰਚਾਲਨ ਕੀਤਾ। ਸਮਾਗਮ ਦੇ ਆਯੋਜਕ ਪੰਜਾਬੀ ਵਿਕਾਸ ਵਿਭਾਗ ਦੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ ਨੇ ਸਭ ਦਾ ਧੰਨਵਾਦ ਕੀਤਾ। ਸਾਰੇ ਕਵੀਆਂ ਤੇ ਮਹਿਮਾਨਾਂ ਨੂੰ ਵਿਭਾਗ ਵੱਲੋਂ ਸ਼ਾਲਾਂ ਨਾਲ ਸਨਮਾਨ ਦਿੱਤਾ ਗਿਆ। ਮੰਚ ਸੰਚਾਲਨ ਡਾ. ਸੁਖਦਰਸ਼ਨ ਸਿੰਘ ਚਹਿਲ ਖੋਜ ਅਫ਼ਸਰ ਨੇ ਕੀਤਾ। ਇਸ ਮੌਕੇ ਸ਼੍ਰੋਮਣੀ ਕਵੀ ਦਰਸ਼ਨ ਬੁੱਟਰ ਤੇ ਬਲਵਿੰਦਰ ਸੰਧੂ, ਡਾ. ਸੁਰਜੀਤ ਸਿੰਘ ਪੰਜਾਬੀ ਯੂਨੀਵਰਸਿਟੀ, ਪ੍ਰਿੰ. ਮਨਮੋਹਨ ਸਿੰਘ, ਗੁਰਵਿੰਦਰ ਅਮਨ, ਨਵਦੀਪ ਮੁੰਡੀ, ਅਮਰਜੀਤ ਵੜੈਚ ਸਮੇਤ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ ਹਾਜ਼ਰ ਸਨ। ਇਸ ਮੌਕੇ ਵਿਭਾਗ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।




ਪੰਜਾਬੀ ਮਾਂ-ਬੋਲੀ


ਪੰਜਾਬੀ


ਪੰਜਾਬੀ ਮਾਹ -2024
ਦੇ ਸਮਾਗਮਾਂ ਦੀ ਲੜੀ ਵਿਚ
ਸ. ਭਗਵੰਤ ਸਿੰਘ ਮਾਨ


ਗਾਉਂਦੀ ਸ਼ਾਇਰੀ
(ਬਾਤਰੰਨੁਮ ਕਵੀ ਦਰਬਾਰ)
ਮੁੱਖ ਮਹਿਮਾਨ
ਡਾ. ਸੁਰਿੰਦਰ ਗਿੱਲ
ਸ਼੍ਰੋਮਣੀ ਪੰਜਾਬੀ ਕਵੀ
ਪ੍ਰਧਾਨਗੀ
ਡਾ. ਰਾਜੇਸ਼ ਮੋਹਨ





ਜੀ ਆਇਆਂ ਨੂੰ




ਪੰਜਾਬੀ







ESSENTIALS





## ਨਾਟ ਉਤਸਵ

# ਨਾਟਕਾਂ ਰਾਹੀਂ ਪੌਣ-ਪਾਣੀ ਤੇ ਬੋਲੀ ਸਾਂਭਣ ਦਾ ਹੋਕਾ

ਭਾਸ਼ਾ ਵਿਭਾਗ ਪੰਜਾਬ, ਵੱਲੋਂ ਮਨਾਏ ਗਏ ਪੰਜਾਬੀ ਮਾਹ-2024 ਅਧੀਨ ਬਠਿੰਡਾ ਵਿਖੇ ਪੰਜ-ਰੋਜ਼ਾ ਰਾਜ ਪੱਧਰੀ ਨਾਟ-ਉਤਸਵ ਦਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਜ਼ਫ਼ਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਬਠਿੰਡਾ ਵੱਲੋਂ ਮਿਤੀ 25 ਤੋਂ 29 ਨਵੰਬਰ, 2024 ਤੱਕ ਆਯੋਜਨ ਕੀਤਾ ਗਿਆ। ਨਾਟ-ਉਤਸਵ ਦਾ ਆਗਾਜ਼ ਨੁੱਕੜ ਨਾਟਕਾਂ ਰਾਹੀਂ ਕੀਤਾ ਗਿਆ। ਜ਼ਿਲ੍ਹਾ ਭਾਸ਼ਾ ਅਫ਼ਸਰ, ਬਠਿੰਡਾ ਕੀਰਤੀ ਕਿਰਪਾਲ ਦੇ ਨਿਰਦੇਸ਼ਨ ਹੇਠ ਕੀਤੇ ਨਾਟਕ 'ਵਾਤਾਵਰਣ ਬਚਾਓ' ਦੇ ਪਹਿਲੇ ਦਿਨ ਬਠਿੰਡਾ ਜ਼ਿਲ੍ਹੇ ਦੇ ਤਿੰਨ ਬਲਾਕਾਂ 'ਚ ਪੈਂਦੇ ਤਿੰਨ ਸਕੂਲਾਂ ਵਿੱਚ ਸ਼ੋਅ ਕੀਤੇ ਗਏ। ਖੋਜ ਅਫ਼ਸਰ ਬਠਿੰਡਾ ਨਵਪ੍ਰੀਤ ਸਿੰਘ ਦੀ ਦੇਖ-ਰੇਖ ਹੇਠ ਪਹਿਲਾ ਸ਼ੋਅ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਹਿਰੀ ਬੁੱਟਰ (ਬਲਾਕ ਸੰਗਤ), ਦੂਜਾ ਸ਼ੋਅ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਹੀਨੰਗਲ (ਬਲਾਕ ਤਲਵੰਡੀ ਸਾਬੋ) ਅਤੇ ਤੀਜਾ ਸ਼ੋਅ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਏਖਾਨਾ (ਬਲਾਕ ਮੌੜ) ਵਿਖੇ ਕੀਤਾ ਗਿਆ। ਵਾਤਾਵਰਣ ਸਬੰਧੀ ਜਾਗਰੂਕ ਕਰਦੇ ਇਸ ਨਾਟਕ ਨੂੰ ਇਸ ਤਰ੍ਹਾਂ ਮਨੋਰੰਜਕ ਅੰਦਾਜ਼ ਵਿੱਚ ਪੇਸ਼ ਕੀਤਾ ਗਿਆ ਕਿ ਇਸ ਨਾਟਕ ਦਾ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਨੇ ਖ਼ੂਬ ਅਨੰਦ ਮਾਣਿਆ। ਇਸ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਹਿਰੀ ਬੁੱਟਰ ਦੇ ਪ੍ਰਿੰਸੀਪਲ ਸ. ਜਸਪਾਲ ਸਿੰਘ ਰੋਮਾਣਾ ਨੇ ਨਾਟਿਅਮ ਦੇ ਅਦਾਕਾਰਾਂ ਦੀ ਪੇਸ਼ਕਾਰੀ ਤੋਂ ਖ਼ੁਸ਼ ਹੋ ਕੇ ਉਨ੍ਹਾਂ ਨੂੰ ਤਮਗਿਆਂ ਨਾਲ ਸਨਮਾਨਿਤ ਕੀਤਾ। ਦੂਜੇ ਦਿਨ ਵੀ 'ਵਾਤਾਵਰਣ ਬਚਾਓ' ਨਾਟਕ ਦੇ ਬਠਿੰਡਾ ਜ਼ਿਲ੍ਹਾ ਦੇ ਹੋਰ ਤਿੰਨ ਬਲਾਕਾਂ ਵਿੱਚ ਸ਼ੋਅ ਕੀਤੇ ਗਏ। ਸ. ਕੀਰਤੀ ਕਿਰਪਾਲ ਨੇ ਦੱਸਿਆ ਕਿ ਖੋਜ ਅਫ਼ਸਰ ਬਠਿੰਡਾ ਨਵਪ੍ਰੀਤ ਸਿੰਘ ਦੀ ਦੇਖ-ਰੇਖ ਹੇਠ ਪਹਿਲਾ ਸ਼ੋਅ ਸਰਕਾਰੀ ਹਾਈ ਸਕੂਲ ਨੇਹੀਆਂ ਵਾਲ਼ਾ, ਦੂਜਾ ਸ਼ੋਅ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਵੀਆਂ ਅਤੇ ਤੀਜਾ ਸ਼ੋਅ ਸਰਕਾਰੀ ਹਾਈ ਸਕੂਲ ਹਰਰਾਏਪੁਰ ਵਿਖੇ ਕੀਤਾ ਗਿਆ। ਮਨੋਰੰਜਕ ਤਰੀਕੇ ਨਾਲ਼








ਵਾਤਾਵਰਣ ਨੂੰ ਸਵੱਛ ਰੱਖਣ ਬਾਬਤ ਪੇਸ਼ ਕੀਤੇ ਇਸ ਨਾਟਕ ਨੂੰ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਨੇ ਖ਼ੂਬ ਸਰਹਾਇਆ। ਇਸ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਵੀਆਂ ਦੇ ਪ੍ਰਿੰਸੀਪਲ ਸ. ਮਨਜੀਤ ਸਿੰਘ ਸਿੱਧੂ ਅਤੇ ਸਰਕਾਰੀ ਹਾਈ ਸਕੂਲ ਨੇਹੀਆਂਵਾਲ਼ਾ ਦੇ ਹੈੱਡਮਾਸਟਰ ਸ. ਹਰਪ੍ਰੀਤ ਸਿੰਘ ਨੇ ਆਪਣੇ-ਆਪਣੇ ਸਟਾਫ਼ ਸਮੇਤ ਨਾਟਿਅਮ ਦੇ ਅਦਾਕਾਰਾਂ ਦੀ ਪੇਸ਼ਕਾਰੀ ਤੋਂ ਖ਼ੁਸ਼ ਹੋ ਕੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਂਟ ਕੀਤੇ।

ਪੰਜ-ਰੋਜ਼ਾ ਨਾਟ-ਉਤਸਵ ਦੇ ਦੂਜੇ ਪੜਾਅ ਦੌਰਾਨ ਤੀਜੇ ਦਿਨ ਸਟੇਜੀ ਨਾਟਕਾਂ ਦਾ ਉਦਘਾਟਨ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ. ਜਸਵੰਤ ਜ਼ਫ਼ਰ ਵੱਲੋਂ ਸਰਕਾਰੀ ਰਜਿੰਦਰਾ ਕਾਲਜ ਬਠਿੰਡਾ ਵਿਖੇ ਕੀਤਾ ਗਿਆ। ਉਨ੍ਹਾਂ ਨਾਲ਼ ਡਿਪਟੀ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ. ਸਤਨਾਮ ਸਿੰਘ ਹਾਜ਼ਰ ਸਨ। ਸਟੇਜੀ ਨਾਟਕਾਂ ਦੀ ਲੜੀ ਤਹਿਤ ਨਾਟਕਵਾਲਾ ਥੀਏਟਰ ਟੀਮ ਪਟਿਆਲਾ ਵੱਲੋਂ ਸੁਰਿੰਦਰ ਬਾਠ ਵੱਲੋਂ ਲਿਖੇ ਨਾਟਕ 'ਮਾਂ ਨਾ ਬੇਗਾਨੀ ਹੋ' ਨੂੰ ਰਾਜੇਸ਼ ਸ਼ਰਮਾ ਦੇ ਨਿਰਦੇਸ਼ਨ ਹੇਠ ਖੇਡਿਆ ਗਿਆ।ਇਹ ਨਾਟਕ ਅਸਲ ਵਿੱਚ ਪੂਰੀ ਦੁਨੀਆ ਦੀਆਂ ਲੋਕ-ਭਾਸ਼ਾਵਾਂ ਨਾਲ ਹੋ ਰਹੇ ਵਿਤਕਰੇ ਦਾ ਇਕ ਨਮੂਨਾ ਹੈ। ਸਮੁੱਚੇ ਤੌਰ ਉੱਤੇ ਸਾਰੇ ਸੰਸਾਰ ਵਿੱਚ ਲੋਕ-ਭਾਸ਼ਾਵਾਂ ਨੂੰ ਖ਼ਤਮ ਕਰਕੇ ਸੰਸਾਰ ਪੱਧਰ ਓੱਤੇ ਇਕ ਖ਼ਾਸ ਭਾਸ਼ਾ ਦੀ ਦਾਦਾਗਿਰੀ ਥੋਪੀ ਜਾ ਰਹੀ ਹੈ, ਪੰਜਾਬੀ ਦੇ ਇਸ ਨਾਟਕ ਵਿੱਚ ਪੰਜਾਬੀ ਭਾਸ਼ਾ ਦੇ ਨਿਘਾਰ ਦੇ ਕੁਝ ਕਾਰਨਾਂ ਅਤੇ ਉਹਨਾਂ ਹਾਲਤਾਂ ਦੇ ਨਾਲ-ਨਾਲ ਸਭ ਕਾਸੇ ਲਈ ਜ਼ਿੰਮੇਵਾਰ ਇਨਸਾਨਾਂ ਦੇ ਰਵੱਈਏ ਉੱਪਰ ਚਾਨਣਾ ਪਾਇਆ ਗਿਆ ਹੈ। ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਨੇ ਆਏ ਹੋਏ ਮਹਿਮਾਨਾਂ ਦਾ ਸੁਆਗਤ ਕੀਤਾ। ਇਸ ਮੌਕੇ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਪੰਜਾਬੀ ਹੋਣਾ ਆਪਣੇ-ਆਪ ਵਿੱਚ ਹੀ ਬੜੇ ਮਾਣ ਵਾਲ਼ੀ ਗੱਲ ਹੈ। ਇੱਥੋਂ ਦੀ ਮਿੱਟੀ ਦੀ ਖ਼ਸਲਤ ਸਾਰੀ ਦੁਨੀਆਂ ਤੋਂ ਵੱਖਰੀ ਹੈ। ਇਸ ਲਈ ਸਾਨੂੰ ਇੱਥੋਂ ਦੇ ਪੌਣ-ਪਾਣੀ ਬੋਲੀ ਨੂੰ ਸਾਂਭ ਨੂੰ ਕੇ ਰੱਖਣਾ ਚਾਹੀਦਾ ਹੈ। ਇਸ ਮੌਕੇ ਵਿਭਾਗ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ। ਮੰਚ ਸੰਚਾਲਨ ਪ੍ਰੋਫੈਸਰ ਸੰਦੀਪ ਮੋਹਲਾਂ ਨੇ ਕੀਤਾ। ਨਾਟ ਉਤਸਵ ਵਿੱਚ ਸਰਕਾਰੀ ਰਜਿੰਦਰਾ







ਕਾਲਜ ਦੇ ਪ੍ਰਿੰਸੀਪਲ ਡਾ. ਜਯੋਤਸਨਾ ਸਿੰਗਲਾ, ਪ੍ਰੋ ਸ਼ੁਭ ਪ੍ਰੇਮ ਬਰਾੜ ਅਤੇ ਸ਼ਹਿਰ ਦੇ ਹੋਰ ਸਕੂਲਾਂ ਕਾਲਜਾਂ ਦੇ ਵਿਦਿਆਰਥੀ ਵੀ ਮੌਜੂਦ ਸਨ। ਚੌਥੇ ਦਿਨ 'ਮੰਚ ਰੰਗ ਮੰਚ, ਅੰਮ੍ਰਿਤਸਰ' ਦੀ ਟੀਮ ਵੱਲੋਂ ਵਸੰਤ ਸਬਨੀਸ ਦੇ ਲਿਖੇ ਨਾਟਕ 'ਮਾਹੀ ਮੇਰਾ ਥਾਣੇਦਾਰ' ਦੀ ਕੇਵਲ ਧਾਲੀਵਾਲ ਦੇ ਨਿਰਦੇਸ਼ਨ ਹੇਠ ਬਾਕਮਾਲ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਬਠਿੰਡਾ ਸ਼੍ਰੀ ਸ਼ਿਵਪਾਲ ਗੋਇਲ ਅਤੇ ਸਰਕਾਰੀ ਰਜਿੰਦਰਾ ਕਾਲਜ ਬਠਿੰਡਾ ਦੇ ਪ੍ਰਿੰਸੀਪਲ ਸ੍ਰੀਮਤੀ ਜਯੋਤਸਨਾ ਸਿੰਗਲਾ ਉਚੇਚੇ ਤੌਰ 'ਤੇ ਹਾਜ਼ਰ ਸਨ।

ਪੰਜਵੇਂ ਦਿਨ ਰਾਜ ਪੱਧਰੀ ਨਾਟ-ਉਤਸਵ ਦੇ ਸਮਾਪਨ ਸਮਾਰੋਹ 'ਤੇ 'ਸੁਚੇਤਕ ਰੰਗ ਮੰਚ, ਚੰਡੀਗੜ੍ਹ' ਵੱਲੋਂ ਨਾਟਕ 'ਮਨ ਮਿੱਟੀ ਦਾ ਬੋਲਿਆ' ਦੀ ਪੇਸ਼ਕਾਰੀ ਕੀਤੀ ਗਈ। ਸ਼ਬਦੀਸ਼ ਵੱਲੋਂ ਲਿਖੇ ਇਸ ਨਾਟਕ ਦਾ ਨਿਰਦੇਸ਼ਨ ਅਨੀਤਾ ਸ਼ਬਦੀਸ਼ ਵੱਲੋਂ ਕੀਤਾ ਗਿਆ। ਇਸ ਇੱਕ ਪਾਤਰੀ ਨਾਟਕ ਵਿੱਚ ਅਦਾਕਾਰੀ ਵੀ ਖ਼ੁਦ ਅਨੀਤਾ ਸ਼ਬਦੀਸ਼ ਨੇ ਹੀ ਕੀਤੀ। ਨਾਟਕ ਵਿੱਚ ਔਰਤਾਂ ਦੇ ਦੁਖਾਂਤ ਨੇ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ। ਅਨੀਤਾ ਸ਼ਬਦੀਸ਼ ਨੇ ਆਪਣੇ ਬਾਕਮਾਲ ਅਭਿਨੈ ਨਾਲ ਨਾਟਕ ਰਾਹੀਂ ਇਹ ਸੰਦੇਸ਼ ਦਿੱਤਾ ਕਿ ਆਪਣੇ ਹੱਕਾਂ ਲਈ ਸਿੱਖਿਅਤ ਹੋਣਾ ਹੀ ਔਰਤ ਦਾ ਸਭ ਤੋਂ ਵੱਡਾ ਹਥਿਆਰ ਹੈ। ਸਮਾਪਨ ਸਮਾਰੋਹ 'ਤੇ ਮੁੱਖ ਮਹਿਮਾਨ ਵਜੋਂ ਸੰਯੁਕਤ ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ, ਸ੍ਰੀਮਤੀ ਹਰਪ੍ਰੀਤ ਕੌਰ ਨੇ ਸ਼ਿਰਕਤ ਕੀਤੀ। ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਡਿਪਟੀ ਡਾਇਰੈਕਟਰ, ਸ੍ਰੀਮਤੀ ਹਰਭਜਨ ਕੌਰ ਅਤੇ ਕੇਂਦਰੀ ਯੂਨੀਵਰਸਿਟੀ ਪੰਜਾਬ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਰਮਨਪ੍ਰੀਤ ਕੌਰ ਸ਼ਾਮਿਲ ਹੋਏ।






## ਵਿਦਾਇਗੀ ਸਮਾਗਮ ਪੰਜਾਬੀ ਮਾਹ-2024

# ਸੂਬੇ ਭਰ 'ਚ ਰਚਾਏ ਗਏ ਸਮਾਗਮ, ਹਿੰਦੀ, ਉਰਦੂ ਤੇ ਸੰਸਕ੍ਰਿਤ ਦੇ ਸਾਹਿਤਕਾਰਾਂ ਦਾ ਸਨਮਾਨ

ਪੰਜਾਬ ਸਰਕਾਰ ਦੀ ਰਹਿਨੁਮਾਈ 'ਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਮਨਾਏ ਗਏ ਪੰਜਾਬੀ ਮਾਹ-2024 ਦਾ ਵਿਦਾਇਗੀ ਸਮਾਰੋਹ 30 ਨਵੰਬਰ, 2024 ਨੂੰ ਭਾਸ਼ਾ ਭਵਨ ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ। ਜਿਸ ਦੌਰਾਨ ਪੰਜਾਬ ਦੇ ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਸ. ਹਰਜੋਤ ਸਿੰਘ ਬੈਂਸ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਇਸ ਮੌਕੇ ਹਿੰਦੀ (2023 ਤੇ 2024), ਸੰਸਕ੍ਰਿਤ (2023 ਤੇ 2024) ਤੇ ਉਰਦੂ (2024) ਦੇ ਸਰਵੋਤਮ ਸਾਹਿਤਕ ਪੁਸਤਕ ਪ੍ਰਦਾਨ ਕੀਤੇ ਗਏ। ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਹੋਏ ਇਸ ਸਮਾਗਮ ਦੌਰਾਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਧਰਮ ਅਧਿਐਨ ਵਿਭਾਗ ਦੇ ਸਾਬਕਾ ਮੁਖੀ ਪ੍ਰੋ. ਹਰਪਾਲ ਸਿੰਘ ਪੰਨੂ ਵਿਸ਼ੇਸ਼ ਮਹਿਮਾਨ ਵਜੋਂ ਅਤੇ ਸ਼੍ਰੋਮਣੀ ਪੰਜਾਬੀ ਆਲੋਚਕ ਡਾ. ਸੁਰਜੀਤ ਸਿੰਘ ਭੱਟੀ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਭਾਸ਼ਾ ਵਿਭਾਗ ਦੁਆਰਾ ਪ੍ਰਕਾਸ਼ਿਤ ਪੁਸਤਕਾਂ 'ਸ੍ਰੀ ਗੁਰੂ ਤੇਗ ਬਹਾਦਰ ਦਰਸ਼ਨ' ਅਤੇ 'ਤਾਰੀਖੇ ਪਟਿਆਲਾ' ਲੋਕ ਅਰਪਣ ਕੀਤੀਆਂ ਗਈਆਂ। ਇਸ ਮੌਕੇ ਸਾਹਿਤ ਨਾਲ ਜੁੜੀਆ ਨਾਮਵਰ ਸ਼ਖ਼ਸੀਅਤਾਂ ਅਤੇ ਪੰਜਾਬੀ ਪ੍ਰੇਮੀ ਵੀ ਪੁੱਜੇ। ਸਮਾਗਮ ਦੌਰਾਨ ਵੱਖ-ਵੱਖ ਪ੍ਰਕਾਸ਼ਕਾਂ ਵੱਲੋਂ ਪੁਸਤਕ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ। ਇਸ ਮੌਕੇ ਗਾਇਕ ਸੁਨੀਲ ਸਿੰਘ ਡੋਗਰਾ ਤੇ ਸਾਥੀਆਂ ਵੱਲੋਂ ਸੰਗੀਤਕ ਪੇਸ਼ਕਾਰੀਆਂ ਕੀਤੀਆਂ ਗਈਆਂ। ਇਸ ਮੌਕੇ ਦੇਸ਼-ਵਿਦੇਸ਼ 'ਚ ਪੰਜਾਬੀ ਭਾਸ਼ਾ ਦੇ ਪ੍ਰਚਾਰ/ਪ੍ਰਸਾਰ ਲਈ ਸਰਗਰਮ ਅਜਾਇਬ ਸਿੰਘ ਚੱਠਾ, ਵਿਭਾਗ ਦੇ ਕਰਮਚਾਰੀ ਮਨਜੀਤ ਸਿੰਘ ਸਪਾਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਵਿਭਾਗ ਦੇ ਡਿਪਟੀ ਡਾਇਰੈਕਟਰ ਸ. ਸਤਨਾਮ ਸਿੰਘ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ।

ਇਸ ਮੌਕੇ ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਉਨ੍ਹਾਂ ਦੀ ਕੋਸ਼ਿਸ਼ ਹੈ ਕਿ

ਭਾਸ਼ਾ ਵਿਭਾਗ ਮਿਆਰੀ ਸਾਹਿਤ ਪਾਠਕਾਂ ਦੀ ਝੋਲੀ ਪਾਵੇ ਅਤੇ ਆਪਣੇ ਪੈਰਾਂ 'ਤੇ ਖੜ੍ਹਾ ਹੋਵੇ। ਉਨ੍ਹਾਂ ਕਿਹਾ ਅਗਲੇ ਵਰ੍ਹੇ ਦੀਵਾਲੀ ਵਰਗੇ ਵੱਡੇ ਤਿਉਹਾਰਾਂ ਮੌਕੇ ਤੋਹਫ਼ਿਆਂ ਦੇ ਰੂਪ 'ਚ ਪੁਸਤਕਾਂ ਦੇਣ ਲਈ ਭਾਸ਼ਾ ਵਿਭਾਗ ਇੱਕ ਮੁਹਿੰਮ ਚਲਾਏਗਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਮਨਾਏ ਗਏ ਪੰਜਾਬੀ ਮਾਹ ਦੌਰਾਨ ਸੱਤ ਲੱਖ ਰੁਪਏ ਦੀਆਂ ਪੁਸਤਕਾਂ ਦੀ ਵਿਕਰੀ ਹੋਈ ਹੈ, ਜਿਸ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਸਾਡੇ ਲੋਕਾਂ 'ਚ ਅੱਜ ਵੀ ਪੜ੍ਹਨ ਦੀ ਰੁਚੀ ਹੈ।

ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਵਿਦਾਇਗੀ ਭਾਸ਼ਣ 'ਚ ਕਿਹਾ ਕਿ ਭਾਸ਼ਾ ਵਿਭਾਗ ਪੰਜਾਬ ਵੱਲੋਂ ਕਰਵਾਏ ਗਏ ਪੰਜਾਬੀ ਮਾਹ-2024 ਦੀ ਸ਼ੁਰੂਆਤ ਬੜੇ ਖੁਸ਼ਨੁਮਾ ਤੇ ਤਸੱਲੀਬਖ਼ਸ਼ ਅੰਦਾਜ਼ 'ਚ ਹੋਈ। ਮੁੱਖ ਦਫ਼ਤਰ ਵਿਖੇ ਹੋਏ ਪੰਜਾਬੀ ਮਾਹ ਦੇ ਉਦਘਾਟਨੀ ਸਮਾਰੋਹ ਮੌਕੇ ਪਿਛਲੇ ਤਿੰਨ ਸਾਲਾਂ ਤੋਂ ਬਕਾਇਆ ਪਏ ਪੰਜਾਬੀ ਦੇ ਸਰਵੋਤਮ ਪੁਸਤਕ ਪੁਰਸਕਾਰ ਪ੍ਰਦਾਨ ਕੀਤੇ ਗਏ। ਪੰਜਾਬੀ ਮਾਹ ਦੌਰਾਨ ਵੱਖ-ਵੱਖ ਜ਼ਿਲ੍ਹਿਆਂ 'ਚ ਜਿੱਥੇ ਪੰਜਾਬੀ ਭਾਸ਼ਾ ਦੇ ਪ੍ਰਚਾਰ/ਪ੍ਰਸਾਰ ਲਈ ਮਿਆਰੀ ਸਮਾਗਮ ਕਰਵਾਏ ਗਏ ਉੱਥੇ ਨਵੀਂ ਪਿਰਤ ਪਾਉਂਦਿਆਂ ਪੰਜਾਬ ਭਵਨ ਦਿੱਲੀ ਵਿਖੇ ਵਿਭਾਗ ਵੱਲੋਂ ਪੰਜਾਬੀ ਦੇ ਨਾਮਵਰ ਲੇਖਕ ਸਾਹਿਬਾਨਾਂ ਦੀਆਂ ਤਸਵੀਰਾਂ ਸੁਸ਼ੋਭਿਤ ਕੀਤੀਆਂ ਗਈਆਂ। ਇਸ ਤੋਂ ਇਲਾਵਾ ਵਿਭਾਗ ਵੱਲੋਂ ਦਿੱਲੀ ਦੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਪੰਜ ਦਿਨਾ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ। ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਹੋਏ ਸਾਹਿਤ ਉਤਸਵ ਦੌਰਾਨ ਵੀ ਵਿਭਾਗ ਵੱਲੋਂ ਪੁਸਤਕ ਪ੍ਰਦਰਸ਼ਨੀ ਲਗਾਈ ਗਈ। ਵਿਭਾਗ ਵੱਲੋਂ ਨਵੀਂ ਪੀੜ੍ਹੀ ਨੂੰ ਪੰਜਾਬੀ ਭਾਸ਼ਾ ਤੇ ਸਾਹਿਤ ਨਾਲ ਜੋੜ ਕੇ ਰੱਖਣ ਲਈ ਲੁਧਿਆਣਾ ਵਿਖੇ ਸਕੂਲੀ ਵਿਦਿਆਰਥੀਆਂ ਦੇ ਕਵਿਤਾ ਗਾਇਨ, ਲੇਖ/ਕਹਾਣੀ ਤੇ ਕਵਿਤਾ ਰਚਨ ਦੇ ਸੂਬਾ ਪੱਧਰੀ ਮੁਕਾਬਲੇ ਕਰਵਾਏ ਗਏ। ਜਿਨ੍ਹਾਂ ਦੇ ਜੇਤੂਆਂ ਨੂੰ ਨਕਦ ਇਨਾਮ ਤੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਇਸੇ ਤਰ੍ਹਾਂ ਕਪੂਰਥਲਾ ਵਿਖੇ ਪੰਜਾਬੀ ਭਾਸ਼ਾ ਤੇ ਸਾਹਿਤ ਨਾਲ ਸਬੰਧਤ ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲੇ ਤਿੰਨ ਵਰਗਾਂ ਮਿਡਲ, ਸੈਕੰਡਰੀ ਤੇ ਕਾਲਜ ਪੱਧਰ ਲਈ ਕਰਵਾਏ ਗਏ ਅਤੇ ਜੇਤੂਆਂ ਨੂੰ ਨਕਦ ਇਨਾਮਾਂ ਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ। ਵਿਭਾਗ ਵੱਲੋਂ ਮੁੱਖ ਦਫ਼ਤਰ ਵਿਖੇ ਰਾਜ ਪੱਧਰੀ ਬਾਤਰੰਨੁਮ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਨਾਮਵਰ ਸ਼ਾਇਰਾਂ ਨੇ ਸ਼ਿਰਕਤ ਕੀਤੀ। ਬਠਿੰਡਾ ਵਿਖੇ ਰਾਜ ਪੱਧਰੀ ਪੰਜ ਦਿਨਾ ਨਾਟਕ ਮੇਲਾ ਕਰਵਾਇਆ ਗਿਆ ਜਿਸ ਦੌਰਾਨ ਨਾਟਕ ਦੇ ਮੰਚਨ ਦੇ ਨਾਲ-ਨਾਲ ਨੁੱਕੜ ਨਾਟਕਾਂ ਦੀਆਂ ਵੱਖ-ਵੱਖ ਥਾਵਾਂ 'ਤੇ ਪੇਸ਼ਕਾਰੀਆਂ ਕੀਤੀਆਂ ਗਈਆਂ। ਵੱਖ-ਵੱਖ ਜ਼ਿਲਿਆਂ 'ਚ ਸਾਹਿਤਕ ਗੋਸ਼ਟੀਆਂ ਤੇ ਸੈਮੀਨਾਰ ਕਰਵਾਏ ਗਏ।

ਇਸ ਮੌਕੇ ਵਿਸ਼ੇਸ਼ ਮਹਿਮਾਨ ਡਾ. ਹਰਪਾਲ ਸਿੰਘ ਪੰਨੂ ਨੇ ਭਾਸ਼ਾ ਵਿਭਾਗ ਕੋਲ ਦੁਨੀਆ ਦੇ ਸਾਹਿਤ ਦਾ ਅਨਮੋਲ ਖ਼ਜ਼ਾਨਾ ਪਿਆ ਹੈ ਜਿਸ ਨੂੰ ਵੱਧ ਤੋਂ ਪ੍ਰਕਾਸ਼ਿਤ ਕਰਕੇ ਪਾਠਕਾਂ ਤੱਕ ਪਹੁੰਚਾਉਣਾ ਚਾਹੀਦਾ ਹੈ ਅਤੇ ਵਿਸ਼ਵ ਦੇ ਚੋਟੀ ਦੇ ਸਾਹਿਤ ਨੂੰ ਵੀ ਪੰਜਾਬੀ 'ਚ ਅਨੁਵਾਦ ਕਰਕੇ, ਪ੍ਰਕਾਸ਼ਿਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਵਧੀਆ ਲਿਖਣ ਤੇ ਇਨਸਾਨ ਬਣਨ ਲਈ ਵੱਧ ਤੋਂ ਵੱਧ ਪੜ੍ਹਨਾ ਚਾਹੀਦਾ ਹੈ। ਅਜੋਕੇ ਦੌਰ 'ਚ ਬੱਚਿਆਂ ਨੂੰ ਸਾਹਿਤ ਨਾਲ ਜੋੜਨਾ ਵੱਡੀ ਚੁਣੌਤੀ ਹੈ। ਇਸ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ। ਆਪਣੇ ਪ੍ਰਧਾਨਗੀ ਭਾਸ਼ਣ 'ਚ ਡਾ. ਸੁਰਜੀਤ ਸਿੰਘ ਭੱਟੀ ਨੇ ਕਿਹਾ ਪੰਜਾਬੀ ਮਿਠਾਸ, ਮੁਹੱਬਤ ਤੇ ਸਾਂਝਾ ਵੰਡਣ ਵਾਲੀ ਭਾਸ਼ਾ ਹੈ। ਇਸ ਭਾਸ਼ਾ ਦੀ ਖ਼ੂਬਸੂਰਤੀ ਇਹ ਹੈ ਕਿ ਇਸ ਵਿੱਚ ਜੀਵਨ ਦੇ ਹਰ ਪੜਾਅ ਨਾਲ ਸਬੰਧਤ ਸਾਹਿਤ ਮਿਲਦਾ ਹੈ। ਇਸ ਭਾਸ਼ਾ ਨਾਲ ਹਰ ਸ਼ਖ਼ਸ ਸਾਹਿਤ ਸਿਰਜਕ ਹੈ ਭਾਵੇਂ ਉਹ ਹਲ ਵਾਹੁੰਦਾ ਕਿਸਾਨ ਹੋਵੇ ਜਾਂ ਆਟਾ ਗੁੰਨ੍ਹਦੀ ਸੁਆਣੀ। ਇਸ ਕਰਕੇ ਸਾਨੂੰ ਪੰਜਾਬੀ ਬੋਲਣ 'ਤੇ ਮਾਣ ਹੋਣਾ ਚਾਹੀਦਾ ਹੈ। ਇਹ ਭਾਸ਼ਾ ਹੁਣ ਸੱਤ ਸਮੁੰਦਰਾਂ ਦੀ ਭਾਸ਼ਾ ਬਣ ਚੁੱਕੀ ਹੈ। ਇਸ ਦੇ ਪ੍ਰਚਾਰ/ਪ੍ਰਸਾਰ ਲਈ ਭਾਸ਼ਾ ਵਿਭਾਗ ਪੰਜਾਬ ਵੱਲੋਂ ਕੀਤੇ ਜਾ ਰਹੇ ਯਤਨ ਨੂੰ ਇੱਕ ਮੁਹਿੰਮ ਦਾ ਰੂਪ ਦੇਣ ਲਈ ਹਰ ਪੰਜਾਬੀ ਪ੍ਰੇਮੀ ਦਾ ਫਰਜ਼ ਬਣਦਾ ਹੈ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਵਿਭਾਗ ਦੀ ਸੰਯੁਕਤ ਨਿਰਦੇਸ਼ਕਾ ਹਰਪ੍ਰੀਤ ਕੌਰ, ਡਿਪਟੀ ਡਾਇਰੈਕਟਰ ਹਰਭਜਨ ਕੌਰ, ਚੰਦਨਦੀਪ ਕੌਰ, ਸਹਾਇਕ ਨਿਰਦੇਸ਼ਕ ਅਸ਼ਰਫ ਮਹਿਮੂਦ ਨੰਦਨ, ਅਮਰਿੰਦਰ ਸਿੰਘ, ਆਲੋਕ ਚਾਵਲਾ, ਸੁਖਪ੍ਰੀਤ ਕੌਰ, ਤੇਜਿੰਦਰ ਸਿੰਘ ਗਿੱਲ, ਸੁਰਿੰਦਰ ਕੌਰ ਤੇ ਜਸਪ੍ਰੀਤ ਕੌਰ ਅਤੇ ਵੱਖ-ਵੱਖ ਜਿਲ੍ਹਿਆਂ ਦੇ ਭਾਸ਼ਾ ਅਫ਼ਸਰ ਅਤੇ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।










ਪੰਜਾਬ ਸਰਕਾਰ ਦੀ ਰਹਿਨੁਮਾਈ ਅਧੀਨ
ਭਾਸ਼ਾ ਵਿਭਾਗ, ਪੰਜਾਬ
ਵੱਲੋਂ
ਪੰਜਾਬੀ ਮਾਹ -2024
ਵਿਦਾਇਗੀ ਸਮਾਗਮ
ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰ
ਪੁਸਤਕ ਲੋਕ ਅਰਪਣ
ਧਨੁ ਲੇਖਾਰੀ ਨਾਨਕਾ
ਭਾਸ਼ਾ ਵਿਭਾਗ, ਪੰਜਾਬ



"ਸਾਲ 2024 ਦੇ ਉਰਦੂ ਭਾਸ਼ਾ ਨਾਲ ਸਬੰਧਤ ਸਰਵੋਤਮ ਸੰਸਕ੍ਰਿਤ ਸਾਹਿਤਕ ਪੁਸਤਕ ਪੁਰਸਕਾਰਾਂ ਤਹਿਤ ਰਾਜਿੰਦਰ ਸਿੰਘ ਬੇਦੀ ਪੁਰਸਕਾਰ (ਨਾਵਲ/ਕਹਾਣੀ/ਡਰਾਮਾ/ਇਕਾਂਗੀ) ਮਲਕੀਤ ਸਿੰਘ ਮਛਾਣਾ ਦੀ ਪੁਸਤਕ 'ਜੰਬੀਲ-ਏ-ਰੰਗ' ਨੂੰ, ਸਾਹਿਰ ਲੁਧਿਆਣਵੀ ਪੁਰਸਕਾਰ (ਨਜ਼ਮ) ਡਾ. ਸ਼ਸ਼ੀਕਾਂਤ ਉੱਪਲ ਦੀ ਪੁਸਤਕ 'ਰੌਸ਼ਨੀ ਕਾ ਸਫ਼ਰ' ਨੂੰ, ਹਾਫਿਜ਼ ਮਹਿਮੂਦ ਸ਼ੀਰਾਨੀ ਪੁਰਸਕਾਰ (ਤਨਕੀਦ) ਡਾ. ਇਮਰਾਨਾ ਖਾਤੂਨ ਦੀ ਪੁਸਤਕ 'ਉਰਦੂ ਰੁਬਾਈ ਮੇਂ ਇਨਸਾਨੀ ਅਕਦਾਰ ਕੀ ਤਲਾਸ਼' ਨੂੰ ਅਤੇ ਕਨ੍ਹੱਈਆ ਲਾਲ ਕਪੂਰ ਪੁਰਸਕਾਰ (ਨਸਰ) 'ਜਨਾਬ ਮੁਹੰਮਦ ਬਸ਼ੀਰ ਮਾਲੇਰਕੋਟਲਵੀ' ਦੀ ਪੁਸਤਕ ਅਜ਼ਕਾਰ (ਖਾਕੇ) ਨੂੰ ਪ੍ਰਦਾਨ ਕੀਤਾ ਗਿਆ।"

"ਸਾਲ 2024 ਦੀਆਂ ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰਾਂ ਤਹਿਤ ਗਿਆਨੀ ਸੰਤ ਸਿੰਘ ਪੁਰਸਕਾਰ (ਕਵਿਤਾ) ਡਾ. ਬਲਵਿੰਦਰ ਸਿੰਘ ਦੀ ਪੁਸਤਕ 'ਉਮੀਦ ਕੀ ਹਥੇਲੀਆਂ' ਨੂੰ, ਸੁਦਰਸ਼ਨ ਪੁਰਸਕਾਰ (ਕਹਾਣੀ/ਨਾਵਲ) ਰਾਘਵੇਂਦ੍ਰ ਸੈਣੀ ਦੀ ਪੁਸਤਕ 'ਚੁਨੌਤੀਆਂ' ਨੂੰ, ਇੰਦਰਨਾਥ ਮਦਾਨ ਪੁਰਸਕਾਰ (ਆਲੋਚਨਾ/ਸੰਪਾਦਨ) ਮਨੋਜ ਕੁਮਾਰ ਪ੍ਰੀਤ ਦੀ ਪੁਸਤਕ 'ਬਾਬਾ ਬੁੱਲੇਸ਼ਾਹ' ਨੂੰ, ਬਾਲ ਸਾਹਿਤਯ ਪੁਰਸਕਾਰ ਡਾ. ਫਕੀਰ ਚੰਦ ਸ਼ੁਕਲਾ ਦੀ ਪੁਸਤਕ 'ਸਫਲਤਾ ਕਦਮ ਚੁੰਮੇਗੀ' ਨੂੰ ਪ੍ਰਦਾਨ ਕੀਤਾ ਗਿਆ।"





















"ਹਿੰਦੀ ਭਾਸ਼ਾ ਦੇ ਸਾਲ 2023 ਨਾਲ ਸਬੰਧਤ ਸਰਵੋਤਮ ਹਿੰਦੀ ਸਾਹਿਤਕ ਪੁਸਤਕ ਪੁਰਸਕਾਰਾਂ ਤਹਿਤ ਗਿਆਨੀ ਸੰਤ ਸਿੰਘ ਪੁਰਸਕਾਰ (ਕਵਿਤਾ) ਡਾ. ਅਮਰਜੀਤ ਕੌਂਕੇ ਦੀ ਪੁਸਤਕ 'ਆਕਾਸ਼ ਕੇ ਪੰਨੇ ਪਰ' ਨੂੰ, ਸੁਦਰਸ਼ਨ ਪੁਰਸਕਾਰ (ਨਾਵਲ/ਕਹਾਣੀ) ਯਸ਼ਪਾਲ ਸ਼ਰਮਾ ਦੀ ਪੁਸਤਕ 'ਬਸੰਤੀ ਲੌਟ ਆਈ ਹੈ' ਨੂੰ, ਮੋਹਨ ਰਾਕੇਸ਼ ਪੁਰਸਕਾਰ (ਨਾਟਕ/ਇਕਾਂਗੀ) ਡਾ. ਦਰਸ਼ਨ ਤ੍ਰਿਪਾਠੀ ਦੀ ਪੁਸਤਕ 'ਔਰ ਸ਼ਮਾਂ ਜਲਤੀ ਰਹੀ' ਨੂੰ, ਗਿਆਨੀ ਗਿਆਨ ਸਿੰਘ ਪੁਰਸਕਾਰ (ਜੀਵਨੀ/ਸਫ਼ਰਨਾਮਾ) ਡਾ. ਵੀਣਾ ਵਿਜ ਦੀ ਪੁਸਤਕ 'ਛੁਟ-ਪੁਟ ਅਫਸਾਨੇ' ਨੂੰ ਅਤੇ ਬਾਲ ਸਾਹਿਤਯ ਪੁਰਸਕਾਰ ਸੁਕਰੀਤੀ ਭਟਨਾਗਰ ਦੀ ਪੁਸਤਕ 'ਧਰੋਹਰ' ਨੂੰ ਪ੍ਰਦਾਨ ਕੀਤਾ ਗਿਆ।"




















“ਸੰਸਕ੍ਰਿਤ ਦਾ ਸਾਲ 2022 ਨਾਲ ਸਬੰਧਤ ਕਾਲੀਦਾਸ ਪੁਰਸਕਾਰ ਡਾ. ਸਰਲਾ ਭਾਰਦਵਾਜ ਦੀ ਪੁਸਤਕ ‘ਸੰਸਕ੍ਰਿਤ ਸਾਹਿਤਯ ਮੇਂ ਨੈਤਿਕ ਮੁਲਯ ਐਵਮ ਰਾਸ਼ਟਰੀਆ ਚੇਤਨਾ’ ਨੂੰ ਅਤੇ ਸਾਲ 2023 ਦਾ ਕਾਲੀਦਾਸ ਪੁਰਸਕਾਰ ਮੋਹਨ ਲਾਲ ਸ਼ਰਮਾ ਦੀ ਪੁਸਤਕ ‘ਕੇਚਨ ਭਾਰਤੀਆ ਵਿਗਿਆਨਕ’ ਨੂੰ ਪ੍ਰਦਾਨ ਕੀਤਾ ਗਿਆ।”













## ਪੰਜਾਬੀ ਭਾਸ਼ਾ ਦੀਆਂ ਕੰਪਿਊਟਰੀ ਲੋੜਾਂ

# ਪੰਜਾਬੀ ਭਾਸ਼ਾ ਨੂੰ ਡਿਜੀਟਲ ਯੁੱਗ ਦੇ ਹਾਣ ਦੀ ਬਣਾਉਣ ਲਈ ਵੱਡਾ ਉਪਰਾਲਾ

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ, ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ 'ਚ ਅੱਜ ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਦੀਆਂ ਕੰਪਿਊਟਰੀ ਲੋੜਾਂ' ਬਾਰੇ ਇੱਕ ਦਿਨਾ ਵਰਕਸ਼ਾਪ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ 'ਚ 9 ਦਸੰਬਰ, 2024 ਨੂੰ ਲਗਾਈ ਗਈ। ਵਿਭਾਗ ਵੱਲੋਂ ਇਸ ਤੋਂ ਪਹਿਲਾਂ 'ਪੰਜਾਬੀ ਕੰਪਿਊਟਰਕਾਰੀ ਅਤੇ ਮਸ਼ੀਨੀ ਬੁੱਧੀਮਾਨਤਾ' ਵਿਸ਼ੇ 'ਤੇ ਵੀ ਵਰਕਸ਼ਾਪ ਲਗਵਾਈ ਜਾ ਚੁੱਕੀ ਹੈ। ਵਰਕਸ਼ਾਪ ਦੌਰਾਨ ਉੱਘੇ ਕੰਪਿਊਟਰ ਮਾਹਿਰ ਤੇ ਪੰਜਾਬੀ ਭਾਸ਼ਾ ਦੇ ਕੰਪਿਊਟਰੀਕਰਨ ਲਈ ਲੰਬੇ ਅਰਸੇ ਤੋਂ ਕਾਰਜਸ਼ੀਲ ਡਾ. ਸੀ.ਪੀ. ਕੰਬੋਜ ਨੇ ਵੱਖ-ਵੱਖ ਤਕਨੀਕੀ ਨੁਕਤਿਆਂ ਬਾਰੇ ਅਭਿਆਸ ਰੂਪ 'ਚ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੀ ਟੀਮ 'ਚ ਸੁਰਿੰਦਰ ਸਿੰਘ ਤੇ ਮਨਿੰਦਰ ਸਿੰਘ ਸ਼ਾਮਲ ਸਨ। ਇਸ ਵਰਕਸ਼ਾਪ ਵਿੱਚ ਕੰਪਿਊਟਰ ਦੀ ਸਿੱਖਿਆ ਹਾਸਲ ਕਰ ਰਹੇ ਵੱਖ-ਵੱਖ ਸੰਸਥਾਵਾਂ ਦੇ ਵਿਦਿਆਰਥੀਆਂ, ਪ੍ਰੋਫੈਸਰਾਂ, ਲਿਖਾਰੀਆਂ, ਭਾਸ਼ਾ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਤੋਂ ਇਲਾਵਾ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਯਤਨਸ਼ੀਲ ਹੋਰਨਾਂ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਹਿੱਸਾ ਲਿਆ।

ਡਾ. ਸੀ. ਪੀ. ਕੰਬੋਜ ਨੇ ਚਾਰ ਸੈਸ਼ਨਾਂ ਵਾਲੀ ਵਰਕਸ਼ਾਪ ਦੌਰਾਨ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਕੰਪਿਊਟਰ ਤੇ ਫੋਨ ਦੀ ਵਰਤੋਂ, ਪੰਜਾਬੀ ਫੌਂਟਸ ਤੇ ਭਾਸ਼ਾ ਨਾਲ ਸਬੰਧਤ ਸਾਫਟਵੇਅਰਜ਼ ਦੀ ਸਹੀ ਤੇ ਸੁਚੱਜੀ ਵਰਤੋਂ, ਪੰਜਾਬੀ ਸਾਹਿਤ ਤੇ ਭਾਸ਼ਾ ਨਾਲ ਸਬੰਧਤ ਹੋਰ ਸਮੱਗਰੀ ਦੀ ਡਿਜੀਟਲਾਈਜੇਸ਼ਨ ਬਾਰੇ ਵੱਖ-ਵੱਖ ਸੈਸ਼ਨਾਂ ਦੌਰਾਨ ਪ੍ਰੋਜੈਕਟਰ ਦੀ ਮਦਦ ਨਾਲ ਅਭਿਆਸ ਰੂਪ 'ਚ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਡਾ. ਕੰਬੋਜ ਨੇ ਕਿਹਾ ਕਿ ਭਾਸ਼ਾ ਵਿਭਾਗ ਨੇ ਇਸ ਵਰਕਸ਼ਾਪ ਰਾਹੀਂ ਬੜੀ ਵੱਡੀ ਸ਼ੁਰੂਆਤ ਕੀਤੀ ਹੈ। ਸਾਡੇ ਕੋਲ ਪੰਜਾਬੀ ਭਾਸ਼ਾ 'ਚ ਰਚਿਆ ਵੱਡਮੁੱਲਾ ਸਾਹਿਤਕ ਤੇ ਬਹੁਪੱਖੀ ਖਜ਼ਾਨਾ




ਉਪਲਬਧ ਹੈ, ਜਿਸ ਨੂੰ ਡਿਜੀਟਲ ਰੂਪ 'ਚ ਵੱਖ-ਵੱਖ ਪਲੇਟਫਾਰਮਾਂ 'ਤੇ ਅਪਲੋਡ ਕਰਨ ਦੀ ਜ਼ਰੂਰਤ ਹੈ। ਜਿਸ ਨਾਲ ਸਾਡੀ ਭਾਸ਼ਾ ਆਪਣੇ-ਆਪ ਹੀ ਮਸ਼ੀਨੀ ਬੁੱਧੀਮਾਨਤਾ ਦੇ ਖੇਤਰ 'ਚ ਅਮੀਰ ਹੋ ਜਾਵੇਗੀ। ਇਸੇ ਦੌਰਾਨ ਸ. ਸ਼ਿੰਦਰਪਾਲ ਸਿੰਘ ਮਾਹਲ ਨੇ ਕਿਹਾ ਕਿ ਭਾਸ਼ਾ ਵਿਭਾਗ ਦਾ ਉੱਦਮ ਸਮੇਂ ਦੀ ਮੰਗ ਅਨੁਸਾਰ ਬਹੁਤ ਢੁਕਵਾਂ ਅਤੇ ਲੋੜੀਂਦਾ ਹੈ। ਅਜਿਹੀਆਂ ਵਰਕਸ਼ਾਪਾਂ ਦੇ ਆਯੋਜਨ ਲਈ ਵੱਡੀ ਗਿਣਤੀ 'ਚ ਟਰੇਨਰ ਤਿਆਰ ਕੀਤੇ ਜਾਣੇ ਚਾਹੀਦੇ ਹਨ। ਸ. ਮਹਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮਿਆਰੀ ਵਰਕਸ਼ਾਪਾਂ ਦਾ ਆਯੋਜਨ ਹਰ ਜ਼ਿਲ੍ਹੇ 'ਚ ਹੋਣਾ ਚਾਹੀਦਾ ਹੈ। ਉਨ੍ਹਾਂ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਯਤਨਸ਼ੀਲ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ ਅਜਿਹੀਆਂ ਵਰਕਸ਼ਾਪਾਂ ਕਰਵਾਉਣ ਲਈ ਹੰਭਲੇ ਮਾਰਨ।

ਅਖ਼ੀਰ ਵਿੱਚ ਭਾਸ਼ਾ ਵਿਭਾਗ ਵੱਲੋਂ ਸ਼ਿੰਦਰਪਾਲ ਸਿੰਘ ਮਾਹਲ, ਮਹਿੰਦਰ ਸਿੰਘ ਸੇਖੋਂ, ਕੰਪਿਊਟਰ ਮਾਹਿਰ ਡਾ. ਸੀ.ਪੀ. ਕੰਬੋਜ ਅਤੇ ਉਨ੍ਹਾਂ ਦੀ ਟੀਮ ਦਾ ਸ਼ਾਲਾਂ ਨਾਲ ਸਨਮਾਨ ਕੀਤਾ ਗਿਆ। ਸਹਾਇਕ ਡਾਇਰੈਕਟਰ ਆਲੋਕ ਚਾਵਲਾ ਨੇ ਸਭ ਦਾ ਧੰਨਵਾਦ ਕੀਤਾ। ਇਸ ਸਮਾਗਮ ਦੀ ਸਫ਼ਲਤਾ ਲਈ ਵਿਭਾਗ ਦੇ ਸਹਾਇਕ ਨਿਰਦੇਸ਼ਕ ਅਮਰਿੰਦਰ ਸਿੰਘ, ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ, ਸੁਪਰਡੈਂਟ ਭੁਪਿੰਦਰਪਾਲ ਸਿੰਘ ਤੇ ਹਰਪ੍ਰੀਤ ਸਿੰਘ ਨੇ ਭਰਵਾਂ ਯੋਗਦਾਨ ਪਾਇਆ। ਮੰਚ ਸੰਚਾਲਨ ਡਾ. ਮਨਜਿੰਦਰ ਸਿੰਘ ਨੇ ਕੀਤਾ।










"ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਵਰਕਸ਼ਾਪ ਦੀ ਰੂਪ-ਰੇਖਾ ਅਤੇ ਟੀਚਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਅਜੋਕੇ ਡਿਜੀਟਲ ਯੁੱਗ ਦੇ ਹਾਣ ਦੀ ਬਣਾਉਣ ਲਈ ਬਹੁਤ ਵੱਡੇ ਉਪਰਾਲਿਆਂ ਦੀ ਜ਼ਰੂਰਤ ਹੈ। ਇਸੇ ਤਹਿਤ ਹੀ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਬੁੱਧੀਮਾਨਤਾ 'ਚ ਸਥਾਪਤ ਕਰਨ ਲਈ ਯਤਨ ਆਰੰਭ ਕੀਤੇ ਹਨ। ਜਿਸ ਦਾ ਮਕਸਦ ਹੋਰਨਾਂ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਇਸ ਮਿਸ਼ਨ ਨਾਲ ਜੋੜਨਾ ਹੈ। ਉਨ੍ਹਾਂ ਪੰਜਾਬੀ ਹਿਤੈਸ਼ੀਆਂ ਨੂੰ ਅਪੀਲ ਕੀਤੀ ਕਿ ਉਹ ਜੁਝਾਰੂ ਸਿਪਾਹੀਆਂ ਵਾਂਗ ਅਜੋਕੇ ਯੁੱਗ ਦੀ ਵੱਡੀ ਲੋੜ ਮਸ਼ੀਨੀ ਬੁੱਧੀਮਾਨਤਾ ਲਈ ਸਾਂਝੇ ਤੌਰ 'ਤੇ ਹੰਭਲੇ ਮਾਰਨ।"




## ਉਰਦੂ ਮੁਸ਼ਾਇਰਾ

# ਕੌਮੀ ਮੁਸ਼ਾਇਰੇ ਰਾਹੀਂ ਦਿੱਤਾ ਭਾਈਚਾਰਕ ਸਾਂਝ ਤੇ ਮੁਹੱਬਤ ਦਾ ਪੈਗ਼ਾਮ

ਪੰਜਾਬ ਸਰਕਾਰ ਦੀ ਰਹਿਨੁਮਾਈ 'ਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਕਾਲੀਦਾਸ ਆਡੀਟੋਰੀਅਮ (ਐੱਨ.ਜ਼ੈੱਡ.ਸੀ.ਸੀ.) ਭਾਸ਼ਾ ਭਵਨ ਪਟਿਆਲਾ ਵਿਖੇ 16 ਦਸੰਬਰ, 2024 ਨੂੰ ਕੌਮੀ ਮੁਸ਼ਾਇਰਾ ਕਰਵਾਇਆ ਗਿਆ ਜਿਸ ਵਿੱਚ ਉਰਦੂ ਦੇ ਨਾਮਵਰ ਸ਼ਾਇਰਾਂ ਨੇ ਆਪਣੇ ਕਲਾਮ ਪੇਸ਼ ਕਰਕੇ ਭਾਈਚਾਰਕ ਸਾਂਝ, ਮੁਹੱਬਤ ਤੇ ਏਕਤਾ ਦਾ ਪੈਗ਼ਾਮ ਦਿੱਤਾ। ਇਸ ਮੁਸ਼ਾਇਰੇ ਦੀ ਪ੍ਰਧਾਨਗੀ ਸ਼੍ਰੋਮਣੀ ਉਰਦੂ ਸਾਹਿਤਕਾਰ ਡਾ. ਅਜ਼ੀਜ਼ ਪਰਿਹਾਰ ਨੇ ਕੀਤੀ। ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਮੁਸ਼ਾਇਰੇ ਦਾ ਵੱਡੀ ਗਿਣਤੀ 'ਚ ਸਾਹਿਤ ਰਸੀਆਂ ਨੇ ਆਨੰਦ ਮਾਣਿਆ।


ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਕਿਹਾ ਕਿ ਪੰਜਾਬੀ ਵਿੱਚ ਗ਼ਜ਼ਲ ਵਰਗੀ ਦਿਲਚਸਪ ਵਿਧਾ ਦੀ ਆਮਦ ਉਰਦੂ ਰਾਹੀਂ ਹੋਈ ਹੈ। ਉਰਦੂ ਦੀ ਪੈਦਾਇਸ਼ ਵੀ ਪੰਜਾਬ 'ਚੋਂ ਹੀ ਹੋਈ ਹੈ ਅਤੇ ਕਿਸੇ ਸਮੇਂ ਉਰਦੂ ਜ਼ੁਬਾਨ ਦਾ ਪੰਜਾਬ 'ਚ ਬਹੁਤ ਬੋਲਬਾਲਾ ਰਿਹਾ ਹੈ ਪਰ ਅਫਸੋਸ ਦੀ ਗੱਲ ਹੈ ਕਿ ਸਿਆਸੀ ਚਾਲਾਂ ਦੀ ਬਦੌਲਤ ਸਾਡੀਆਂ ਖ਼ੂਬਸੂਰਤ ਭਾਸ਼ਾਵਾਂ ਨੂੰ ਵੱਖ-ਵੱਖ ਫਿਰਕਿਆਂ ਨਾਲ ਜੋੜ ਦਿੱਤਾ ਗਿਆ। ਕਈ ਵਾਰ ਜਾਪਿਆ ਕਿ ਉਰਦੂ ਨੂੰ ਪੰਜਾਬ ਤੋਂ ਬੇਦਖ਼ਲ ਕਰ ਦਿੱਤਾ ਗਿਆ ਪਰ ਇਹ ਇਸ ਭਾਸ਼ਾ ਦੀ ਤਾਕਤ ਹੈ ਕਿ ਇਹ ਭਾਸ਼ਾ ਅਜੇ ਪੰਜਾਬੀਆਂ ਦੇ ਦਿਲਾਂ ਦੇ ਕਰੀਬ ਹੈ। ਉਨ੍ਹਾਂ ਕਿਹਾ ਕਿ ਪੰਜਾਬੀ, ਉਰਦੂ, ਹਿੰਦੀ ਤੇ ਸੰਸਕ੍ਰਿਤ ਇੱਕ-ਦੂਜੇ ਦੀਆਂ ਪੂਰਕ ਹਨ ਅਤੇ ਇਨ੍ਹਾਂ ਨੇ ਆਪਸੀ ਅਦਾਨ ਪ੍ਰਦਾਨ ਨਾਲ ਵਧੇਰੇ ਵਿਕਾਸ ਕੀਤਾ ਹੈ। ਇਸੇ ਮਨੋਰਥ ਦੀ ਪੂਰਤੀ ਲਈ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਦੇ ਨਾਲ-ਨਾਲ ਉਰਦੂ, ਹਿੰਦੀ ਅਤੇ ਸੰਸਕ੍ਰਿਤ ਭਾਸ਼ਾ ਨੂੰ ਢੁਕਵਾਂ ਸਥਾਨ ਦੇਣ ਲਈ ਮਿਆਰੀ ਸਮਾਗਮ ਰਚਾਏ ਜਾਂਦੇ ਹਨ ਅਤੇ ਹੋਰ ਵੀ ਉਪਰਾਲੇ ਕੀਤੇ ਜਾਂਦੇ ਹਨ।

ਸਮਾਗਮ ਦੇ ਪ੍ਰਧਾਨ ਡਾ. ਅਜ਼ੀਜ਼ ਪਰਿਹਾਰ ਨੇ ਕਿਹਾ ਕਿ ਜ਼ਿੰਦਗੀ ਦੀਆਂ ਤਲਖੀਆਂ ਤੋਂ ਰਾਹਤ ਦਿਵਾਉਣ ਲਈ ਸਾਨੂੰ ਸ਼ਾਇਰੀ ਦਾ ਸਹਾਰਾ ਲੈਣਾ




ਚਾਹੀਦਾ ਹੈ। ਇਹ ਜ਼ਿੰਦਗੀ ਦੇ ਹਰ ਪੜਾਅ 'ਤੇ ਸਕੂਨ ਦੇਣ ਦੀ ਸਮਰੱਥਾ ਰੱਖਦੀ ਹੈ। ਜਿਸ ਵਿਅਕਤੀ ਦਾ ਸੰਗੀਤ ਤੇ ਸ਼ਾਇਰੀ ਨਾਲ ਲਗਾਓ ਹੈ ਉਸ ਦੀ ਜ਼ਿੰਦਗੀ 'ਚ ਕਦੇ ਵੀ ਨੀਰਸਤਾ ਨਹੀਂ ਆਉਂਦੀ। ਉਨ੍ਹਾਂ ਕਿਹਾ ਕਿ ਸ਼ਾਇਰੀ ਸਿਰਜਣ ਵਾਲੇ ਨੂੰ ਵੀ ਸਮਾਜ 'ਚ ਵੱਖਰੀ ਪਹਿਚਾਣ ਦਿੰਦੀ ਹੈ ਅਤੇ ਸ਼ਾਇਰ ਦੇਸ਼ ਦੀ ਏਕਤਾ, ਅਖੰਡਤਾ ਤੇ ਭਾਈਚਾਰਕ ਸਾਂਝ 'ਚ ਬਹੁਤ ਵੱਡਾ ਯੋਗਦਾਨ ਪਾਉਂਦੇ ਹਨ। ਉਨ੍ਹਾਂ ਭਾਸ਼ਾ ਵਿਭਾਗ ਵੱਲੋਂ ਕਰਵਾਏ ਗਏ ਕੌਮੀ ਮੁਸ਼ਾਇਰੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ 'ਚ ਉਰਦੂ ਜ਼ੁਬਾਨ ਨੂੰ ਜ਼ਿੰਦਾ ਰੱਖਣ 'ਚ ਇਸ ਦਾ ਬਹੁਤ ਅਹਿਮ ਯੋਗਦਾਨ ਹੈ। ਉਨ੍ਹਾਂ ਅਪੀਲ ਕੀਤੀ ਕਿ ਅਜੋਕੇ ਦੌਰ 'ਚ ਨਵੀਂ ਪੀੜ੍ਹੀ ਨੂੰ ਅਦਬ ਨਾਲ ਜੋੜਨ ਲਈ ਅਜਿਹੇ ਉਪਰਾਲੇ ਹੁੰਦੇ ਰਹਿਣੇ ਚਾਹੀਦੇ ਹਨ।

ਮੁਸ਼ਾਇਰੇ ਦੀ ਸ਼ੁਰੂਆਤ ਚੰਡੀਗੜ੍ਹ ਤੋਂ ਆਈ ਸ਼ਹਿਨਾਜ਼ ਭਾਰਤੀ ਨੇ ਆਪਣੇ ਸ਼ੇਅਰ 'ਹਮੇਂ ਸ਼ਹਿਨਾਜ਼ ਇਤਨਾ ਹੀ ਸਮਝ ਆਇਆ ਮੁਹੱਬਤ ਮੇਂ ਏਕ ਅਧੂਰਾ ਇਸ਼ਕ ਹੋਤਾ ਹੈ' ਨਾਲ ਕੀਤੀ। ਪਟਿਆਲਾ ਦੇ ਸ਼ਾਇਰ ਅੰਮ੍ਰਿਤਪਾਲ ਸ਼ੈਦਾ ਨੇ 'ਮੇਰੇ ਜ਼ਮੀਰ ਕਾ ਦਾਮਨ ਹੈ ਚਾਂਦ ਸਾ ਉਜਲਾ ਜੇ ਥਾਮਨਾ ਹੋ ਇਸੇ ਦਾਗਦਾਰ ਤੋਂ ਨਾ ਕਰੇ' ਗਜ਼ਲ ਨਾਲ ਮੁਸ਼ਾਇਰੇ ਨੂੰ ਮਘਾ ਦਿੱਤਾ। ਦੇਹਰਾਦੂਨ ਤੋਂ ਪੁੱਜੀ ਸ਼ਾਇਰਾ ਮੋਨਿਕਾ ਅਰੋੜਾ ਮੰਨਤਸ਼ਾ ਨੇ 'ਬਦਨ ਕੇ ਸਾਥ ਭਿਗੋ ਦੇ ਰੂਹ ਵੀ ਮੇਰੀ ਮੁਝੇ ਵੋ ਬਰਸਾਤ ਨਸੀਬ ਹੋ ਨਹੀਂ ਪਾਈ, ਵੋ ਸਾਮਨੇ ਥੇ ਪਰ ਮੁਲਾਕਾਤ ਹੋ ਨਹੀਂ ਪਾਈ' ਨਾਲ ਮੁਸ਼ਾਇਰੇ ਨੂੰ ਤਨਹਾਈ ਵਾਲੇ ਆਲਮ 'ਚ ਪਹੁੰਚਾ ਦਿੱਤਾ। ਲੁਧਿਆਣਾ ਤੋਂ ਆਏ ਅਮਨ ਜੋਸ਼ੀ ਦੇ ਸ਼ੇਅਰ 'ਜਲੇਬੀ ਕੋ ਦੇਖ ਕਰ ਖ਼ਿਆਲ ਆਇਆ ਕਿ ਉਲਝਨੇ ਭੀ ਮੀਠੀ ਹੋਤੀ ਹੈ' ਨੇ ਵੀ ਖ਼ੂਬ ਦਾਦ ਹਾਸਲ ਕੀਤੀ। ਦਿੱਲੀ ਤੋਂ ਆਏ ਡਾ. ਮੋਇਨ ਸ਼ਦਾਬ ਨੇ 'ਗ਼ਮ ਦੇਤੀ ਹੈ ਦੁਨੀਆ ਤੋਂ ਮੈਂ ਆਤਾ ਹੂੰ ਤੇਰੇ ਪਾਸ, ਤੂੰ ਨੇ ਦਿਆ ਗਮ ਤੋਂ ਕਹੀਂ ਕਾ ਨਹੀਂ ਰਹੂੰਗਾ' ਗ਼ਜ਼ਲ ਨਾਲ ਅਤੇ









ਉਸਮਾਨ ਉਸਮਾਨੀ ਕਿਰਾਨਾ (ਉੱਤਰ ਪ੍ਰਦੇਸ਼) ਨੇ 'ਵਫਾਏ ਹੁਸਨ ਕੇ ਬਾਰੇ ਮੇਂ ਸੋਚਤੇ ਕਬ ਤੱਕ, ਯੇ ਫੈਸਲਾ ਤੋਂ ਮੁਕੱਦਰ ਪੇ ਲਾ ਕੇ ਛੋੜ ਦਿਆ' ਨਾਲ ਮੁਸ਼ਾਇਰੇ ਨੂੰ ਚਾਰ ਚੰਨ ਲਗਾ ਦਿੱਤੇ। ਜਲੰਧਰ ਤੋਂ ਆਈ ਸ਼ਾਇਰਾ ਰੇਣੂ ਨਈਅਰ ਨੇ 'ਕਿਸੀ ਕੀ ਬਾਤ ਮੇਂ ਆ ਕਰ ਮਤ ਆਨਾ, ਮੇਰੇ ਹਾਲਾਤ ਪਰ ਜੋ ਰਹਿਮ ਖਾਨਾ ਹੋ ਤੋ ਮੱਤ ਆਨਾ' ਨਾਲ ਰੰਗ ਬੰਨ੍ਹਿਆ। ਅਮਰੀਕਾ ਤੋਂ ਆਏ ਡਾ. ਸ਼ਸ਼ੀਕਾਂਤ ਉੱਪਲ ਨੇ ਆਪਣੀ ਗ਼ਜ਼ਲ 'ਇਸ਼ਕ ਕੀ ਰਸਮ ਨਿਭਾਨੇ ਮੇਂ ਬਹੁਤ ਦੇਰ ਲੱਗੀ, ਬਾਤ ਕੋ ਬਾਤ ਬਨਾਨੇ ਮੇਂ ਬਹੁਤ ਦੇਰ ਲਗੀ' ਅਤੇ ਦੋਹਿਆਂ ਨਾਲ ਸਮਾਗਮ ਨੂੰ ਸਿਖ਼ਰ 'ਤੇ ਪਹੁੰਚਾ ਦਿੱਤਾ। ਡਾ. ਅਫ਼ਜਲ ਮੰਗਲੋਰੀ (ਉੱਤਰਾਖੰਡ) ਨੇ 'ਖੁਦ ਸ਼ਮਾ ਕਹਿ ਉੱਠੇ ਮੁਝੇ ਪਰਵਾਨਾ ਚਾਹਿਏ, ਮੁਝੇ ਨਿਗਾਹੇ ਮਸਤ ਕਾ ਨਜ਼ਰਾਨਾ ਚਾਹਿਏ' ਗਜ਼ਲ ਨੂੰ ਤਰੰਨੁਮ 'ਚ ਗਾ ਕੇ ਮਾਹੌਲ ਨੂੰ ਸੰਗੀਤਕ ਬਣਾ ਦਿੱਤਾ।

ਇਸ ਤੋਂ ਇਲਾਵਾ ਜਗਜੀਤ ਕਾਫ਼ਿਰ ਲੁਧਿਆਣਾ, ਪਰਵਿੰਦਰ ਸ਼ੋਖ ਪਟਿਆਲਾ, ਮੁਕੇਸ਼ ਆਲਮ ਲੁਧਿਆਣਾ, ਸ਼ਹਿਨਾਜ਼ ਭਾਰਤੀ ਚੰਡੀਗੜ੍ਹ, ਖ਼ੁਸ਼ਬੂ ਪ੍ਰਵੀਨ ਰਾਮਪੁਰ (ਉੱਤਰ ਪ੍ਰਦੇਸ਼), ਜੁਨੇਦ ਅਖ਼ਤਰ ਕਾਂਧਲਾ (ਉੱਤਰ ਪ੍ਰਦੇਸ਼) ਨੇ ਵੀ ਆਪਣੇ ਖ਼ੂਬਸੂਰਤ ਕਲਾਮ ਪੇਸ਼ ਕੀਤੇ। ਡਾ. ਮੋਇਨ ਸ਼ਾਦਾਬ ਦਿੱਲੀ ਨੇ ਮੁਸ਼ਾਇਰੇ ਦਾ ਸ਼ਾਨਦਾਰ ਸੰਚਾਲਨ ਕੀਤਾ। ਸਹਾਇਕ ਨਿਰਦੇਸ਼ਕ ਅਸ਼ਰਫ਼ ਮਹਿਮੂਦ ਨੰਦਨ ਨੇ ਸਭ ਦਾ ਧੰਨਵਾਦ ਕੀਤਾ। ਸਮਾਗਮ ਦਾ ਮੰਚ ਸੰਚਾਲਨ ਡਾ. ਸੁਖਦਰਸ਼ਨ ਸਿੰਘ ਚਹਿਲ ਖੋਜ ਅਫ਼ਸਰ ਨੇ ਕੀਤਾ। ਸਾਰੇ ਹੀ ਸ਼ਾਇਰਾਂ ਨੂੰ ਵਿਭਾਗ ਵੱਲੋਂ ਸ਼ਾਲਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਆਲੋਚਕ ਡਾ. ਸੁਰਜੀਤ ਸਿੰਘ ਭੱਟੀ, ਸ਼੍ਰੋਮਣੀ ਕਵੀ ਦਰਸ਼ਨ ਬੁੱਟਰ, ਸ਼੍ਰੋਮਣੀ ਕਵੀ ਬਲਵਿੰਦਰ ਸੰਧੂ, ਡਾ. ਅਮਰਜੀਤ ਕੌਂਕੇ, ਇੰਦਰਜੀਤ ਸਿੰਘ ਮੁੱਖ ਇੰਜੀਨੀਅਰ, ਜ਼ਮੀਰ ਅਲੀ ਜ਼ਮੀਰ, ਡਾ. ਅਨਵਾਰ ਅਜ਼ਹਰ, ਜ਼ਮੀਰ ਅਲੀ ਸਮੀਰ, ਸ਼ੋਇਬ ਮਲਿਕ, ਅਵਤਾਰਜੀਤ, ਮੋਹਨ ਕੰਬੋਜ, ਗੋਪਾਲ ਸ਼ਰਮਾ, ਨਵਦੀਪ ਮੁੰਡੀ, ਗੁਰਵਿੰਦਰ ਅਮਨ ਤੇ ਹੋਰ ਬਹੁਤ ਸਾਰੀਆਂ ਨਾਮਵਰ ਸ਼ਖ਼ਸੀਅਤਾਂ ਹਾਜ਼ਰ ਸਨ।


ਕੌਮੀ ਮੁਸ਼ਾਇਰਾ
قومی مُشاعرہ


















ਕੌਮੀ ਮੁਸ਼ਾਇਰਾ
قومی مُشاعرہ

















## ਸਾਹਿਤਕ ਖਜ਼ਾਨੇ ਦੀ ਡਿਜੀਟਾਈਜੇਸ਼ਨ

# ਅੱਖਰੀ ਖਜ਼ਾਨੇ ਦੀ ਸਦੀਵੀ ਸੰਭਾਲ ਲਈ ਭਾਸ਼ਾ ਵਿਭਾਗ ਦਾ ਉੱਦਮ





ਭਾਸ਼ਾ ਵਿਭਾਗ ਪੰਜਾਬ ਵੱਲੋਂ ਇੱਥੇ ਮੁੱਖ ਦਫ਼ਤਰ ਵਿਖੇ ਵੱਡੇ ਉਪਰਾਲੇ ਤਹਿਤ ਵਿਭਾਗ ਦੀ ਹਵਾਲਾ ਲਾਇਬ੍ਰੇਰੀ 'ਚ ਮੌਜੂਦ 1.18 ਲੱਖ ਦੇ ਕਰੀਬ ਵੱਖ-ਵੱਖ ਭਾਸ਼ਾਵਾਂ ਦੀਆਂ ਦੁਰਲੱਭ ਤੇ ਮਿਆਰੀ ਪੁਸਤਕਾਂ ਨੂੰ ਡਿਜੀਟਲ ਰੂਪ 'ਚ ਸੰਭਾਲਣ ਦਾ ਕਾਰਜ 8 ਜਨਵਰੀ, 2025 ਨੂੰ ਆਰੰਭ ਕਰ ਦਿੱਤਾ ਗਿਆ, ਜਿਨ੍ਹਾਂ ਵਿੱਚ 68 ਹਜ਼ਾਰ ਦੇ ਕਰੀਬ ਗੁਰਮੁਖੀ ਲਿਪੀ (ਪੰਜਾਬੀ) ਵਾਲੀਆਂ ਪੁਸਤਕਾਂ ਸ਼ਾਮਲ ਹਨ। ਇਸ ਤੋਂ ਇਲਾਵਾ ਹਿੰਦੀ, ਉਰਦੂ, ਸੰਸਕ੍ਰਿਤ ਤੇ ਅੰਗਰੇਜ਼ੀ ਦੀਆਂ ਪੁਸਤਕਾਂ ਵੀ ਇਸ ਕਾਰਜ 'ਚ ਸ਼ਾਮਲ ਕੀਤੀਆਂ ਜਾਣਗੀਆਂ। ਪੰਜਾਬ ਡਿਜੀਟਲ ਲਾਇਬ੍ਰੇਰੀ ਦੇ ਸਹਿਯੋਗ ਨਾਲ ਸ਼ੁਰੂ ਕੀਤੇ ਇਸ ਪ੍ਰੋਜੈਕਟ ਦੀ ਸ਼ੁਰੂਆਤ ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿਘ ਜ਼ਫ਼ਰ ਵੱਲੋਂ ਟੀਮ ਨੂੰ ਸ਼ੁਭ ਕਾਮਨਾਵਾਂ ਦੇਣ ਨਾਲ ਹੋਈ। ਇਸ ਮੌਕੇ ਪੰਜਾਬ ਡਿਜੀਟਲ ਲਾਇਬ੍ਰੇਰੀ ਦੇ ਚੇਅਰਮੈਨ ਸ. ਦਵਿੰਦਰਪਾਲ ਸਿੰਘ ਉਚੇਚੇ ਤੌਰ 'ਤੇ ਹਾਜ਼ਰ ਹੋਏ।

ਇਸ ਮੌਕੇ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਹ ਕਾਰਜ ਦੋ ਮੰਤਵਾਂ ਤਹਿਤ ਆਰੰਭ ਕੀਤਾ ਗਿਆ ਹੈ। ਪਹਿਲਾ ਭਾਸ਼ਾ ਵਿਭਾਗ, ਪੰਜਾਬ ਕੋਲ ਮੌਜੂਦ ਵੱਡਮੁੱਲੇ ਸਾਹਿਤਕ ਵਿਰਸੇ ਨੂੰ ਸੰਭਾਲਣਾ ਹੈ। ਦੂਸਰਾ ਮੰਤਵ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਬੁੱਧੀਮਾਨਤਾ ਦੇ ਖੇਤਰ 'ਚ ਸਥਾਪਤ ਕਰਨਾ ਹੈ। ਡਿਜੀਟਾਈਜ਼ੇਸ਼ਨ ਦੇ ਕਾਰਜ ਸਦਕਾ ਵੱਖ-ਵੱਖ ਭਾਸ਼ਾਵਾਂ 'ਚ ਤਿੰਨ ਸੌ ਸਾਲ ਤੋਂ ਪੁਰਾਣੀਆਂ ਹੱਥ ਲਿਖਤਾਂ, ਪੁਰਾਤਨ ਗ੍ਰੰਥ, ਸਿੱਖ ਗੁਰੂ ਸਾਹਿਬਾਨਾਂ ਦਾ ਸਮਕਾਲੀ ਸਾਹਿਤ, ਵਿਸ਼ਵ ਕਲਾਸਿਕ ਸਾਹਿਤ, ਭਾਸ਼ਾ ਵਿਭਾਗ ਦੇ ਰਸਾਲਿਆਂ ਦੇ ਵਿਸ਼ੇਸ਼ ਅੰਕ, ਪੁਰਾਣੇ ਨਕਸ਼ੇ ਅਤੇ ਹੋਰ ਬਹੁਤ ਸਾਰੀਆਂ ਵੱਡਮੁੱਲੀਆਂ ਲਿਖਤਾਂ

ਡਿਜੀਟਲ ਰੂਪ 'ਚ ਉਪਲਬਧ ਹੋ ਜਾਣਗੀਆਂ। ਅਜਿਹੀਆਂ ਦੁਰਲੱਭ ਕਿਰਤਾਂ 'ਚ 20 ਹਜ਼ਾਰ ਦੇ ਕਰੀਬ ਅਜਿਹੀਆਂ ਪੁਸਤਕਾਂ ਸ਼ਾਮਲ ਹਨ ਜਿਨ੍ਹਾਂ ਦੀ ਸਿਰਫ਼ ਇੱਕ-ਇੱਕ ਕਾਪੀ ਹੀ ਵਿਭਾਗ ਕੋਲ ਮੌਜੂਦ ਹੈ। ਪੁਰਾਤਨ 542 ਹੱਥ ਲਿਖਤਾਂ ਨੂੰ ਦੇਖਣ ਲਈ ਅਕਸਰ ਹੀ ਖੋਜਾਰਥੀ ਤੇ ਸ਼ਰਧਾਮੂਲਕ ਬਿਰਤੀ ਵਾਲੇ ਲੋਕ ਵਿਭਾਗ 'ਚ ਆਉਂਦੇ ਰਹਿੰਦੇ ਹਨ, ਜਿਸ ਕਾਰਨ ਪੁਰਾਤਨ ਹੱਥ ਲਿਖਤਾਂ ਨੂੰ ਖ਼ਾਸ ਤੌਰ 'ਤੇ ਨੁਕਸਾਨ ਪੁੱਜਣ ਦਾ ਡਰ ਰਹਿੰਦਾ ਸੀ ਪਰ ਹੁਣ ਇੰਨ੍ਹਾਂ ਲਿਖਤਾਂ ਨੂੰ ਡਿਜੀਟਲ ਰੂਪ 'ਚ ਦੇਖਣ ਦੀ ਸਹੂਲਤ ਮਿਲ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਕਾਰਜ ਜਿੱਥੇ ਦੁਨੀਆ ਭਰ 'ਚ ਬੈਠੇ ਪਾਠਕਾਂ ਲਈ ਵੱਡੇ ਪੱਧਰ 'ਤੇ ਪੜ੍ਹਨ ਸਮੱਗਰੀ ਪ੍ਰਦਾਨ ਕਰੇਗਾ ਉੱਥੇ ਖੋਜਾਰਥੀਆਂ ਲਈ ਵੀ ਵੱਡੀ ਸਹੂਲਤ ਪੈਦਾ ਹੋ ਜਾਵੇਗੀ। ਇਸ ਸਮੱਗਰੀ ਨੂੰ ਜਲਦ ਹੀ ਇੱਕ ਪੋਰਟਲ ਜ਼ਰੀਏ ਜਨਤਕ ਕਰ ਦਿੱਤਾ ਜਾਵੇਗਾ।

ਸ. ਦਵਿੰਦਰਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਅੱਠ ਮੈਂਬਰੀ ਟੀਮ ਵੱਲੋਂ 4 ਯੂਨਿਟ ਲਗਾਕੇ, ਇਸ ਵੱਡੇ ਤੇ ਵੱਡਮੁੱਲੇ ਕਾਰਜ ਦੀ ਸ਼ੁਰੂਆਤ ਕੀਤੀ ਜਾ ਗਈ ਹੈ ਅਤੇ ਇਸ ਵਿੱਚ ਵਿਸਥਾਰ ਕਰਨ ਹਿੱਤ ਆਉਣ ਵਾਲੇ ਕੁਝ ਹਫ਼ਤਿਆਂ 'ਚ ਦੋ ਹੋਰ ਯੂਨਿਟ ਵੀ ਸਥਾਪਤ ਕਰ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਕਾਰਜ ਤਹਿਤ ਤਕਰੀਬਨ ਤਿੰਨ ਕਰੋੜ ਸਫ਼ੇ ਸਕੈਨ ਕਰਕੇ, ਡਿਜੀਟਲ ਰੂਪ 'ਚ ਈ-ਪੁਸਤਕਾਂ ਤਿਆਰ ਕੀਤੀਆਂ ਜਾਣਗੀਆਂ। ਜਿਸ ਨਾਲ ਪਾਠਕਾਂ ਨੂੰ ਵੱਡਮੁੱਲੇ ਸਾਹਿਤ ਦਾ ਭੰਡਾਰ ਮਿਲ ਜਾਵੇਗਾ। ਇਸ ਮੌਕੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ ਤੇ ਆਲੋਕ ਚਾਵਲਾ, ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਤੇ ਲਾਇਬ੍ਰੇਰੀਅਨ ਨੇਹਾ ਖੁਰਾਨਾ ਵੀ ਹਾਜ਼ਰ ਸਨ।




26 ਜਨਵਰੀ, 2025 ਨੂੰ ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਗਣਤੰਤਰ ਦਿਵਸ ਮਨਾਇਆ ਗਿਆ। ਇਸ ਮੌਕੇ ਸ. ਜ਼ਫ਼ਰ ਨੇ ਨਵੀਂ ਪਿਰਤ ਪਾਉਂਦਿਆਂ ਝੰਡਾ ਲਹਿਰਾਉਣ ਦੀ ਜ਼ਿੰਮੇਵਾਰੀ ਵਿਭਾਗ ਦੇ ਮਿਹਨਤੀ, ਇਮਾਨਦਾਰ ਤੇ ਸੂਝਵਾਨ ਸੇਵਾਦਾਰ ਅਨਿਲ ਕੁਮਾਰ ਨੂੰ ਸੌਂਪੀ। ਅਨਿਲ ਕੁਮਾਰ ਨੇ ਝੰਡਾ ਲਹਿਰਾਉਣ ਤੋਂ ਬਾਅਦ ਝੰਡੇ ਨੂੰ ਸਲਾਮੀ ਵੀ ਦਿੱਤੀ। ਸ. ਜ਼ਫ਼ਰ ਦੇ ਇਸ ਕਦਮ ਦੀ ਹਰ ਪਾਸਿਓ ਭਰਪੂਰ ਸ਼ਲਾਘਾ ਹੋਈ। ਇਸ ਮੌਕੇ ਸਮਾਗਮ ਦੌਰਾਨ ਪੇਸ਼ਕਾਰੀਆਂ ਦੇਣ ਵਾਲੇ ਵਿਭਾਗ ਦੇ ਕਲਾਕਾਰਾਂ ਦਾ ਸਨਮਾਨ ਵੀ ਕੀਤਾ ਗਿਆ।



## ਸਾਹਿਤਕਾਰ ਦੀ ਸਦੀਵੀ ਯਾਦ

# ਨਾਵਲਕਾਰ ਨਾਨਕ ਸਿੰਘ ਦੀਆਂ ਨਿੱਜੀ ਵਸਤੂਆਂ ਭਾਸ਼ਾ ਵਿਭਾਗ ਪੰਜਾਬ ਦੀ ਲਾਇਬ੍ਰੇਰੀ 'ਚ ਸੁਸ਼ੋਭਿਤ






ਨਾਮਵਰ ਲੇਖਕ ਨਾਨਕ ਸਿੰਘ (ਸਵ.) ਦੇ ਪਰਿਵਾਰ ਵੱਲੋਂ ਉਨ੍ਹਾਂ ਦੀਆਂ ਕੁਝ ਨਿੱਜੀ ਵਸਤੂਆਂ ਭਾਸ਼ਾ ਵਿਭਾਗ, ਪੰਜਾਬ ਨੂੰ 30 ਜਨਵਰੀ, 2025 ਨੂੰ ਭੇਂਟ ਕੀਤੀਆਂ ਗਈਆਂ ਹਨ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਭਾਸ਼ਾ ਭਵਨ ਪਟਿਆਲਾ ਵਿਖੇ ਲਾਇਬ੍ਰੇਰੀ 'ਚ ਸ. ਨਾਨਕ ਸਿੰਘ ਦੀਆਂ ਨਿੱਜੀ ਵਸਤੂਆਂ ਲਈ ਇੱਕ ਵੱਖਰਾ ਸੈਕਸ਼ਨ ਸਥਾਪਤ ਕੀਤਾ ਗਿਆ ਹੈ। ਇਸ ਨਵੇਂ ਸੈਕਸ਼ਨ ਦੀ ਬੀਤੇ ਕੱਲ੍ਹ ਸ. ਨਾਨਕ ਸਿੰਘ ਦੇ ਪੋਤਰੇ ਸ. ਕਰਮਵੀਰ ਸਿੰਘ ਸੂਰੀ ਦੀ ਹਾਜ਼ਰੀ ਵਿੱਚ ਘੁੰਡ ਚੁਕਾਈ ਕੀਤੀ ਗਈ। ਇਸ ਮੌਕੇ ਸੰਯੁਕਤ ਨਿਰਦੇਸ਼ਕਾ ਸ੍ਰੀਮਤੀ ਹਰਪ੍ਰੀਤ ਕੌਰ, ਡਿਪਟੀ ਡਾਇਰੈਕਟਰ ਹਰਭਜਨ ਕੌਰ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਆਲੋਕ ਚਾਵਲਾ ਤੇ ਸੁਰਿੰਦਰ ਕੌਰ, ਸੁਪਰਡੈਂਟ ਭੁਪਿੰਦਰਪਾਲ ਸਿੰਘ ਤੇ ਸਵਰਨਜੀਤ ਕੌਰ, ਖੋਜ ਸਹਾਇਕ ਹਰਪ੍ਰੀਤ ਸਿੰਘ, ਗੁਰਜੀਤ ਸਿੰਘ, ਮਨਜਿੰਦਰ ਸਿੰਘ, ਸ੍ਰੀਮਤੀ ਨੇਹਾ ਅਤੇ ਜਗਮੇਲ ਸਿੰਘ ਹਾਜ਼ਰ ਸਨ।

ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਹੈ ਕਿ ਵਿਭਾਗ ਵੱਲੋਂ ਨਾਮਵਰ ਲੇਖਕਾਂ ਦੀਆਂ ਯਾਦਗਾਰੀ ਤੇ ਨਿੱਜੀ ਵਸਤੂਆਂ ਦੀ ਸਾਂਭ-ਸੰਭਾਲ ਲਈ ਇਹ ਨਵੀਂ ਪਹਿਲਕਦਮੀ ਕੀਤੀ ਗਈ ਹੈ। ਇਸ ਕਾਰਜ ਦੀ ਆਰੰਭਤਾ ਮਹਾਨ ਨਾਵਲਕਾਰ




ਰਾਜਧਾਨੀ 'ਚ ਕਾਵਿ ਸੰਚਾਰ

# ਭਾਸ਼ਾ ਵਿਭਾਗ ਨੇ ਦਿੱਲੀ ਵਿਖੇ ਸਜਾਈ ਸ਼ਾਇਰਾਂ ਦੀ ਮਹਿਫ਼ਿਲ

ਭਾਸ਼ਾ ਵਿਭਾਗ ਪੰਜਾਬ ਵੱਲੋਂ ਦਿੱਲੀ ਸਥਿਤ ਦਿਆਲ ਸਿੰਘ ਕਾਲਜ ਵਿੱਚ ਸੋਹਿੰਦਰ ਸਿੰਘ ਵਣਜਾਰਾ ਬੇਦੀ ਦੀ ਜਨਮ ਸ਼ਤਾਬਦੀ ਨੂੰ ਸਮਰਪਿਤ ਕਵੀ ਦਰਬਾਰ 31 ਜਨਵਰੀ, 2025 ਨੂੰ ਕਰਵਾਇਆ ਗਿਆ। ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਹੋਏ ਇਸ ਸਮਾਗਮ ਦੀ ਸ਼ੁਰੂਆਤ 'ਚ ਪ੍ਰੋ. ਅਨੀਤਾ ਗੋਇਲ ਨੇ ਮਹਿਮਾਨਾਂ ਦਾ ਸਵਾਗਤ ਕੀਤਾ। ਸਮਾਗਮ ਦੀ ਪ੍ਰਧਾਨਗੀ ਲੇਖਿਕਾ ਡਾ. ਵਨੀਤਾ ਨੇ ਕੀਤੀ ਅਤੇ ਭਾਰਤੀ ਸਾਹਿਤ ਅਕਾਦਮੀ ਐਵਾਰਡ ਜੇਤੂ ਡਾ. ਪਾਲ ਕੌਰ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।

ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਕਾਵਿ ਸਾਹਿਤ ਦੀ ਉਹ ਵਿਧਾ ਹੈ ਜਿਸ ਰਾਹੀਂ ਕਵੀ ਤੇ ਪਾਠਕ ਦੋਨੋਂ ਹੀ ਸੁਫ਼ਨਿਆਂ ਦੇ ਸੰਸਾਰ ਵਿੱਚ ਪਹੁੰਚ ਜਾਂਦੇ ਹਨ ਅਤੇ ਦੁਨਿਆਵੀ ਅਕੇਵਿਆਂ-ਥਕੇਵਿਆਂ ਤੋਂ ਕੁਝ ਸਮੇਂ ਲਈ ਸੁਰਖ਼ਰੂ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਸੇ ਕਰਕੇ ਉਹੀ ਕਾਵਿ ਵਧੇਰੇ ਪ੍ਰਵਾਨ ਚੜ੍ਹਦਾ ਹੈ ਜੋ ਲੋਕਾਂ ਦੇ ਦਿਲਾਂ ਦੇ ਵਧੇਰੇ ਨੇੜੇ ਹੁੰਦਾ ਹੈ। ਇਸ ਮੌਕੇ ਡਾ. ਅਜੀਤਪਾਲ ਸਿੰਘ ਜਟਾਣਾ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਗਾ, ਖੋਜ ਅਫ਼ਸਰ ਡਾ. ਸੰਤੋਖ ਸੁੱਖੀ, ਸਿਮਰਨ ਅਕਸ, ਕਰਨਜੀਤ ਕੋਮਲ, ਕੁਲਵੀਰ ਗੋਜਰਾ, ਗੁਰਤੇਜ ਕੋਹਾਰਵਾਲਾ, ਬਰਜਿੰਦਰ ਚੌਹਾਨ, ਡਾ. ਪਾਲ ਕੌਰ ਅਤੇ ਸ. ਜਸਵੰਤ ਜ਼ਫ਼ਰ ਨੇ ਆਪੋ-ਆਪਣੇ ਕਲਾਮ ਪੇਸ਼ ਕਰਕੇ ਰੰਗ ਬੰਨ੍ਹਿਆ। ਇਸ ਮੌਕੇ ਮੇਜ਼ਬਾਨ ਕਾਲਜ ਦੇ ਪੰਜਾਬੀ ਵਿਭਾਗ ਤੋਂ ਡਾ. ਰਤਨਦੀਪ ਕੌਰ, ਡਾ. ਹਰਮੀਤ ਕੌਰ ਤੇ ਡਾ. ਦਲਜੀਤ ਸਿੰਘ, ਨਾਟਕਕਾਰ ਵਰਿਆਮ ਮਸਤ ਨੇ ਵੀ ਸ਼ਿਰਕਤ ਕੀਤੀ। ਪ੍ਰੋ. ਰਵਿੰਦਰ ਸਿੰਘ ਨੇ ਧੰਨਵਾਦੀ ਸ਼ਬਦ ਕਹੇ। ਭਾਸ਼ਾ ਵਿਭਾਗ ਵੱਲੋਂ ਸਾਰੇ ਕਵੀਆਂ ਤੇ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।




ਡਾਇਰੈਕਟਰ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ, ਡਾ. ਪਾਲ ਕੌਰ ਅਤੇ ਡਾ. ਵਨੀਤਾ ਨਾਲ ਕਵੀ ਦਰਬਾਰ ਵਿੱਚ ਸ਼ਾਮਲ ਅਜੀਤਪਾਲ ਜਟਾਣਾ, ਬਰਜਿੰਦਰ ਚੌਹਾਨ, ਗੁਰਤੇਜ ਕੋਹਾਰਵਾਲਾ, ਕੁਲਵੀਰ ਗੋਜਰਾ, ਸਿਮਰਨ ਅਕਸ, ਕਰਨਜੀਤ ਕੋਮਲ, ਸੰਤੋਖ ਸੁੱਖੀ ਤੇ ਹੋਰ ਕਵੀ



कवि दरबार में भाग लेने वाले कवि।

## भाषा विभाग, पंजाब व दयाल सिंह कालेज दिल्ली ने कवि दरबार करवाया

नई दिल्ली, 5 फरवरी (मिसरदीप भाटिया): विगत भाषा विभाग पटियाला, पंजाब व दयाल सिंह कालेज, दिल्ली द्वारा सोहिन्द्र सिंह वणजारा बेदी की जन्म शताब्दी को समर्पित कवि दरबार करवाया गया। कवि दरबार की शुरुआत में कालेज के प्रिंसीपल द्वारा आए सभी अतिथियों का स्वागत किया गया और प्रो. रविन्द्र सिंह ने स्वागती शब्द कहे। इस कवि दरबार की अध्यक्षता पंजाबी की प्रसिद्ध लेखिका डा. वनीता ने की। भारतीय साहित्य अकादमी अवार्ड विजेता डा. पाल कौर इस कवि दरबार में विशेष अतिथि के रूप में मौजूद थे। भाषा विभाग, पंजाब द्वारा सारे कविजनों का सम्मान किया गया।

इसके पश्चात अजीत पाल जटाणा, संतोख सुक्खी, सिमरन अक्स, करनजीत कोमल, कुलवीर गोजरा, गुरतेज कुहारवाला, बरजिंदर चौहान, पाल कौर व जसवंत सिंह जफर जैसे प्रसिद्ध कवियों ने अपने कलाम पेश किए। इस कवि दरबार में पंजाबी विभाग, दयाल सिंह कालेज से डा. रत्नदीप कौर, डा. हरमीत कौर व डा. दिलजीत सिंह, पंजाबी के प्रसिद्ध नाटककार वरियाम मस्त, विभिन्न कालेजों से शिरकत कर रहे अध्यापक व विद्यार्थी भी उपस्थित थे। समारोह के अंत में जसवंत सिंह जफर, डायरैक्टर भाषा विभाग, पंजाब ने सभी का धन्यवाद किया। उन्होंने यह भी कहा कि विभाग की गतिविधियों में किसी कालेज में करवाया यह पहला सफल कार्यक्रम था।



ਕਵੀ ਦਰਬਾਰ ਵਿਚ ਭਾਗ ਲੈਣ ਵਾਲੇ ਕਵੀ।

## ਭਾਸ਼ਾ ਵਿਭਾਗ, ਪੰਜਾਬ ਅਤੇ ਦਿਆਲ ਸਿੰਘ ਕਾਲਜ ਦਿੱਲੀ ਵਲੋਂ ਕਵੀ ਦਰਬਾਰ

ਨਵੀਂ ਦਿੱਲੀ, 5 ਫਰਵਰੀ (ਮਿਸਰਦੀਪ ਭਾਟੀਆ)- ਪਿਛਲੇ ਦਿਨੀਂ ਭਾਸ਼ਾ ਵਿਭਾਗ ਪਟਿਆਲਾ, ਪੰਜਾਬ ਅਤੇ ਦਿਆਲ ਸਿੰਘ ਕਾਲਜ, ਦਿੱਲੀ ਵਲੋਂ ਸੋਹਿੰਦਰ ਸਿੰਘ ਵਣਜਾਰਾ ਬੇਦੀ ਦੀ ਜਨਮ ਸ਼ਤਾਬਦੀ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ ਗਿਆ। ਕਵੀ ਦਰਬਾਰ ਦੀ ਸ਼ੁਰੂਆਤ 'ਚ ਕਾਲਜ ਦੇ ਪ੍ਰਿੰਸੀਪਲ ਵਲੋਂ ਆਏ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਤੇ ਪ੍ਰੋ. ਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਕਹੇ। ਕਵੀ ਦਰਬਾਰ ਦੀ ਪ੍ਰਧਾਨਗੀ ਪੰਜਾਬੀ ਦੀ ਉੱਘੀ ਲੇਖਿਕਾ ਡਾ. ਵਨੀਤਾ ਨੇ ਕੀਤੀ। ਭਾਰਤੀ ਸਾਹਿਤ ਅਕਾਦਮੀ ਐਵਾਰਡ ਜੇਤੂ ਡਾ. ਪਾਲ ਕੌਰ ਇਸ ਕਵੀ ਦਰਬਾਰ ਵਿਚ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਸਨ। ਭਾਸ਼ਾ ਵਿਭਾਗ, ਪੰਜਾਬ ਵਲੋਂ ਸਾਰੇ ਕਵੀਜਨਾਂ ਦਾ ਸਨਮਾਨ ਕੀਤਾ ਗਿਆ। ਇਸ ਤੋਂ ਬਾਅਦ ਅਜੀਤ ਪਾਲ ਜਟਾਣਾ, ਸੰਤੋਖ ਸੁੱਖੀ, ਸਿਮਰਨ ਅਕਸ, ਕਰਨਜੀਤ ਕੋਮਲ, ਕੁਲਵੀਰ ਗੋਜਰਾ, ਗੁਰਤੇਜ ਕੁਹਾਰਵਾਲਾ, ਬਰਜਿੰਦਰ ਚੌਹਾਨ, ਪਾਲ ਕੌਰ ਅਤੇ ਜਸਵੰਤ ਸਿੰਘ ਜ਼ਫਰ ਵਰਗੇ ਸਿਰਮੌਰ ਕਵੀਆਂ ਨੇ ਆਪਣੇ ਕਲਾਮ ਪੇਸ਼ ਕੀਤੇ। ਕਵੀ ਦਰਬਾਰ ਵਿਚ ਪੰਜਾਬੀ ਵਿਭਾਗ, ਦਿਆਲ ਸਿੰਘ ਕਾਲਜ ਤੋਂ ਡਾ. ਰਤਨਦੀਪ ਕੌਰ, ਡਾ. ਹਰਮੀਤ ਕੌਰ ਤੇ ਡਾ. ਦਿਲਜੀਤ ਸਿੰਘ, ਪੰਜਾਬੀ ਦੇ ਉੱਘੇ ਨਾਟਕਕਾਰ ਵਰਿਆਮ ਮਸਤ, ਵੱਖ-ਵੱਖ ਕਾਲਜਾਂ ਤੋਂ ਸ਼ਿਰਕਤ ਕਰ ਰਹੇ ਅਧਿਆਪਕ ਅਤੇ ਵਿਦਿਆਰਥੀ ਵੀ ਮੌਜੂਦ ਸਨ। ਸਮਾਗਮ ਦੇ ਅਖੀਰ 'ਚ ਜਸਵੰਤ ਸਿੰਘ ਜ਼ਫਰ, ਡਾਇਰੈਕਟਰ ਭਾਸ਼ਾ ਵਿਭਾਗ, ਪਟਿਆਲਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਵਿਭਾਗ ਦੀਆਂ ਸਰਗਰਮੀਆਂ ਵਿਚ ਕਿਸੇ ਕਾਲਜ ਵਿਚ ਕਰਵਾਇਆ ਇਹ ਪਹਿਲਾ ਸਫਲ ਪ੍ਰੋਗਰਾਮ ਸੀ।




## ਸ਼ਬਦ ਤਕਨਾਲੌਜੀ ਅਤੇ ਮਾਨਵਤਾ ਦਾ ਭਵਿੱਖ

# ਪੰਜਾਬੀ ਮਸ਼ੀਨੀ ਬੁੱਧੀਮਾਨਤਾ ਦੀ ਹਰ ਚੁਣੌਤੀ ਸਵੀਕਾਰ ਕਰਨ ਦੇ ਸਮਰੱਥ

ਭਾਸ਼ਾ ਵਿਭਾਗ, ਪੰਜਾਬ ਵੱਲੋਂ 'ਸ਼ਬਦ ਤਕਨਾਲੌਜੀ ਅਤੇ ਮਾਨਵਤਾ ਦਾ ਭਵਿੱਖ' ਵਿਸ਼ੇ 'ਤੇ ਕਰਵਾਈ ਜਾਣ ਵਾਲੀ ਦੋ ਦਿਨਾ ਗੋਸ਼ਟੀ 13 ਤੇ 14 ਫਰਵਰੀ, 2025 ਨੂੰ ਭਾਸ਼ਾ ਭਵਨ, ਪਟਿਆਲਾ ਦੇ ਸੈਮੀਨਾਰ ਹਾਲ ਵਿਖੇ ਕਰਵਾਈ ਗਈ ਹੈ। ਜਿਸ ਦੌਰਾਨ ਉਦਘਾਟਨੀ ਸੈਸ਼ਨ ਦੌਰਾਨ 'ਸਾਖ਼ਰਤਾ ਤੋਂ ਵਿਸਤ੍ਰਿਤ ਭਾਸ਼ਾਈ ਮਾਡਲ ਤੱਕ' ਵਿਸ਼ੇ 'ਤੇ ਵੱਖ-ਵੱਖ ਵਿਦਵਾਨਾਂ ਨੇ ਵਿਚਾਰ ਪੇਸ਼ ਕੀਤੇ।

ਆਪਣੇ ਕੁੰਜੀਵਤ ਭਾਸ਼ਣ ਦੌਰਾਨ ਸ. ਅਮਰਜੀਤ ਸਿੰਘ ਗਰੇਵਾਲ ਨੇ ਤਿੰਨ ਨੁਕਤਿਆਂ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਸਾਡੀ ਪਹਿਲੀ ਸਿੰਗਲੈਰਿਟੀ (ਭਾਵਨਾ) ਸ਼ਬਦ, ਐਟਮ, ਬ੍ਰਹਿਮੰਡ ਦੀ ਉਤਪਤੀ ਤੇ ਜੀਨ, ਦੂਸਰੀ ਸਿੰਗਲੈਰਿਟੀ ਜੀਵਨ ਦੀ ਉਤਪਤੀ ਅਤੇ ਤੀਸਰੀ ਸਿੰਗਲੈਰਿਟੀ ਸ਼ਬਦ ਤੇ ਸ਼ਬਦ ਤੋਂ ਭਾਸ਼ਾ ਬਣੀ। ਉਨ੍ਹਾਂ ਕਿਹਾ ਕਿ ਸ਼ਬਦ ਦੀ ਉਤਪਤੀ ਨਾਲ ਹੀ ਮਨੁੱਖੀ ਚੇਤਨਾ ਦਾ ਆਗਾਜ਼ ਹੋਇਆ। ਉਨ੍ਹਾਂ ਕਿਹਾ ਕਿ ਹਮੇਸ਼ਾ ਮਨੁੱਖ ਨੂੰ ਤਕਨੀਕ ਦਾ ਡਰ ਰਹਿੰਦਾ ਹੈ ਪਰ ਇਸ ਤੋਂ ਡਰਨ ਦੀ ਲੋੜ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਹੱਥਾਂ ਦਾ ਕੰਮ ਭਾਵੇਂ ਮਸ਼ੀਨਾਂ ਨੇ ਲੈ ਲਿਆ ਪਰ ਬੰਦੇ ਕੋਲ ਦਿਮਾਗ ਹੈ। ਜੇ ਮਸ਼ੀਨੀ ਬੁੱਧੀਮਾਨਤਾ ਨੇ ਦਿਮਾਗ ਦਾ ਕੰਮ ਲੈ ਲਿਆ ਤਾਂ ਸਾਨੂੰ ਹੋਰ ਵਿਕਲਪ ਪੈਦਾ ਕਰਨੇ ਪੈਣਗੇ। ਇਸ ਸੈਸ਼ਨ ਦੀ ਪ੍ਰਧਾਨਗੀ ਕਰਦਿਆ ਡਾ. ਜਸਵਿੰਦਰ ਸਿੰਘ ਨੇ ਕਿਹਾ ਕਿ ਮਸ਼ੀਨੀ ਬੁੱਧੀਮਾਨਤਾ ਨੂੰ ਹਊਆ ਨਾ ਬਣਾਇਆ ਜਾਵੇ। ਹੋਰਨਾਂ ਤਕਨੀਕਾਂ ਵਾਂਗ ਸਾਨੂੰ ਇਹ ਵਰਤਣੀ ਪਵੇਗੀ। ਇਹ ਇੱਕ ਟੂਲ ਹੈ। ਹਰੇਕ ਤਕਨੀਕ ਤੋਂ ਖਦਸ਼ੇ ਅਤੇ ਮਸਲੇ ਹੁੰਦੇ ਹਨ। ਸਾਨੂੰ ਇਸ ਨੂੰ ਸਾਕਾਰਾਤਮਕ ਤੌਰ 'ਤੇ ਲੈਣਾ ਚਾਹੀਦਾ ਹੈ। ਉਦਘਾਟਨੀ ਸੈਸ਼ਨ ਦੇ ਮੁੱਖ ਮਹਿਮਾਨ ਡਾ. ਕੇਹਰ ਸਿੰਘ ਸਾਬਕਾ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਕਿਹਾ ਮਨੁੱਖ ਕੋਲ ਅਨੁਭਵ ਹੈ ਜੋ ਮਸ਼ੀਨਾਂ ਕੋਲ ਨਹੀਂ ਹੁੰਦਾ ਇਸ ਕਰਕੇ ਹੀ ਮਨੁੱਖ ਸਭ ਤੋਂ ਵੱਖਰਾ ਹੈ। ਉਨ੍ਹਾਂ ਕਿਹਾ ਕਿ ਮਸ਼ੀਨੀ ਬੁੱਧੀਮਾਨਤਾ ਨਾਲ ਸਿਰਜਣਾ ਦੀਆਂ ਸੰਭਾਵਨਾਵਾਂ ਵਧਦੀਆਂ ਹਨ। ਇਸ ਸੈਸ਼ਨ ਦਾ ਮੰਚ ਸੰਚਾਲਨ ਗੁਰਮੇਲ ਸਿੰਘ ਵੱਲੋਂ ਕੀਤਾ ਗਿਆ।

ਇਸ ਉਪਰੰਤ ਪਹਿਲੇ ਸੈਸ਼ਨ ਦਾ ਸੰਚਾਲਨ


ਧਨੁ ਲੇਖਾਰੀ ਨਾਨਕਾ












ਭਾਸ਼ਾ ਵਿਭਾਗ,




ਜੀ ਆਇਆਂ ਨੂੰ
ਭਾਸ਼ਾ ਵਿਭਾਗ, ਪੰਜਾਬ



























ਡਾ. ਅਮਰਜੀਤ ਸਿੰਘ ਨੇ ਕੀਤਾ। ਇਸ ਸੈਸ਼ਨ ਦੌਰਾਨ ਡਾ. ਰਾਜਵਿੰਦਰ ਸਿੰਘ, ਡਾ. ਸੀ.ਪੀ, ਕੰਬੋਜ, ਡਾ. ਜਸਵਿੰਦਰ ਸਿੰਘ ਅਤੇ ਡਾ. ਤੇਜਿੰਦਰ ਸਿੰਘ ਸੈਣੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ 'ਭਾਸ਼ਾਈ ਪ੍ਰਕਿਰਿਆ ਵਿੱਚ ਨਵੀਆਂ ਤਕਨੀਕੀ ਪਹਿਲਕਦਮੀਆਂ' ਵਿਸ਼ੇ ਤੇ ਪਰਚੇ ਪੜ੍ਹੇ ਗਏ। ਦੂਸਰੇ ਸੈਸ਼ਨ ਦਾ ਵਿਸ਼ਾ 'ਮਸ਼ੀਨੀ ਬੁੱਧੀਮਾਨਤਾ ਦੇ ਭਾਸ਼ਾਈ ਮਾਡਲਾਂ ਦੀ ਨੈਤਕਿਤਾ ਦਾ ਮਸਲਾ' ਤੇ ਅਧਾਰਿਤ ਸੀ। ਜਿਸ ਦਾ ਡਾ. ਪ੍ਰਵੀਨ ਕੁਮਾਰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਸੰਚਾਲਨ ਕੀਤਾ। ਇਸ ਵਿਸ਼ੇ 'ਤੇ ਪ੍ਰੋ. ਪਰਮਜੀਤ ਸਿੰਘ ਢੀਂਗਰਾ ਸਾਬਕਾ ਡਾਇਰੈਕਟਰ ਰੀਜਨਲ ਸੈਂਟਰ ਮੁਕਤਸਰ, ਡਾ. ਦਵਿੰਦਰ ਸਿੰਘ ਖ਼ਾਲਸਾ ਕਾਲਜ ਪਟਿਆਲਾ ਤੇ ਪ੍ਰੋ. ਯੋਗਰਾਜ ਨੇ ਮੁੱਖ ਬੁਲਾਰਿਆਂ ਵਜੋਂ ਨਿੱਠ ਕੇ ਚਰਚਾ ਕੀਤੀ। ਪਹਿਲੇ ਦਿਨ ਦਾ ਆਖ਼ਰੀ ਤੇ ਤੀਸਰਾ ਸੈਸ਼ਨ 'ਮਨੁੱਖ ਅਤੇ ਮਸ਼ੀਨੀ ਬੁੱਧੀਮਾਨਤਾ ਦਰਿਮਆਨ ਭਾਸ਼ਾਈ ਸੰਯੋਗ' ਵਿਸ਼ੇ ਤੇ ਅਧਾਰਿਤ ਸੀ। ਜਿਸ ਦੌਰਾਨ ਡਾ. ਗੁਰਦੇਵ ਸਿੰਘ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਅਤੇ ਡਾ. ਜੋਗਾ ਸਿੰਘ ਪਟਿਆਲਾ ਨੇ ਗੰਭੀਰ ਵਿਚਾਰ ਚਰਚਾ ਕੀਤੀ। ਇਸ ਸੈਸ਼ਨ ਦਾ ਸੰਚਾਲਨ ਡਾ. ਤੇਜਿੰਦਰ ਸਿੰਘ ਖਾਲਸਾ ਕਾਲਜ ਚੰਡੀਗੜ੍ਹ ਵੱਲੋਂ ਕੀਤਾ ਗਿਆ।






**ਦੂਸਰਾ ਦਿਨ:-**

ਗੋਸ਼ਟੀ ਦੇ ਦੂਸਰੇ ਤੇ ਆਖ਼ਰੀ ਦਿਨ ਦੀ ਸ਼ੁਰੂਆਤ 'ਸਿਰਜਣਾ ਅਤੇ ਕਲਾ ਵਿੱਚ ਮਸ਼ੀਨੀ ਬੁੱਧੀਮਾਨਤਾ ਦਾ ਸਥਾਨ' ਵਿਸ਼ੇ ਨਾਲ ਹੋਈ। ਜਿਸ ਦੌਰਾਨ ਗੁਰਪ੍ਰੀਤ ਮਾਨਸਾ ਨੇ ਮਸ਼ੀਨੀ ਬੁੱਧੀਮਾਨਤਾ ਦੇ ਟੂਲ ਰਾਹੀਂ ਕਾਵਿ ਸਿਰਜਣਾ ਦੀ ਉਦਾਹਰਣ ਦੇ ਕੇ, ਸਿਰਜਣ ਪ੍ਰਕਿਰਿਆ ਬਾਰੇ ਆਪਣੇ ਅਨੁਭਵ ਸਰੋਤਿਆਂ ਨਾਲ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਜਿਸ ਤਰ੍ਹਾਂ ਮਨੁੱਖ ਕੋਲ ਜਿੰਨਾ ਤਜਰਬਾ ਅਤੇ ਗਿਆਨ ਹੁੰਦਾ ਹੈ, ਉਹ ਉਸੇ ਤਰ੍ਹਾਂ ਦੀ ਸਿਰਜਣਾ ਕਰਦਾ ਹੈ। ਇਸੇ ਤਰ੍ਹਾਂ ਹੀ ਮਸ਼ੀਨੀ ਬੁੱਧੀਮਾਨਤਾ ਕੋਲ ਜਿੰਨਾ ਡਾਟਾ ਹੈ ਉਹ ਵੀ ਉਸੇ ਅਨੁਸਾਰ ਸਿਰਜਣਾ ਕਰਦੀ ਹੈ। ਡਾ. ਬਰਿੰਦਰ ਕੌਰ ਨੇ ਕਿਹਾ ਕਿ ਮਸ਼ੀਨੀ ਬੁੱਧੀਮਾਨਤਾ ਮਨੁੱਖ ਦੇ ਮੁਕਾਬਲੇ ਘੱਟ ਸੰਵੇਦਨਸ਼ੀਲ ਹੈ। ਇਸ ਕਰਕੇ ਇਹ ਮਨੁੱਖ ਦੁਆਰਾ ਕੀਤੀ ਸਿਰਜਣਾ ਦਾ ਮੁਕਾਬਲਾ ਨਹੀਂ ਕਰ ਸਕਦੀ। ਸਾਨੂੰ ਮਸ਼ੀਨਾਂ ਨਾਲ ਮਸ਼ੀਨਾਂ ਨਹੀਂ ਬਣਨਾ ਚਾਹੀਦਾ ਅਤੇ ਆਪਣੀ ਸਿਰਜਣ ਪ੍ਰਕਿਰਿਆ ਜਾਰੀ ਰੱਖਣੀ ਚਾਹੀਦੀ ਹੈ। ਡਾ. ਮੋਹਨ ਤਿਆਗੀ ਨੇ ਕਿਹਾ ਕਿ ਏ.ਆਈ. ਦੀਆਂ ਆਪਣੀਆਂ ਸੀਮਾਵਾਂ ਹਨ ਇਹ ਕਿਸੇ ਵੀ ਖਿੱਤੇ ਦੇ ਸੱਭਿਆਚਾਰ ਦੀਆਂ ਬਾਰੀਕੀਆਂ ਦੀ ਸੰਪੂਰਨ ਤਸਵੀਰ ਪੇਸ਼ ਨਹੀਂ ਕਰ ਸਕਦੀ। ਇਹ ਮਨੁੱਖ ਦੀ ਗੁਲਾਮ ਹੈ ਅਤੇ ਮਨੁੱਖ ਦੀ ਮਦਦ ਕਰ ਸਕਦੀ ਹੈ। ਡਾ. ਮਨਮੋਹਨ ਨੇ ਕਿਹਾ ਕਿ ਹਮੇਸ਼ਾ ਹੀ ਮਨੁੱਖੀ ਸੱਭਿਅਤਾ ਦੇ ਵਿਕਾਸ ਨਾਲ ਤਕਨੀਕ 'ਚ ਬਦਲਾਅ ਆਉਂਦੇ ਰਹਿੰਦੇ ਹਨ। ਭਾਵ ਤਕਨੀਕ ਦਾ ਵਿਕਾਸ ਹੁੰਦਾ ਰਹਿੰਦਾ ਹੈ। ਸਾਨੂੰ ਇਸ ਦਾ ਵਿਕਾਸ ਦਾ ਵਿਰੋਧ ਕਰਨ ਦੀ ਥਾਂ ਇਸ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਇਸ ਦੇ ਹਾਣ ਦਾ ਬਣਨਾ ਚਾਹੀਦਾ ਹੈ। ਇਸ ਸੈਸ਼ਨ ਦਾ ਸੰਚਾਲਨ ਡਾ. ਅਮਰਜੀਤ ਸਿੰਘ ਨੇ ਕੀਤਾ।

ਦੂਸਰੇ ਸ਼ੈਸ਼ਨ ਦੌਰਾਨ 'ਭਾਸ਼ਾ ਉਦਯੋਗ ਵਿੱਚ ਮਸ਼ੀਨੀ ਬੁੱਧੀਮਾਨਤਾ ਦਾ ਮਹੱਤਵ' ਵਿਸ਼ੇ ਸ. ਹੀਰਾ ਸਿੰਘ, ਸ. ਜਸਵਿੰਦਰ ਸਿੰਘ ਤੇ ਸ. ਕੁਲਵਿੰਦਰ ਸਿੰਘ ਨੇ ਵਿਚਾਰ ਚਰਚਾ ਕੀਤੀ। ਇਸ ਸ਼ੈਸ਼ਨ ਦਾ ਸੰਚਾਲਨ ਡਾ. ਸਰਬਜੀਤ ਸਿੰਘ ਮਾਨ ਨੇ ਕੀਤਾ। ਇਸ ਸੈਸ਼ਨ ਦੌਰਾਨ ਹੋਈ ਚਰਚਾ ਦੌਰਾਨ ਇਹ ਗੱਲ ਉਭਰਕੇ ਸਾਹਮਣੇ ਆਈ ਕਿ ਭਾਸ਼ਾ ਹਮੇਸ਼ਾ ਗਤੀਸ਼ੀਲ ਰਹਿੰਦੀ ਹੈ। ਤਕਨੀਕ ਨੂੰ ਇੱਕ ਪ੍ਰੋਡਕਟ ਵਜੋਂ ਲੈਣ ਦੀ ਬਜਾਏ ਇਸ ਨੂੰ ਇੱਕ ਭੌਤਿਕ ਵਰਤਾਰੇ ਵਜੋਂ ਲੈਣਾ ਚਾਹੀਦੀ ਹੈ। ਤਕਨੀਕ ਕਦੇ ਵੀ ਕਿਸੇ ਭਾਸ਼ਾ ਦੇ ਵਿਕਾਸ ਵਿੱਚ ਅੜਿੱਕਾ ਨਹੀਂ ਬਣਦੀ। ਅਗਲੇ ਸੈਸ਼ਨ ਦੌਰਾਨ 'ਡਿਜੀਟਲ ਯੁੱਗ ਵਿੱਚ ਭਾਸ਼ਾ ਅਤੇ ਪਹਿਚਾਣ ਦੇ ਮਸਲੇ' ਵਿਸ਼ੇ 'ਤੇ ਬੋਲਦਿਆਂ ਡਾ. ਇਮਰਤਪਾਲ ਸਿੰਘ ਨੇ ਕਿਹਾ ਸਾਡੀ ਪਹਿਚਾਣ ਜਾਤ, ਧਰਮ ਅਤੇ ਵਰਗਾਂ ਦੇ ਅਧਾਰ 'ਤੇ ਬਣੀ ਹੋਈ ਹੈ। ਜੋ ਸਦੀਵੀ ਹੁੰਦੀ ਹੈ ਅਤੇ ਇਹ ਕਦੇ ਵੀ ਸਾਡਾ ਪਿੱਛਾ ਨਹੀਂ ਛੱਡਦੀ। ਡਾ. ਦਵਿੰਦਰ ਸਿੰਘ, ਸ੍ਰੀ ਸੰਦੀਪ ਸ਼ਰਮਾ ਨੇ ਵੀ ਵਿਚਾਰ ਪੇਸ਼ ਕੀਤੇ ਅਤੇ ਇਸ ਸੈਸ਼ਨ ਦਾ ਸੰਚਾਲਨ ਡਾ. ਕੁਲਦੀਪ ਸਿੰਘ ਵੱਲੋਂ ਕੀਤਾ ਗਿਆ।

ਵਿਦਾਇਗੀ ਸੈਸ਼ਨ ਦੌਰਾਨ ਡਾ. ਪ੍ਰਵੀਨ ਕੁਮਾਰ







ਵੱਲੋਂ ਮੰਚ ਸੰਚਾਲਨ ਕੀਤਾ ਗਿਆ ਅਤੇ ਸ. ਸਤਪਾਲ ਸਿੰਘ ਚਹਿਲ ਵੱਲੋਂ ਸਮੁੱਚੇ ਸੈਮੀਨਾਰ ਦੀ ਰਿਪੋਰਟ ਪੜ੍ਹੀ ਗਈ। ਡਾ. ਮਨਮੋਹਨ ਵੱਲੋਂ ਵਿਦਾਇਗੀ ਭਾਸ਼ਣ ਦਿੱਤਾ ਗਿਆ ਅਤੇ ਸ. ਅਮਰਜੀਤ ਸਿੰਘ ਗਰੇਵਾਲ ਵੱਲੋਂ ਪ੍ਰਧਾਨਗੀ ਭਾਸ਼ਣ ਦਿੱਤਾ ਗਿਆ। ਅੰਤ ਵਿੱਚ ਸ. ਜਸਵੰਤ ਸਿੰਘ ਜ਼ਫ਼ਰ, ਡਾਇਰੈਕਟਰ ਭਾਸ਼ਾਵਾਂ ਨੇ ਸਰੋਤਿਆਂ ਦੇ ਨਾਲ-ਨਾਲ ਬੁਲਾਰਿਆਂ, ਸੰਚਾਲਕਾਂ ਅਤੇ ਵਿਭਾਗ ਦੀ ਸਮੁੱਚੀ ਆਯੋਜਨ ਟੀਮ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸੰਯੁਕਤ ਨਿਰਦੇਸ਼ਕਾ ਜਸਪ੍ਰੀਤ ਕੌਰ, ਡਿਪਟੀ ਡਾਇਰੈਕਟਰ ਹਰਭਜਨ ਕੌਰ, ਸਹਾਇਕ ਨਿਰਦੇਸ਼ਕ ਅਮਰਿੰਦਰ ਸਿੰਘ, ਆਲੋਕ ਚਾਵਲਾ, ਸੁਰਿੰਦਰ ਕੌਰ ਤੇ ਜਸਪ੍ਰੀਤ ਕੌਰ, ਖੋਜ ਸਹਾਇਕ ਹਰਪ੍ਰੀਤ ਸਿੰਘ ਤੇ ਵੱਡੀ ਗਿਣਤੀ ਵਿੱਚ ਸਰੋਤੇ ਮੌਜੂਦ ਸਨ।



> “ਗੋਸ਼ਟੀ ਦੇ ਆਖ਼ਰੀ ਦਿਨ ਡਾਇਰੈਕਟਰ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਧੰਨਵਾਦੀ ਭਾਸ਼ਣ ਦੌਰਾਨ ਕਿਹਾ ਕਿ ਸਾਨੂੰ ਮਸ਼ੀਨੀਬੁੱਧੀਮਾਨਤਾ ਵਰਗੀਆਂ ਤਕਨੀਕਾਂ ਨੂੰ ਸਵੀਕਾਰ ਕਰਨਾ ਚਾਹੀਦਾ ਹੈ ਅਤੇ ਇਸ ਦੇ ਹਾਣ ਦਾ ਹੋਣ ਲਈ ਖੁਦ ਨੂੰ ਅਪਡੇਟ ਕਰਨਾ ਚਾਹੀਦਾ ਹੈ ਭਾਵ ਇਸ ਦੀਆਂ ਬਾਰੀਕੀਆਂ ਨੂੰ ਸਮਝਕੇ ਅੱਗੇ ਵਧਣਾ ਚਾਹੀਦਾ ਹੈ। ਇਸ ਤੋਂ ਇਲਾਵਾ ਮਸ਼ੀਨੀ ਬੁੱਧੀਮਾਨਤਾ ਦੇ ਵਰਤੋਕਾਰ ਬਣਨ ਦੀ ਬਜਾਏ ਇਸ ਦੇ ਹਾਣ ਦਾ ਬਣਕੇ, ਇਸ ਦੁਆਰਾ ਪੈਸਾ ਕੀਤੀਆਂ ਜਾਣ ਵਾਲੀਆਂ ਸਹੂਲਤਾਂ ਦਾ ਸੂਝ-ਬੂਝ ਨਾਲ ਫਾਇਦਾ ਉਠਾਉਣਾ ਚਾਹੀਦਾ ਹੈ।”

# ਭਾਸ਼ਾ ਵਿਭਾਗ 'ਚ ਸ਼ਬਦ ਤਕਨਾਲੋਜੀ ਤੇ ਮਾਨਵਤਾ ਦਾ ਭਵਿੱਖ ਬਾਰੇ ਗੋਸ਼ਟੀ



ਵਿਦਵਾਨਾਂ ਦਾ ਸਨਮਾਨ ਕਰਦੇ ਹੋਏ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ।

ਗੁਰਨਾਮ ਸਿੰਘ ਅਕੀਦਾ
ਪਟਿਆਲਾ, 15 ਫਰਵਰੀ

ਭਾਸ਼ਾ ਵਿਭਾਗ ਪੰਜਾਬ ਵੱਲੋਂ ਭਾਸ਼ਾ ਭਵਨ ਪਟਿਆਲਾ 'ਚ ਕਰਵਾਈ ਦੋ ਰੋਜ਼ਾ ਸ਼ਬਦ ਤਕਨਾਲੋਜੀ ਅਤੇ ਮਾਨਵਤਾ ਦਾ ਭਵਿੱਖ ਬਾਰੇ ਗੋਸ਼ਟੀ ਸਮਾਪਤ ਹੋ ਗਈ। ਗੋਸ਼ਟੀ ਦੇ ਆਖ਼ਰੀ ਦਿਨ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਧੰਨਵਾਦੀ ਭਾਸ਼ਣ ਦੌਰਾਨ ਕਿਹਾ ਕਿ ਮਸ਼ੀਨੀ ਬੁੱਧੀਮਾਨਤਾ ਵਰਗੀਆਂ ਤਕਨੀਕਾਂ ਨੂੰ ਸਵੀਕਾਰ ਕਰਨਾ ਚਾਹੀਦਾ ਹੈ ਅਤੇ ਇਸ ਦੇ ਹਾਣ ਦਾ ਹੋਣ ਲਈ ਖ਼ੁਦ ਨੂੰ ਅਪਡੇਟ ਕਰਨਾ ਚਾਹੀਦਾ ਹੈ ਭਾਵ ਇਸ ਦੀਆਂ ਬਾਰੀਕੀਆਂ ਨੂੰ ਸਮਝ ਕੇ ਅੱਗੇ ਵਧਣਾ ਚਾਹੀਦਾ ਹੈ। ਗੋਸ਼ਟੀ ਦੇ ਆਖ਼ਰੀ ਦਿਨ ਦੀ ਸ਼ੁਰੂਆਤ ਸਿਰਜਨਾ ਅਤੇ ਕਲਾ ਵਿੱਚ ਮਸ਼ੀਨੀ ਬੁੱਧੀਮਾਨਤਾ ਦਾ ਸਥਾਨ ਵਿਸ਼ੇ ਨਾਲ ਹੋਈ। ਇਸ ਦੌਰਾਨ ਗੁਰਪ੍ਰੀਤ ਮਾਨਸਾ ਨੇ ਮਸ਼ੀਨੀ ਬੁੱਧੀਮਾਨਤਾ ਦੇ ਮਾਧਿਅਮ ਰਾਹੀਂ ਕਾਵਿ ਸਿਰਜਣਾ ਦੀ ਉਦਾਹਰਨ ਦੇ ਕੇ ਸਿਰਜਣ ਪ੍ਰਕਿਰਿਆ ਬਾਰੇ ਆਪਣੇ ਅਨੁਭਵ ਸਰੋਤਿਆਂ ਨਾਲ ਸਾਂਝੇ ਕੀਤੇ। ਡਾ. ਬਰਿੰਦਰ ਕੌਰ ਨੇ ਕਿਹਾ ਕਿ ਮਸ਼ੀਨੀ ਬੁੱਧੀਮਾਨਤਾ ਮਨੁੱਖ ਦੇ ਮੁਕਾਬਲੇ ਘੱਟ ਸੰਵੇਦਨਸ਼ੀਲ ਹੈ। ਇਸ ਕਰਕੇ ਇਹ ਮਨੁੱਖ ਦੁਆਰਾ ਕੀਤੀ ਸਿਰਜਣਾ ਦਾ ਮੁਕਾਬਲਾ ਨਹੀਂ ਕਰ ਸਕਦੀ। ਡਾ. ਮੋਹਨ ਤਿਆਗੀ ਨੇ ਕਿਹਾ ਕਿ ਏਆਈ ਮਨੁੱਖ ... ਮਨੁੱਖ ਦੀ ਮਦ... ਸੈਸ਼ਨ ਦਾ ਸੰਚ... ਸਿੰਘ ਨੇ ਕੀਤਾ। ਦੂਸਰੇ ਸੈਸ਼ਨ ਵਿੱਚ ਮਸ਼ੀਨੀ ਬੁੱ... ਬਾਰੇ ਹੀਰਾ ਸਿੰਘ ... ਕੁਲਵਿੰਦਰ ਸਿੰਘ ... ਕੀਤੀ। ਇਸ ਸੈਸ਼... ਡਿਜੀਟਲ ਯੁੱਗ ... ਪਹਿਚਾਣ ਦੇ ਮਸਲੇ ... ਡਾ. ਇਮਰਤਪਾਲ ਸਿੰ... ਪਹਿਚਾਣ ਜਾਤ, ਧਰ... ਆਧਾਰ 'ਤੇ ਬਣੀ ਹੋਣ... ਸੈਸ਼ਨ ਦੌਰਾਨ ਡਾ. ਪ੍ਰ... ਮੰਚ ਸੰਚਾਲਨ ਕੀਤ... ਸਤਪਾਲ ਸਿੰਘ ਚਹਿ... ਸੈਮੀਨਾਰ ਦੀ ਰਿਪੋਰਟ ... ਮਨਮੋਹਨ ਨੇ ਵਿਦਵਾਨਾਂ ... ਅਤੇ ਅਮਰਜੀਤ ਸਿੰਘ ... ਪ੍ਰਧਾਨਗੀ ਭਾਸ਼ਣ ਦਿੱਤਾ

**ਤਕਨੀਕਾਂ ਤੋਂ ਘਬਰਾਉਣ ਦੀ ਥਾਂ ਹਾਣ ਦੇ ਬਣਨ ਦੀ ਲੋੜ: ਜ਼ਫ਼ਰ**

---

दैनिक भास्कर

पटियाला भास्कर 16-02-2025

# भाषा विभाग में शब्द प्रौद्योगिकी मानवता का भविष्य पर सम्मेलन

पटियाला | भाषा विभाग, पंजाब द्वारा शब्द प्रौद्योगिकी और मानवता का भविष्य विषय पर आयोजित दो दिवसीय सम्मेलन पटियाला के भाषा भवन के सेमिनार हॉल में ... को स्वीकार करना चाहिए। और इसके साथ तालमेल बिठाने के लिए खुद को अपडेट करना चाहिए, यानी इसकी बारीकियों को समझते ...

---

# तकनीक स्वीकार करना समय की जरूरत : जफर

'शब्द प्रौद्योगिकी और मानवता का भविष्य' विषय पर कराया दो दिवसीय सेमिनार, माहिरों ने रखे विचार



भाषा विभाग पंजाब द्वारा करवाए गए दो दिवसीय सेमिनार के अंतिम दिन विभाग के निदेशक जसवंत सिंह जफर विद्वानों को सम्मानित करते हुए। ● जागरण

हमें मशीन के साथ मशीन नहीं बनना चाहिए, अपनी रचनात्मकता का जारी रखते हुए विचारों का आदान-प्रदान करते रहना चाहिए

---

ਜਗ ਬਾਣੀ SAT,15 FEBRUARY 2025
EDITION: PATIALA BANI, PAGE NO. 2

# ਭਾਸ਼ਾ ਵਿਭਾਗ ਵੱਲੋਂ 'ਸ਼ਬਦ ਤਕਨਾਲੌਜੀ ਅਤੇ ਮਾਨਵਤਾ ਦਾ ਭਵਿੱਖ' ਵਿਸ਼ੇ 'ਤੇ ਗੋਸ਼ਟੀ ਦੀ ਸ਼ੁਰੂਆਤ



ਗੋਸ਼ਟੀ ਦੇ ਉਦਘਾਟਨ ਮੌਕੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਡਾ. ਜਸਵਿੰਦਰ ਸਿੰਘ ਦਾ ਸਨਮਾਨ ਕਰਦੇ ਅਤੇ ਨਾਲ ਡਾ. ਕੇਹਰ ਸਿੰਘ।

ਪਟਿਆਲਾ, 14 ਫਰਵਰੀ (ਰਾਜੇਸ਼ ਪੰਜੌਲਾ, ਮਨਦੀਪ ਜੋਸਨ, ਰਾਣਾ)- ਭਾਸ਼ਾ ਵਿਭਾਗ, ਪੰਜਾਬ ਵੱਲੋਂ 'ਸ਼ਬਦ ਤਕਨਾਲੋਜੀ ਅਤੇ ਮਾਨਵਤਾ ਦਾ ਭਵਿੱਖ' ਵਿਸ਼ੇ 'ਤੇ ਕਰਵਾਈ ਜਾਣ ਵਾਲੀ ਦੋ ਦਿਨਾ ਗੋਸ਼ਟੀ ਅੱਜ ਭਾਸ਼ਾ ਭਵਨ ਦੇ ਸੈਮੀਨਾਰ ਹਾਲ ਵਿਖੇ ਸ਼ੁਰੂ ਹੋ ਗਈ ਹੈ। ...

---

Patiala Bani
Feb 16, 2025

ਜਗ ਬਾਣੀ

# ਭਾਸ਼ਾ ਵਿਭਾਗ ਵੱਲੋਂ ਕਰਵਾਈ ਗਈ ਦੋ ਦਿਨਾ 'ਸ਼ਬਦ ਤਕਨਾਲੋਜੀ ਅਤੇ ਮਾਨਵਤਾ ਦਾ ਭਵਿੱਖ' ਵਿਸ਼ੇ 'ਤੇ ਗੋਸ਼ਟੀ ਸਮਾਪਤ




ਗੋਸ਼ਟੀ ਦੇ ਆਖ਼ਰੀ ਦਿਨ ਵਿਦਵਾਨਾਂ ਨੂੰ ਸਨਮਾਨਿਤ ਕਰਦੇ ਹੋਏ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ।

ਪਟਿਆਲਾ, 15 ਫਰਵਰੀ (ਰਾਜੇਸ਼ ਪੰਜੌਲਾ, ਮਨਦੀਪ ਜੋਸਨ)- ਭਾਸ਼ਾ ਵਿਭਾਗ, ਪੰਜਾਬ ਵੱਲੋਂ ਕਰਵਾਈ ਗਈ ਦੋ ਦਿਨਾ 'ਸ਼ਬਦ ਤਕਨਾਲੋਜੀ ਅਤੇ ਮਾਨਵਤਾ ਦਾ ਭਵਿੱਖ' ਵਿਸ਼ੇ 'ਤੇ ਗੋਸ਼ਟੀ ਭਾਸ਼ਾ ਭਵਨ ਦੇ ਸੈਮੀਨਾਰ ਹਾਲ ਵਿਖੇ ਸਮਾਪਤ ਹੋ ਗਈ ਹੈ। ...

## ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ

# 'ਆਪਣਾ ਪੰਜਾਬ ਹੋਵੇ ਹੱਥ 'ਚ ਕਿਤਾਬ ਹੋਵੇ' ਦੇ ਹੋਕੇ ਨਾਲ ਸਮਾਗਮਾਂ ਦੀ ਸ਼ੁਰੂਆਤ






ਭਾਸ਼ਾ ਵਿਭਾਗ, ਪੰਜਾਬ ਵੱਲੋਂ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ਸਮਾਗਮਾਂ ਦੀ ਲੜੀ 'ਚ 19 ਫਰਵਰੀ, 2025 ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਸ਼ੁਰੂਆਤ ਕੀਤੀ ਗਈ। ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਕਰਵਾਏ ਗਏ ਇਸ ਸਮਾਗਮ ਦੌਰਾਨ ਨਾਮਵਰ ਕੱਵਾਲ ਨੀਲੇ ਖਾਂ ਨੇ ਪੰਜਾਬੀ ਦੀ ਉੱਚਕੋਟੀ ਦੀ ਸ਼ਾਇਰੀ ਦੇ ਗਾਇਨ ਨਾਲ ਰੰਗ ਬੰਨ੍ਹਿਆ। ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਸਮੇਂ ਦੀ ਲੋੜ ਅਨੁਸਾਰ ਭਾਸ਼ਾ ਵਿਭਾਗ ਨਵੀਂ ਪੀੜ੍ਹੀ ਨੂੰ ਮਿਆਰੀ ਸਾਹਿਤ ਨਾਲ ਜੋੜਨ ਲਈ ਇਸ ਤਰ੍ਹਾਂ ਦੇ ਉਪਰਾਲੇ ਕਰਨ ਲਈ ਵਚਨਬੱਧ ਹੈ। ਇਸੇ ਤਹਿਤ ਹੀ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੀ ਸਾਹਿਤ ਸਭਾ ਦੇ ਸਹਿਯੋਗ ਨਾਲ ਉਕਤ ਸਮਾਗਮ ਰਚਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਭਾਸ਼ਾ ਵਿਭਾਗ ਵੱਲੋਂ ਪੰਜਾਬ ਅਤੇ ਇਸ ਤੋਂ ਬਾਹਰ ਮਾਤ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਨਿਰੰਤਰ ਸਮਾਗਮ ਕਰਵਾਏ ਜਾਣਗੇ।

ਇਸ ਮੌਕੇ ਕੱਵਾਲ ਨੀਲੇ ਖਾਂ ਨੇ ਸਮਾਗਮ ਦੀ ਸ਼ੁਰੂਆਤ ਸ਼ੇਖ ਫ਼ਰੀਦ ਜੀ ਨੂੰ ਸਮਰਪਿਤ ਕਲਾਮ 'ਬਾਬਾ ਫਰੀਦ ਜੀ ਆਇਆ ਮੰਗਤਾ ਤੇਰੀ ਗਲੀ ਮੇਂ' ਨਾਲ ਕੀਤੀ। ਫਿਰ ਉਨ੍ਹਾਂ ਜਸਵੰਤ ਸਿੰਘ ਜ਼ਫ਼ਰ ਦੀ ਰਚਨਾ 'ਆਪਣਾ ਪੰਜਾਬ ਹੋਵੇ ਹੱਥ 'ਚ ਕਿਤਾਬ ਹੋਵੇ' ਅਤੇ 'ਤੁਹਾਨੂੰ ਪਿਆਰ ਕਰਦਾ ਹਾਂ ਆਪਣਾ ਖ਼ਿਆਲ ਰੱਖਣ ਲਈ' ਨਾਲ ਮਾਹੌਲ ਸ਼ਾਇਰਾਨਾ ਰੰਗਤ 'ਚ ਰੰਗ




ਦਿੱਤਾ। ਇਸ ਦੇ ਨਾਲ ਹੀ ਉਨ੍ਹਾਂ ਸੁਰਜੀਤ ਪਾਤਰ ਦੀ ਗਜ਼ਲ 'ਜਖ਼ਮ ਨੂੰ ਜਖ਼ਮ ਕਹੋ' ਅਤੇ ਡਾ. ਆਯੂਬ ਦੇ ਕਲਾਮ 'ਹਮ ਦਿਲ ਕੋ ਲਗਾ ਕਰ' ਨਾਲ ਮਾਹੌਲ ਨੂੰ ਭਖਾ ਦਿੱਤਾ। ਸ਼ਿਵ ਕੁਮਾਰ ਬਟਾਲਵੀ ਦੀ ਰਚਨਾ 'ਰੋਗ ਬਣਕੇ ਰਹਿ ਗਿਆ ਪਿਆਰ ਤੇਰੇ ਸ਼ਹਿਰ ਦਾ' ਨਾਲ ਸਮਾਗਮ ਨੂੰ ਸਿਖ਼ਰ 'ਤੇ ਪਹੁੰਚਾ ਦਿੱਤਾ। ਇਸ ਤੋਂ ਇਲਾਵਾ ਉਨ੍ਹਾਂ ਕੁਝ ਲੋਕ ਗੀਤਾਂ ਦੀ ਪੇਸ਼ਕਾਰੀਆਂ ਤੋਂ ਬਾਅਦ ਯੂਨੀਵਰਸਿਟੀ ਦੇ ਨੌਜਵਾਨ ਸਰੋਤਿਆਂ ਦੀ ਫਰਮਾਇਸ਼ 'ਤੇ 'ਤੂੰ ਪੀਂਘ ਮੈਂ ਹੁਲਾਰਾ' ਗੀਤ ਨਾਲ ਸਮਾਗਮ ਨੂੰ ਸਮਾਪਤੀ ਵੱਲ ਵਧਾ ਦਿੱਤਾ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਮੁਖ ਸਿੰਘ, ਡਾ. ਗੁਰਸੇਵਕ ਸਿੰਘ ਲੰਬੀ, ਡਾ. ਰਾਜਵੰਤ ਪੰਜਾਬੀ, ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਮਨਜਿੰਦਰ ਸਿੰਘ (ਮੰਚ ਸੰਚਾਲਕ) ਵੀ ਹਾਜ਼ਰ ਸਨ।





ਪੰਜਾਬੀ ਯੂਨੀਵਰਸਿਟੀ ਵਿਖੇ ਕੱਵਾਲ ਨੀਲੇ ਖਾਂ ਨੂੰ ਸਨਮਾਨਿਤ ਕਰਦੇ ਹੋਏ ਜਸਵੰਤ ਸਿੰਘ ਜ਼ਫਰ ਨਾਲ ਡਾ. ਗੁਰਮੁਖ ਸਿੰਘ ਤੇ ਹੋਰ। ਅਜੀਤ ਤਸਵੀਰ

## ਭਾਸ਼ਾ ਵਿਭਾਗ ਪੰਜਾਬ ਵਲੋਂ ਪੰਜਾਬੀ 'ਵਰਸਿਟੀ ਵਿਖੇ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਸੰਬੰਧੀ ਸਮਾਗਮਾਂ ਦੀ ਸ਼ੁਰੂਆਤ

- **ਕੱਵਾਲ ਨੀਲੇ ਖ਼ਾਂ ਨੇ ਕੀਤਾ ਪੰਜਾਬੀ ਦੀ ਮਿਆਰੀ ਸ਼ਾਇਰੀ ਦਾ ਗਾਇਨ**

ਪਟਿਆਲਾ, 19 ਫਰਵਰੀ (ਕੁਲਵੀਰ ਸਿੰਘ ਧਾਲੀਵਾਲ)-ਭਾਸ਼ਾ ਵਿਭਾਗ ਪੰਜਾਬ ਵਲੋਂ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ਸਮਾਗਮਾਂ ਦੀ ਲੜੀ 'ਚ ਅੱਜ ਪੰਜਾਬੀ ਯੂਨੀਵਰਸਿਟੀ ਵਿਖੇ ਸ਼ੁਰੂਆਤ ਕਰ ਦਿੱਤੀ ਗਈ ਹੈ। ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਕਰਵਾਏ ਗਏ ਇਸ ਸਮਾਗਮ ਦੌਰਾਨ ਨਾਮਵਰ ਕਵਾਲ ਨੀਲੇ ਖਾਂ ਨੇ ਪੰਜਾਬੀ ਦੀ ਉੱਚਕੋਟੀ ਦੇ ਸ਼ਾਇਰੀ ਦੇ ਗਾਇਨ ਨਾਲ ਰੰਗ ਬੰਨ੍ਹਿਆ। ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਸਮੇਂ ਦੀ ਲੋੜ ਅਨੁਸਾਰ ਭਾਸ਼ਾ ਵਿਭਾਗ ਵਲੋਂ ਨਵੀਂ ਪੀੜ੍ਹੀ ਨੂੰ ਮਿਆਰੀ ਸਾਹਿਤ ਨਾਲ ਜੋੜਨ ਲਈ ਇਸ ਤਰ੍ਹਾਂ ਦੇ ਉਪਰਾਲੇ ਕਰਨ ਲਈ ਵਚਨਬੱਧ ਹੈ। ਇਸੇ ਤਹਿਤ ਹੀ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੀ ਸਾਹਿਤ ਸਭਾ ਦੇ ਸਹਿਯੋਗ ਨਾਲ ਅੱਜ ਦਾ ਸਮਾਗਮ ਰਚਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਭਾਸ਼ਾ ਵਿਭਾਗ ਵਲੋਂ ਪੰਜਾਬ ਅਤੇ ਇਸ ਤੋਂ ਬਾਹਰ ਮਾਤ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਨਿਰੰਤਰ ਸਮਾਗਮ ਕਰਵਾਏ ਜਾਣਗੇ। ਕਵਾਲ ਨੀਲੇ ਖਾਂ ਨੇ ਸਮਾਗਮ ਦੀ ਸ਼ੁਰੂਆਤ ਸ਼ੇਖ਼ ਫਰੀਦ ਜੀ ਨੂੰ ਸਮਰਪਿਤ ਕਲਾਮ 'ਬਾਬਾ ਫਰੀਦ ਜੀ ਆਇਆ ਮੰਗਤਾ ਤੇਰੀ ਗਲੀ ਮੇਂ' ਨਾਲ ਕੀਤੀ। ਫਿਰ ਉਨ੍ਹਾਂ ਜਸਵੰਤ ਸਿੰਘ ਜ਼ਫ਼ਰ ਦੀ ਰਚਨਾ 'ਆਪਣਾ ਪੰਜਾਬ ਹੋਵੇ ਹੱਥ 'ਚ ਕਿਤਾਬ ਹੋਵੇ' ਅਤੇ 'ਤੁਹਾਨੂੰ ਪਿਆਰ ਕਰਦਾ ਹਾਂ ਆਪਣਾ ਜਖ਼ਆਲ ਰੱਖਣ ਲਈਂ' ਨਾਲ ਮਾਹੌਲ ਸ਼ਾਇਰਾਨਾ ਰੰਗਤ 'ਚ ਰੰਗ ਦਿੱਤਾ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਮੁਖ ਸਿੰਘ, ਡਾ. ਗੁਰਸੇਵਕ ਸਿੰਘ ਲੰਬੀ, ਡਾ. ਰਾਜਵੰਤ ਪੰਜਾਬੀ, ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਮਨਜਿੰਦਰ ਸਿੰਘ ਮੌਜੂਦ ਸਨ।

ਅਜੀਤ 20-Feb-2025 Page: 8
http://epaper.ajitjalandhar.com/edition/20250220/11/8.cms

## ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ

# ਨੌਜਵਾਨ ਪੀੜ੍ਹੀ ਨੂੰ ਚੰਗਾ ਪੜ੍ਹਨ, ਸੁਣਨ, ਲਿਖਣ ਤੇ ਬੋਲਣ ਦੀ ਅਪੀਲ







ਭਾਸ਼ਾ ਵਿਭਾਗ, ਪੰਜਾਬ ਵੱਲੋਂ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ਸਮਾਗਮਾਂ ਦੀ ਲੜੀ ’ਚ 20 ਫਰਵਰੀ, 2025 ਨੂੰ ਦੂਸਰੇ ਦਿਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਸੂਫ਼ੀ ਗਾਇਕ ਬੀਰ ਸਿੰਘ ਦੀ ਸੱਭਿਅਕ ਗਾਇਕੀ ਦਾ ਆਯੋਜਨ ਕੀਤਾ ਗਿਆ। ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ’ਚ ਕਰਵਾਏ ਗਏ ਇਸ ਸਮਾਗਮ ਦੌਰਾਨ ਬੀਰ ਸਿੰਘ ਨੇ ਵੱਡੀ ਗਿਣਤੀ ’ਚ ਇਕੱਤਰ ਸਰੋਤਿਆਂ ਨੂੰ ਪੰਜਾਬੀ ਦੀ ਉੱਚਕੋਟੀ ਦੇ ਸ਼ਾਇਰੀ ਦੇ ਗਾਇਨ ਨਾਲ ਸ਼ਰਸਾਰ ਕੀਤਾ। ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਲਾ ਦੀ ਕਿਸੇ ਵੀ ਵੰਨਗੀ ’ਚ ਪਰੋਸੇ ਜਾਣ ਵਾਲੇ ਵਿਸ਼ਿਆਂ ਦੀ ਵਿਰੋਧਤਾ ’ਚ ਸਮਾਂ ਵਿਅਰਥ ਕਰਨ ਦੀ ਬਜਾਏ ਸਾਨੂੰ ਸੱਭਿਆਚਾਰਕ ਦਾਇਰੇ ’ਚ ਰਹਿਕੇ ਪੇਸ਼ਕਾਰੀਆਂ ਦੇਣ ਵਾਲੇ ਕਲਾਕਾਰਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਇਸੇ ਤਹਿਤ ਹੀ ਸਮੇਂ ਦੀ ਲੋੜ ਅਨੁਸਾਰ ਭਾਸ਼ਾ ਵਿਭਾਗ ਵੱਲੋਂ ਨਵੀਂ ਪੀੜ੍ਹੀ ਨੂੰ ਮਿਆਰੀ ਗਾਇਕੀ ਨਾਲ ਜੋੜਨ ਹਿੱਤ ਇਸ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਹੀ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੀ ਸਾਹਿਤ ਸਭਾ ਦੇ ਸਹਿਯੋਗ ਨਾਲ ਸੰਗੀਤ ਦਾ ਇਹ ਸਮਾਗਮ ਰਚਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਭਾਸ਼ਾ ਵਿਭਾਗ ਵੱਲੋਂ ਮਿਆਰੀ ਸਾਹਿਤ ਅਤੇ ਕਲਾ ਦੀਆਂ ਹੋਰਨਾਂ ਵੰਨਗੀਆਂ ਨੂੰ ਉਤਸ਼ਾਹਿਤ ਕਰਨ ਲਈ ਨਿਰੰਤਰ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਚੰਗਾ ਪੜ੍ਹਨ, ਸੁਣਨ, ਲਿਖਣ ਤੇ ਬੋਲਣ।

ਗਾਇਕ ਬੀਰ ਸਿੰਘ ਨੇ ਆਪਣੇ ਚਰਚਿਤ ਗੀਤ ‘ਤੂੰ ਕਿਉਂ ਉੱਡ ਜਾਨੈ ਵੇ ਮੋਰਾਂ 'ਤੇ ‘ਅੱਜ-ਕੱਲ੍ਹ’ ਨਾਲ ਆਪਣੀ ਪੇਸ਼ਕਾਰੀ ਦੀ ਸ਼ੁਰੂਆਤ ਕੀਤੀ। ਫਿਰ ਨੌਜਵਾਨ ਸਰੋਤਿਆਂ ਦੀ ਫ਼ਰਮਾਇਸ਼ ’ਤੇ ‘ਮੇਰਾ ਤੇਰੇ ਵਿੱਚ ਖ਼ਿਆਲ ਜਿਹਾ ਰਹਿੰਦਾ ਏ’, ‘ਝਾਂਜਰਾਂ ਦਾ ਜੋੜਾ’, ‘ਸ਼ਾਮ ਸੁਨਹਿਰੀ ਤੇ ਅਲਵਿਦਾ ਕਹਿਣ ਦਾ ਪਰ ਇਹ ਢੰਗ ਨਹੀਂ ਕੋਈ’ ਤੇ ‘ਚਿਹਰਾ ਅੜੀਏ ਤੇਰਾ ਸਭ ਭੁਲਾ ਦਿੰਦਾ ਏ’ ਨਾਲ ਹਾਜ਼ਰੀਨ ਨੂੰ ਝੂਮਣ ਲਗਾ ਦਿੱਤਾ। ਇਸੇ ਦੌਰਾਨ ਬੀਰ ਸਿੰਘ ਨੇ ਗੁਰੂ ਨਾਨਕ ਦੇਵ ਜੀ



ਗਾਇਕ ਬੀਰ ਸਿੰਘ ਨੇ ਸਰੋਤਿਆਂ ਦਾ ਦਿਲ ਜਿੱਤਿਆ

ਗਾਇਕ ਬੀਰ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ, ਅਮਰਿੰਦਰ ਸਿੰਘ, ਡਾ. ਗੁਰਮੁਖ ਸਿੰਘ ਤੇ ਹੋਰ ਸ਼ਖ਼ਸੀਅਤਾਂ। ਪੰਜਾਬੀ ਜਾਗਰਣ

Second day of International Mother Language Day celebrations by Language Department Punjab

AKESH JINDAL
ATIALA, FEB 20

ਪੰਜਾਬੀ ਯੂਨੀਵਰਸਿਟੀ ਵਿਖੇ ਗਾਇਕ ਬੀਰ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨਾਲ ਅਮਰਿੰਦਰ ਸਿੰਘ, ਡਾ. ਗੁਰਮੁਖ ਸਿੰਘ ਤੇ ਹੋਰ। ਅਜੀਤ ਤਸਵੀਰ

ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਸੰਬੰਧੀ ਸਮਾਗਮਾਂ ਦੇ ਦੂਜੇ ਦਿਨ ਗਾਇਕ ਬੀਰ ਸਿੰਘ ਨੇ ਬੰਨ੍ਹਿਆ ਰੰਗ

ਮਾਤਾ ਭਾਸ਼ਾ ਦਿਵਸ: ਗਾਇਕ ਬੀਰ ਸਿੰਘ ਨੇ ਸਰੋਤੇ ਕੀਲੇ

ਗਾਇਕ ਬੀਰ ਸਿੰਘ ਦਾ ਸਨਮਾਨ ਕਰਦੇ ਹੋਏ ਜਸਵੰਤ ਸਿੰਘ ਜ਼ਫ਼ਰ।

ਕੌਮਾਂਤਰੀ ਮਾਤ ਭਾਸ਼ਾ ਦਿਹਾੜੇ ਨੂੰ ਸਮਰਪਿਤ ਸੈਮੀਨਾਰ

Patiala Bani
Feb 21, 2025

ਜਗ ਬਾਣੀ

ਭਾਸ਼ਾ ਵਿਭਾਗ ਪੰਜਾਬ ਵੱਲੋਂ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਸੰਬੰਧੀ ਸਮਾਗਮਾਂ ਦਾ ਦੂਜਾ ਦਿਨ

दैनिक सवेरा टाइम्स

गायक बीर सिंह ने सांस्कृतिक गायन से सभी वर्ग के श्रोताओं का दिल जीता

भाषा विभाग पंजाब के निदेशक जसवंत सिंह जफर गायक बीर सिंह को सम्मानित करते हुए, उनके साथ अमरिंदर सिंह, डा. गुरमुख सिंह व अन्य।

Fri, 21 February 2025
epaper.dainiksaveratimes.in/c/76847195

दैनिक भास्कर

पटियाला भास्कर 21-02-2025

की होया जे वख वख साडे राह हो गए...

पटियाला | भाषा विभाग की ओर से अंतरराष्ट्रीय मातृभाषा दिवस को समर्पित समागम के क्रम में पंजाबी यूनिवर्सिटी में सूफी गायक बीर सिंह की गायकी का कार्यक्रम आयोजित किया गया। डायरेक्टर भाषा विभाग पंजाब जसवंत सिंह जफर के नेतृत्व में आयोजित कार्यक्रम में बीर सिंह ने अपनी सूफियाना कलाम से खूब तालियां बटोरीं। अपने चर्चित गीत तू क्यों उड जाना वे मोरां और अज कल गीत गाकर श्रोताओं को झूमने पर विवश कर दिया। जब उन्होंने श्री गुरु नानक देव जी के बारे में अपनी लिखी रचना नानक दा पुत हां सुनाई तो माहौल ही बदल दिया।

ਬਾਰੇ ਆਪਣੀ ਰਚਨਾ 'ਨਾਨਕ ਦਾ ਪੁੱਤ ਹਾਂ ਤੇਰਾ ਤੇਰਾ ਤੋਲਾਂਗਾਂ' ਨਾਲ ਇੱਕ ਦਮ ਮਾਹੌਲ ਬਦਲ ਦਿੱਤਾ। ਅੰਤ ਵਿੱਚ 'ਤੇਰੇ ਨਾਲ ਵੇ ਢੋਲਣਾ', 'ਜੁਗਨੀ' ਤੇ 'ਘੋੜੀ' ਗਾ ਕੇ ਬੀਰ ਸਿੰਘ ਨੇ ਸਰੋਤਿਆਂ ਨੂੰ ਨੱਚਣ ਲਗਾ ਦਿੱਤਾ। ਭਾਸ਼ਾ ਵਿਭਾਗ ਵੱਲੋਂ ਬੀਰ ਸਿੰਘ ਨੂੰ ਕਿਤਾਬਾਂ ਦੇ ਸੈੱਟ ਤੇ ਸ਼ਾਲ ਨਾਲ ਸਤਿਕਾਰ ਦਿੱਤਾ ਗਿਆ। ਭਾਸ਼ਾ ਵਿਭਾਗ ਦੇ ਸਹਾਇਕ ਨਿਰਦੇਸ਼ਕ ਅਮਰਿੰਦਰ ਸਿੰਘ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਮੁਖ ਸਿੰਘ, ਸਾਬਕਾ ਡੀਨ ਡਾ. ਰਾਜਿੰਦਰਪਾਲ ਸਿੰਘ ਬਰਾੜ, ਡਾ. ਗੁਰਸੇਵਕ ਸਿੰਘ ਲੰਬੀ, ਡਾ. ਰਾਜਵੰਤ ਪੰਜਾਬੀ, ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ, ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਮਨਜਿੰਦਰ ਸਿੰਘ, ਸੁਪਰਡੈਂਟ ਸਵਰਨ ਕੌਰ, ਖੋਜ ਸਹਾਇਕ ਹਰਪ੍ਰੀਤ ਸਿੰਘ ਤੇ ਸਿਮਰਨਜੀਤ ਸਿੰਘ ਵੀ ਹਾਜ਼ਰ ਸਨ।




## ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ

# ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਸਮੂਹਿਕ ਯਤਨਾਂ ਦੀ ਲੋੜ

ਭਾਸ਼ਾ ਵਿਭਾਗ ਪੰਜਾਬ ਵੱਲੋਂ 21 ਫਰਵਰੀ, 2025 ਨੂੰ ਮਾਤ ਭਾਸ਼ਾ ਦਿਵਸ ਮੌਕੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ 'ਪੰਜਾਬੀ ਭਾਸ਼ਾ ਦਾ ਭਵਿੱਖ: ਸੰਭਾਵਨਾਵਾਂ ਤੇ ਚੁਣੌਤੀਆਂ' ਵਿਸ਼ੇ 'ਤੇ ਗੋਸ਼ਟੀ ਕਰਵਾਈ ਗਈ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਕਰਵਾਈ ਗਈ ਇਸ ਗੋਸ਼ਟੀ ਵਿੱਚ ਉੱਘੇ ਵਿਦਵਾਨ ਡਾ. ਜੋਗਾ ਸਿੰਘ, ਡਾ. ਸਰਬਜੀਤ ਸਿੰਘ, ਡਾ. ਸਿਕੰਦਰ ਸਿੰਘ ਤੇ ਡਾ. ਬੂਟਾ ਸਿੰਘ ਬਰਾੜ ਨੇ ਮੁੱਖ ਵਕਤਾਵਾਂ ਵਜੋਂ ਸ਼ਮੂਲੀਅਤ ਕੀਤੀ ਅਤੇ ਡਾ. ਰਾਜਵਿੰਦਰ ਸਿੰਘ ਨੇ ਉਕਤ ਵਿਦਵਾਨਾਂ ਨਾਲ ਸੰਵਾਦ ਰਚਾਇਆ। ਬਹੁਤ ਸਾਰੇ ਸੂਝਵਾਨ ਸਰੋਤਿਆਂ ਨੇ ਸੁਆਲ ਕਰਕੇ, ਗੋਸ਼ਟੀ ਨੂੰ ਹੋਰ ਵੀ ਗੰਭੀਰਤਾ ਪ੍ਰਦਾਨ ਕਰ ਦਿੱਤੀ।

ਡਾ. ਜੋਗਾ ਸਿੰਘ ਨੇ ਮਾਤ ਭਾਸ਼ਾ ਦੀ ਆਮ ਜਨਜੀਵਨ ਅਤੇ ਹੋਰਨਾਂ ਖੇਤਰਾਂ ਵਿੱਚ ਅਹਿਮੀਅਤ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਪਿਛਲੀ ਸਦੀ ਦੇ ਅੱਠਵੇਂ ਦਹਾਕੇ ਤੋਂ ਪਹਿਲਾਂ ਸਾਡੇ ਅੰਗਰੇਜ਼ੀ ਮਾਧਿਅਮ ਦਾ ਕੋਈ ਰੁਝਾਨ ਨਹੀਂ ਸੀ ਪਰ ਸੋਚੀ-ਸਮਝੀ ਨੀਤੀ ਤਹਿਤ ਇਸ ਭਾਸ਼ਾ ਨੂੰ ਸਾਡੀ ਭਾਸ਼ਾ 'ਤੇ ਹਮਲੇ ਵਾਂਗ ਪ੍ਰਚਾਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅੰਗਰੇਜ਼ੀ ਭਾਸ਼ਾ ਬਾਰੇ ਇੱਕ ਬਿਰਤਾਂਤ ਸਿਰਜਿਆ ਗਿਆ ਹੈ ਕਿ ਇਸ ਮਾਧਿਅਮ 'ਚ ਪੜ੍ਹਕੇ ਵਿਅਕਤੀ ਵਧੇਰੇ ਗਿਆਨਵਾਨ ਬਣਦਾ ਹੈ। ਇਸ ਭੁਲੇਖੇ ਨੂੰ ਦੂਰ ਕਰਨ ਦੀ ਬਹੁਤ ਲੋੜ ਹੈ। ਡਾ. ਬੂਟਾ ਸਿੰਘ ਬਰਾੜ ਨੇ ਕਿਹਾ ਕਿ ਭਾਸ਼ਾ ਤੁਰਦੇ, ਫਿਰਦੇ ਤੇ ਕਿਰਦੇ ਸ਼ਬਦਾਂ ਦਾ ਕਾਫ਼ਲਾ ਹੁੰਦਾ ਹੈ। ਜਿਸ ਵਿੱਚ ਹਮੇਸ਼ਾ ਵਾਧਾ-ਘਾਟਾ ਚਲਦਾ ਰਹਿੰਦਾ ਹੈ। ਫਿਰ ਵੀ ਉਹੀ ਸ਼ਬਦ ਪ੍ਰਵਾਨ ਹੁੰਦੇ ਹਨ ਜੋ ਲੋਕਾਂ ਦੀ ਜ਼ੁਬਾਨ 'ਤੇ ਵਧੇਰੇ ਚੜ੍ਹਦੇ ਹਨ। ਭਾਸ਼ਾ ਦੇ ਰੂਪ 'ਚ ਹਮੇਸ਼ਾ ਤਬਦੀਲੀਆਂ ਹੁੰਦੀਆਂ ਰਹਿੰਦੀਆਂ ਹਨ। ਇਸੇ ਤਰ੍ਹਾਂ ਪੰਜਾਬੀ ਭਾਸ਼ਾ 'ਦੇ ਸਰੂਪ ਵਿੱਚ ਤਬਦੀਲੀਆਂ ਹੁੰਦੀਆਂ ਰਹੀਆਂ ਹਨ, ਇਸ ਨੂੰ ਖਤਰਾ ਨਹੀਂ ਮੰਨਣਾ ਚਾਹੀਦਾ ਸਗੋਂ ਇੱਕ ਵਰਤਾਰੇ ਵਜੋਂ ਲੈਣਾ ਚਾਹੀਦਾ ਹੈ।

ਇਸ ਮੌਕੇ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਹਮੇਸ਼ਾ ਹੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਸਿਆਸੀ ਸਰਪ੍ਰਸਤੀ ਦੀ ਬਹੁਤ ਜ਼ਰੂਰਤ ਹੁੰਦੀ ਹੈ।



ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਆ ਰਹੀਆਂ ਚੁਣੌਤੀਆਂ ਦਾ ਟਾਕਰਾ ਕਰਨ ਲਈ ਅਧਿਆਪਕ ਦੀ ਭੂਮਿਕਾ ਸਭ ਤੋਂ ਵੱਡੀ ਹੈ। ਅੱਜ ਦੇ ਪੰਜਾਬੀ ਅਧਿਆਪਕਾਂ ਨੂੰ ਸਿਰਫ ਰੁਜ਼ਗਾਰ ਤੱਕ ਸੀਮਿਤ ਰਹਿਣ ਦੀ ਬਜਾਏ, ਮਾਤ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਕਾਰਜਸ਼ੀਲ ਰਹਿਣਾ ਚਾਹੀਦਾ ਹੈ। ਉਨ੍ਹਾਂ ਅਪੀਲ ਕੀਤੀ ਕਿ ਅਧਿਆਪਕ ਵਰਗ ਸਾਡੀ ਮਾਤ ਭਾਸ਼ਾ, ਸੱਭਿਆਚਾਰ ਤੇ ਅਕਾਦਮਿਕਤਾ ਪ੍ਰਤੀ ਸੰਜੀਦਾ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਵੇ।

ਡਾ. ਸਿਕੰਦਰ ਸਿੰਘ ਨੇ ਕਿਹਾ ਕਿ ਸਾਡਾ ਸਭ ਦਾ ਫ਼ਰਜ ਬਣਦਾ ਹੈ ਕਿ ਸਾਰੀਆਂ ਭਾਸ਼ਾਵਾਂ ਦਾ ਸਤਿਕਾਰ ਕਰੀਏ ਪਰ ਜੇਕਰ ਕੋਈ ਭਾਸ਼ਾ ਸਾਡੀ ਮਾਤ ਭਾਸ਼ਾ ਨੂੰ ਦਬਾਉਣ ਲਈ ਥੋਪੀ ਜਾਵੇ ਤਾਂ ਉਸ ਦਾ ਡਟ ਕੇ ਵਿਰੋਧ ਕਰਨਾ ਚਾਹੀਦਾ ਹੈ। ਕੁਝ ਭਾਸ਼ਾਵਾਂ ਨੂੰ ਇਸ ਦੌਰ 'ਚ ਵੀ ਸਾਡੇ 'ਤੇ ਜਬਰੀ ਥੋਪਿਆ ਜਾ ਰਿਹਾ ਹੈ, ਇਸ ਰੁਝਾਨ ਖ਼ਿਲਾਫ ਸਾਨੂੰ ਇੱਕ-ਜੁੱਟ ਹੋਣਾ ਚਾਹੀਦਾ ਹੈ।ਗੋਸ਼ਟੀ ਦੌਰਾਨ ਡਾ. ਸੁਰਜੀਤ ਸਿੰਘ, ਡਾ. ਵਨੀਤਾ, ਡਾ. ਰੇਨੂਕਾ ਸਿੰਘ, ਡਾ. ਜਗਮੀਤ ਸਿੰਘ, ਡਾ. ਵਰਿੰਦਰ ਖੁਰਾਣਾ, ਡਾ. ਵਰਿੰਦਰ ਕੁਮਾਰ ਤੇ ਹੋਰਨਾਂ ਨੇ ਆਪਣੇ ਸੁਆਲਾਂ ਨਾਲ ਗੋਸ਼ਟੀ ਦਾ ਘੇਰਾ ਵਿਸ਼ਾਲ ਕੀਤਾ। ਇਸ ਮੌਕੇ ਡਾ. ਗੁਰਮੁਖ ਸਿੰਘ ਮੁਖੀ ਪੰਜਾਬੀ ਵਿਭਾਗ ਪੰਜਾਬੀ ਯੂਨੀਵਰਸਿਟੀ, ਡਾ. ਰਾਜਿੰਦਰਪਾਲ ਸਿੰਘ ਬਰਾੜ, ਡਾ. ਗੁਰਸੇਵਕ ਲੰਬੀ, ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ, ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਮਨਜਿੰਦਰ ਸਿੰਘ, ਡਾ. ਰਾਜਮੋਹਿੰਦਰ ਕੌਰ ਤੇ ਵੱਡੀ ਗਿਣਤੀ ਵਿੱਚ ਸਰੋਤੇ ਹਾਜ਼ਰ ਸਨ। ਭਾਸ਼ਾ ਵਿਭਾਗ ਵੱਲੋਂ ਗੋਸ਼ਟੀ ਦੇ ਮੁੱਖ ਵਕਤਾਵਾਂ ਨੂੰ ਸ਼ਾਲਾਂ ਨਾਲ ਸਨਮਾਨਿਤ ਕੀਤਾ ਗਿਆ।

## ਹਾਸਰਸ ਕਵੀ ਦਰਬਾਰ

# 'ਮਾਰੇ ਗਾਓਂ ਕੀ ਬੁੜ੍ਹੀਆਂ' ਨੇ ਖ਼ੂਬ ਹਸਾਏ 'ਮਾਰੇ ਗਾਓਂ ਕੇ ਲੋਗ'




ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਯੂਨੀਵਰਸਿਟੀ ਵਿਖੇ 21 ਫਰਵਰੀ, 2025 ਨੂੰ ਹਾਸਰਸ ਕਵੀ ਦਰਬਾਰ ਕਰਵਾਇਆ ਗਿਆ ਜਿਸ ਦੌਰਾਨ ਨਾਮਵਰ ਕਵੀਆਂ ਨੇ ਹਾਸੇ ਦੀਆਂ ਫੁਹਾਰਾਂ ਛੱਡੀਆਂ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੀ ਸਾਹਿਤ ਸਭ ਦੇ ਸਹਿਯੋਗ ਨਾਲ ਹੋਏ ਇਸ ਕਵੀ ਦਰਬਾਰ ਦਾ ਵੱਡੀ ਗਿਣਤੀ 'ਚ ਸਰੋਤਿਆਂ ਨੇ ਅਨੰਦ ਮਾਣਿਆ।

ਸਮਾਗਮ ਦੀ ਸ਼ੁਰੂਆਤ ਬਰਜਿੰਦਰ ਠਾਕੁਰ ਨੇ 'ਆਪਣੀ ਬੋਲੀ ਆਪਣਾ ਵਿਰਸਾ ਨਾ ਭੁੱਲ ਜਾਇਓ..,' ਕਵਿਤਾ ਨਾਲ ਕੀਤੀ ਅਤੇ ਵਿਆਹੁਤਾ ਜੀਵਨ ਬਾਰੇ ਹਾਸਰਸ ਵਾਲਾ ਕਲਾਮ ਵੀ ਪੇਸ਼ ਕੀਤਾ। ਸਤੀਸ਼ ਭਲੂਰ ਨੇ ਸੋਸ਼ਲ ਮੀਡੀਆ ਦੇ ਪ੍ਰਭਾਵਾਂ 'ਤੇ ਵਿਅੰਗ ਕਸਦੀ ਕਵਿਤਾ 'ਮੈਨੂੰ ਹੋ ਗਿਆ ਏ ਨਸ਼ਾ ਫੇਸਬੁੱਕ ਦਾ' ਪੇਸ਼ ਕੀਤੀ। ਅਸ਼ਵਨੀ ਗੁਪਤਾ ਮੋਗਾ ਨੇ 'ਬੋਲਿਆ ਕਰ ਕੁਝ ਘੱਟ ਨਹੀਂ ਤਾਂ ਪਛਤਾਏਂਗਾ' ਅਤੇ 'ਧੂੜ 'ਚ ਟੱਟੂ ਭਜਾਈ ਜਾ' ਕਵਿਤਾਵਾਂ ਪੇਸ਼ ਕਰਕੇ ਵਾਹ-ਵਾਹ ਖੱਟੀ। ਸ਼ਤੀਸ਼ ਵਿਦਰੋਹੀ ਨੇ ਪੁਆਧੀ ਭਾਸ਼ਾ 'ਚ 'ਕੁਦਰਤ ਨਾਲ ਤਾਲਮੇਲ ਮੈਂ ਐਸਾ ਬਣਾ ਲਿਆ' ਕਵਿਤਾ ਰਾਹੀਂ ਵਹਿਮਾਂ-ਭਰਮਾਂ 'ਤੇ ਵਿਅੰਗ ਕਸਿਆ ਅਤੇ 'ਘਰ ਤਾਂ ਫੁਕ ਜਾਏਗਾ ਪਰ ਚੂਹਿਆਂ ਕੀ ਪੂਛਾਂ ਚਕਾ ਦਿਆਂਗੇ' ਕਵਿਤਾ ਰਾਹੀਂ ਅਜੋਕੇ ਰਾਜਨੀਤਿਕ ਵਰਤਾਰੇ 'ਤੇ ਕਟਾਕਸ਼ ਕੀਤਾ। ਸਾਧੂ ਰਾਮ ਲੰਗੇਆਣਾ ਨੇ 'ਡਰਦੀ ਚੋਰਾਂ ਤੋਂ ਰੱਬ ਰੱਬ ਕਰਦੀ ਗੋਲਕ ਬਾਬੇ ਦੀ' ਕਵਿਤਾ ਰਾਹੀਂ ਅਜੋਕੇ ਦੌਰ



















ਦੇ ਬਾਬਿਆਂ ਦੇ ਕਿਰਦਾਰ 'ਤੇ ਵਿਅੰਗ ਕਸਿਆ। ਦਵਿੰਦਰ ਗਿੱਲ ਨੇ 'ਹੀਰ ਆਫਟਰ ਮੈਰਿਜ' ਕਵਿਤਾ ਰਾਹੀਂ ਅਜੋਕੇ ਦੌਰ ਦੇ ਪ੍ਰੇਮੀਆਂ ਦਾ ਮਜ਼ਾਕ ਉਡਾਇਆ। ਜੰਗ ਸਿੰਘ ਫੱਟੜ ਨੇ ਮਾਡਰਨ ਹੀਰ ਸੁਣਾਈ। ਵਰਿੰਦਰ ਜੇਤਵਾਨੀ ਨੇ 'ਸੁਪਨਾ ਤਾਂ ਸੁਪਨਾ ਏ ਸੁਪਨੇ ਦਾ ਕੀ ਏ..' ਕਵਿਤਾ ਰਾਹੀਂ ਸੁਪਨਿਆਂ ਰਾਹੀਂ ਦੁਨੀਆ ਦੀ ਹਰ ਮੰਜ਼ਿਲ ਪਾਉਣ ਦੀ ਤਸਵੀਰ ਪੇਸ਼ ਕੀਤੀ। ਚਰਨ ਪੁਆਧੀ ਨੇ 'ਮਾਰੇ ਗਾਓਂ ਕੀ ਬੁੜੀਆਂ' ਅਤੇ 'ਮਾਰੇ ਗਾਓਂ ਕੇ ਲੋਗ' ਕਵਿਤਾ ਰਾਹੀਂ ਪੁਆਧੀ ਜਨਜੀਵਨ ਦੀ ਤਸਵੀਰ ਪੇਸ਼ ਕੀਤੀ। ਅੰਮ੍ਰਿਤਪਾਲ ਕੌਫੀ ਨੇ 'ਲਾਲ ਤਾਬੀਜ਼' ਕਵਿਤਾ ਰਾਹੀਂ ਅਜੋਕੇ ਭ੍ਰਿਸ਼ਟ ਰਾਜਨੀਤਿਕ ਜੀਵਨ 'ਤੇ ਵਿਅੰਗ ਕਸਿਆ। ਜਗਸੀਰ ਜੀਦਾ ਨੇ ਪੰਜਾਬੀ ਭਾਸ਼ਾ ਦੀ ਸਥਿਤੀ ਨੂੰ ਦਰਸਾਉਂਦੇ ਗੀਤ ਨੂੰ ਤੁਰੰਨਮ ਰਾਹੀਂ ਗਾ ਕੇ ਸਮਾਂ ਬੰਨ੍ਹ ਦਿੱਤਾ। ਫਿਰ ਉਨ੍ਹਾਂ ਆਪਣੀਆਂ ਵਿਅੰਗਮਈ ਬੋਲੀਆਂ ਰਾਹੀਂ ਸਮਾਗਮ ਨੂੰ ਸਿਖ਼ਰ ਵੱਲ ਵਧਾ ਦਿੱਤਾ। ਅਖ਼ੀਰ 'ਚ ਪੰਡਤ ਸੋਮ ਨਾਥ ਰੋਡਿਆਂ ਵਾਲਿਆਂ ਨੇ ਕਾਵਿ ਦੀ ਅਹਿਮੀਅਤ ਨੂੰ ਦਰਸਾਉਂਦੀ ਕਵਿਤਾ ਨਾਲ ਖ਼ੂਬ ਹਾਸੇ ਬਿਖੇਰੇ ਅਤੇ ਆਪਣੀ ਕਵਿਤਾ ਰਾਹੀਂ ਪੂਰੇ ਕਵੀ ਦਰਬਾਰ ਦੀ ਤਸਵੀਰ ਪੇਸ਼ ਕਰ ਦਿੱਤੀ। ਮੰਚ ਸੰਚਾਲਨ ਡਾ. ਮਨਜਿੰਦਰ ਸਿੰਘ ਨੇ ਬਾਖ਼ੂਬੀ ਕੀਤਾ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਮੁਖ ਸਿੰਘ, ਡਾ. ਗੁਰਸੇਵਕ ਲੰਬੀ, ਡਾ. ਰਾਜਵੰਤ ਕੌਰ ਪੰਜਾਬੀ, ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਅਤੇ ਵੱਡੀ ਗਿਣਤੀ ਵਿੱਚ ਸਰੋਤੇ ਹਾਜ਼ਰ ਸਨ।




## ਮੈਂ ਨਾਨਕ ਦੀ ਬਾਣੀ ਹਾਂ

# ਗੁਰੂ ਨਾਨਕ ਬਾਣੀ ਦੇ ਫ਼ਲਸਫੇ, ਸਿਧਾਂਤ ਅਤੇ ਸਮਾਜਿਕ ਸਰੋਕਾਰਾਂ ਦੀ ਖ਼ੂਬਸੂਰਤ ਪੇਸ਼ਕਾਰੀ

ਭਾਸ਼ਾ ਵਿਭਾਗ, ਪੰਜਾਬ ਵੱਲੋਂ ਇੱਥੇ ਭਾਸ਼ਾ ਭਵਨ ਵਿਖੇ 7 ਮਾਰਚ, 2025 ਨੂੰ ਉੱਘੇ ਨਾਟਕਕਾਰ ਡਾ. ਆਤਮਜੀਤ ਦੇ ਨਾਟਕ 'ਮੈਂ ਨਾਨਕ ਦੀ ਬਾਣੀ ਹਾਂ' ਦਾ ਪਾਠ ਸਮਾਗਮ ਆਯੋਜਿਤ ਕੀਤਾ ਗਿਆ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਕਰਵਾਏ ਗਏ ਇਸ ਸਮਾਗਮ ਦੀ ਪ੍ਰਧਾਨਗੀ ਉੱਘੇ ਸਿੱਖ ਚਿੰਤਕ ਡਾ. ਬਲਕਾਰ ਸਿੰਘ ਨੇ ਕੀਤੀ ਅਤੇ ਕੈਨੇਡਾ ਵਸਦੇ ਪੰਜਾਬੀ ਸਾਹਿਤ ਤੇ ਸੱਭਿਆਚਾਰ ਪ੍ਰੇਮੀ ਬਲਦੇਵ ਸਿੰਘ ਬਾਠ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਇਸ ਮੌਕੇ ਵੱਡੀ ਗਿਣਤੀ 'ਚ ਸਾਹਿਤ ਅਤੇ ਰੰਗਮੰਚ ਨਾਲ ਜੁੜੀਆਂ ਸ਼ਖ਼ਸੀਅਤਾਂ ਹਾਜ਼ਰ ਸਨ। ਨਾਟਕ ਦੇ ਪਾਠ ਤੋਂ ਬਾਅਦ ਪ੍ਰੋ. ਕਿਰਪਾਲ ਸਿੰਘ ਕਜ਼ਾਕ, ਡਾ. ਸੁਰਜੀਤ ਸਿੰਘ ਅਤੇ ਡਾ. ਅਤੈ ਸਿੰਘ ਦੀਆਂ ਟਿੱਪਣੀਆਂ ਨੇ ਸਮਾਗਮ ਨੂੰ ਨਾਟਕ 'ਤੇ ਗੋਸ਼ਟੀ ਦਾ ਰੂਪ ਦੇ ਦਿੱਤਾ।

ਸ. ਜਸਵੰਤ ਸਿੰਘ ਜ਼ਫ਼ਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਸਾਹਿਤਕ ਕਿਰਤ ਦੀ ਨਿਰਖ-ਪਰਖ, ਸੋਧ ਅਤੇ ਮਿਆਰ 'ਚ ਵਾਧਾ ਕਰਨ ਲਈ ਅਜਿਹੇ ਸਮਾਗਮ ਅਤਿ ਜ਼ਰੂਰੀ ਹਨ। ਇਸੇ ਕਰਕੇ ਭਾਸ਼ਾ ਵਿਭਾਗ ਦੀ ਕੋਸ਼ਿਸ਼ ਰਹਿੰਦੀ ਹੈ ਕਿ ਸਾਹਿਤਕ ਰਚਨਾਵਾਂ ਨੂੰ ਵੱਧ ਤੋਂ ਵੱਧ ਮਿਆਰੀ ਬਣਾਉਣ ਅਤੇ ਲੋਕਾਂ ਤੱਕ ਪਹੁੰਚਾਉਣ ਲਈ ਇਸ ਤਰ੍ਹਾਂ ਦੇ ਸਮਾਗਮ ਰਚਾਏ ਜਾਣ।

ਡਾ. ਆਤਮਜੀਤ ਨੇ ਆਪਣੇ ਨਾਟਕ 'ਮੈਂ ਨਾਨਕ ਦੀ ਬਾਣੀ ਹਾਂ' ਦੇ ਪਾਠ ਦੌਰਾਨ ਵੱਖ-ਵੱਖ ਕਿਰਦਾਰਾਂ ਨੂੰ ਬਾਖ਼ੂਬੀ ਨਿਭਾਇਆ ਅਤੇ ਤਕਰੀਬਨ ਡੇਢ ਘੰਟੇ ਤੋਂ ਵੱਧ ਸਮੇਂ ਦੇ ਨਾਟਕ ਰਾਹੀਂ ਸਰੋਤਿਆਂ ਨੂੰ ਝੰਜੋੜ ਕੇ ਰੱਖ ਦਿੱਤਾ। ਇਸ ਨਾਟਕ ਰਾਹੀਂ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੇ ਫ਼ਲਸਫੇ, ਸਿਧਾਂਤ ਅਤੇ ਸਮਾਜਿਕ ਸਰੋਕਾਰਾਂ ਨੂੰ ਖ਼ੂਬਸੂਰਤੀ ਨਾਲ ਪੇਸ਼ ਕੀਤਾ। ਡਾ. ਬਲਕਾਰ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ 'ਚ ਕਿਹਾ ਕਿ ਅਜਿਹੇ ਨਾਟਕ ਦਿਮਾਗ ਅਤੇ ਰੂਹ ਦੇ ਸੁਮੇਲ ਨਾਲ ਸਿਰਜੇ ਜਾਂਦੇ ਹਨ। ਇਹ ਨਾਟਕ ਬਾਣੀ ਦੇ ਸਿਧਾਂਤ ਤੇ ਫ਼ਲਸਫੇ ਨੂੰ ਸਮਝਾਉਣ ਦਾ ਵੱਡਾ ਉਪਰਾਲਾ ਹੈ। ਇਹ ਨਾਟਕ ਸਾਨੂੰ ਹਰ ਪੱਖੋਂ ਚੇਤਨ ਹੋਣ ਲਈ












ਅੰਤਰਝਾਤ ਮਾਰਨ ਲਈ ਰਾਹ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਡਾ. ਆਤਮਜੀਤ ਨੇ ਜਿੱਥੇ ਸਾਡੇ ਸੱਭਿਆਚਾਰਕ ਮੁਹਾਵਰੇ ਨੂੰ ਸਮਝਿਆ ਹੈ ਉੱਥੇ ਇਸ ਨਾਟਕ ਰਾਹੀਂ ਨਵਾਂ ਮੁਹਾਵਰਾ ਸਿਰਜਣ ਦੀ ਕੋਸ਼ਿਸ਼ ਵੀ ਕੀਤੀ ਹੈ। ਮੁੱਖ ਮਹਿਮਾਨ ਸ. ਬਲਦੇਵ ਸਿੰਘ ਬਾਠ ਕੈਨੇਡਾ ਨੇ ਕਿਹਾ ਕਿ ਉਹ ਭਾਵੇਂ ਵਿਦੇਸ਼ ’ਚ ਵਸਦੇ ਹਨ ਪਰ ਹਮੇਸ਼ਾ ਹੀ ਨਾਨਕ ਜੀ ਉਨ੍ਹਾਂ ਦੇ ਅੰਗ-ਸੰਗ ਰਹਿੰਦੇ ਹਨ ਭਾਵ ਕਿ ਉਹ ਉਨ੍ਹਾਂ ਦੀਆਂ ਸਿੱਖਿਆਵਾਂ ਤੇ ਸੰਦੇਸ਼ਾਂ ’ਤੇ ਅਮਲ ਕਰਨ ਦੀ ਕੋਸ਼ਿਸ਼ ’ਚ ਰਹਿੰਦੇ ਹਾਂ। ਉਨ੍ਹਾਂ ਪੰਜਾਬ ਦੀਆਂ ਅਜੋਕੀਆਂ ਰਾਜਨੀਤਿਕ ਤੇ ਸਮਾਜਿਕ ਪ੍ਰਸਥਿਤੀਆਂ ਨੂੰ ਨਾਟਕ ਨਾਲ ਜੋੜਕੇ ਦੇਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਨਾਟਕ ਦੇ ਮੰਚਨ ਲਈ ਉਹ ਕੈਨੇਡਾ ’ਚ ਪੇਸ਼ਕਾਰੀਆਂ ਕਰਨ ਲਈ ਹਰ ਤਰ੍ਹਾਂ ਦੀ ਸਹਾਇਤਾ ਕਰਨ ਲਈ ਤਿਆਰ ਹਨ।


ਇਸ ਮੌਕੇ ਵਿਸ਼ੇਸ਼ ਟਿੱਪਣੀਕਾਰ ਵਜੋਂ ਪ੍ਰੋ. ਕਿਰਪਾਲ ਕਜ਼ਾਕ ਨੇ ਕਿਹਾ ਕਿ ਡਾ. ਆਤਮਜੀਤ ਨੇ ਸਦੀਆਂ ਪੁਰਾਣੀਆਂ ਰੂੜ੍ਹੀਵਾਦੀ ਪ੍ਰੰਪਰਾਵਾਂ ਨੂੰ ਕਟਾਕਸ਼ ਭਰੇ ਲਹਿਜੇ ਨਾਲ ਪੇਸ਼ ਕੀਤਾ ਹੈ। ਉਨ੍ਹਾਂ ਨੇ ਆਪਣੇ ਸੰਵਾਦਾਂ ਰਾਹੀਂ ਗੁਰਬਾਣੀ ਦੇ ਸੰਦੇਸ਼ਾਂ ਨੂੰ ਇੱਕ ਸੂਤਰ ’ਚ ਪਰੋਕੇ ਰੱਖਣ ਦੀ ਕੋਸ਼ਿਸ਼ ਕੀਤੀ ਹੈ। ਅਜਿਹੇ ਗੰਭੀਰ ਵਿਸ਼ਿਆਂ ’ਤੇ ਨਾਟਕ ਲਿਖਣਾ ਬਹੁਤ ਹੀ ਦਲੇਰੀ ਵਾਲਾ ਕਾਰਜ ਹੈ। ਡਾ. ਸੁਰਜੀਤ ਸਿੰਘ ਨੇ ਕਿਹਾ ਕਿ ਅਜਿਹੇ ਨਾਟਕ ਨੂੰ ਜਜ਼ਬ ਕਰਨ ਲਈ ਸਮਾਂ ਲੱਗਦਾ ਹੈ। ਇਹ ਨਾਟਕ ਬਾਣੀ ਦੀ ਸਿਰਜਣਾ ਪਿੱਛੇ ਛੁਪੇ ਇਤਿਹਾਸ ਤੇ ਹਾਲਾਤਾਂ ਨੂੰ ਬਿਆਨ ਕਰਦਾ ਹੈ। ਨਾਲ ਹੀ ਇਹ ਨਾਟਕ ਨਾਨਕ ਨਾਮ ਲੇਵਾ ਲੋਕਾਂ ਨੂੰ ਕਈ ਪੱਖਾਂ ਤੋਂ ਸੁਚੇਤ ਕਰਦਾ ਹੈ। ਡਾ. ਅਤੈ ਸਿੰਘ ਨੇ ਕਿਹਾ ਕਿ ਡਾ. ਆਤਮਜੀਤ ਨੇ ਆਪਣੇ ਪਹਿਲੇ ਨਾਟਕਾਂ ’ਚ ਮਿੱਥਾਂ, ਇਤਿਹਾਸ ਤੇ ਪ੍ਰੰਪਰਾਵਾਂ ਨੂੰ ਨਾਲ ਰੱਖਿਆ ਹੈ ਪਰ ਨਵੇਂ ਨਾਟਕ ਰਾਹੀਂ ਉਨ੍ਹਾਂ ਨੇ ਬਹੁਤ ਸਾਰੀਆਂ ਪ੍ਰੰਪਰਾਵਾਂ ਤੇ ਮਿੱਥਾਂ ਨੂੰ ਤੋੜਿਆ ਹੈ।
















ਅਖ਼ੀਰ ਵਿੱਚ ਡਾ. ਆਤਮਜੀਤ ਅਤੇ ਦੋਨੋਂ ਮਹਿਮਾਨਾਂ ਨੂੰ ਵਿਭਾਗ ਵੱਲੋਂ ਸ਼ਾਲਾਂ ਅਤੇ ਪੁਸਤਕਾਂ ਦੇ ਸੈੱਟਾਂ ਨਾਲ ਸਨਮਾਨ ਦਿੱਤਾ ਗਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਭਾਸ਼ਾ ਵਿਭਾਗ ਦੇ ਡਿਪਟੀ ਡਾਇਰੈਕਟਰ ਸਤਨਾਮ ਸਿੰਘ ਤੇ ਅਸ਼ਰਫ ਮਹਿਮੂਦ ਨੰਦਨ, ਸਹਾਇਕ ਨਿਰਦੇਸ਼ਕ ਅਮਰਿੰਦਰ ਸਿੰਘ, ਆਲੋਕ ਚਾਵਲਾ, ਸੁਰਿੰਦਰ ਕੌਰ ਤੇ ਜਸਪ੍ਰੀਤ ਕੌਰ, ਸ਼੍ਰੋਮਣੀ ਬਾਲ ਲੇਖਕ ਦਰਸ਼ਨ ਸਿੰਘ ਆਸ਼ਟ, ਕੈਨੇਡਾ ਤੋਂ ਸੁਰਜੀਤ ਸਿੰਘ ਬਾਠ, ਸੁਰਿੰਦਰ ਕੌਰ ਬਾਠ, ਰੇਸ਼ਮ ਕੌਰ ਬਾਠ, ਰੰਗਮੰਚ ਨਾਲ ਜੁੜੀਆਂ ਸ਼ਖ਼ਸੀਅਤਾਂ ਮੋਹਨ ਕੰਬੋਜ਼, ਹਰਜੀਤ ਕੈਂਥ, ਰਾਜੇਸ਼ ਸ਼ਰਮਾ, ਕਵਿਤਾ ਸ਼ਰਮਾ ਅਤੇ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ ਹਾਜ਼ਰ ਸਨ।

## ਡਾ. ਆਤਮਜੀਤ ਨੇ ਕੀਤਾ ਨਾਟਕ 'ਮੈਂ ਨਾਨਕ ਦੀ ਬਾਣੀ ਹਾਂ' ਦਾ ਪਾਠ

ਪਟਿਆਲਾ, 8 ਮਾਰਚ (ਪਰਮਿੰਦਰ ਸਿੰਘ ਰਾਏਪੁਰ) : ਭਾਸ਼ਾ ਵਿਭਾਗ ਪੰਜਾਬ ਵਲੋਂ ਇੱਥੇ ਭਾਸ਼ਾ ਭਵਨ ਵਿਖੇ ਉੱਘੇ ਨਾਟਕਕਾਰ ਡਾ. ਆਤਮਜੀਤ ਦੇ ਨਾਟਕ 'ਮੈਂ ਨਾਨਕ ਦੀ ਬਾਣੀ ਹਾਂ' ਦਾ ਪਾਠ ਸਮਾਗਮ ਅਯੋਜਿਤ ਕੀਤਾ ਗਿਆ। ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਕਰਵਾਏ ਗਏ ਇਸ ਸਮਾਗਮ ਦੀ ਪ੍ਰਧਾਨਗੀ ਉੱਘੇ ਸਿੱਖ ਚਿੰਤਕ ਡਾ. ਬਲਕਾਰ ਸਿੰਘ ਨੇ ਕੀਤੀ ਅਤੇ ਕੈਨੇਡਾ ਵਸਦੇ ਪੰਜਾਬੀ ਸਾਹਿਤ ਤੇ ਸੱਭਿਆਚਾਰ ਪ੍ਰੇਮੀ ਬਲਦੇਵ ਸਿੰਘ ਬਾਠ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ।



ਜਸਵੰਤ ਸਿੰਘ ਜ਼ਫ਼ਰ ਨਾਟਕਕਾਰ ਡਾ. ਆਤਮਜੀਤ ਨੂੰ ਸਨਮਾਨਿਤ ਕਰਦੇ ਹੋਏ।

ਇਸ ਮੌਕੇ ਵੱਡੀ ਗਿਣਤੀ 'ਚ ਸਾਹਿਤ ਅਤੇ ਰੰਗਮੰਚ ਨਾਲ ਜੁੜੀਆਂ ਸ਼ਖਸ਼ੀਅਤਾਂ ਹਾਜ਼ਰ ਸਨ। ਨਾਟਕ ਦੇ ਪਾਠ ਤੋਂ ਬਾਅਦ ਪ੍ਰੋ. ਕਿਰਪਾਲ ਸਿੰਘ ਕਜਾਕ, ਡਾ. ਸੁਰਜੀਤ ਸਿੰਘ ਅਤੇ ਡਾ. ਅਤੈ ਸਿੰਘ ਦੀਆਂ ਟਿੱਪਣੀਆਂ ਨੇ ਸਮਾਗਮ ਨੂੰ ਨਾਟਕ 'ਤੇ ਗੋਸ਼ਟੀ ਦਾ ਰੂਪ ਦੇ ਦਿਤਾ। ਜਸਵੰਤ ਸਿੰਘ ਜ਼ਫ਼ਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਬਾਰੇ ਜਾਣਕਾਰੀ ਦਿਤੀ। ਡਾ. ਆਤਮਜੀਤ ਨੇ ਆਪਣੇ ਨਾਟਕ 'ਮੈਂ ਨਾਨਕ ਦੀ ਬਾਣੀ ਹਾਂ' ਦੇ ਪਾਠ ਦੌਰਾਨ ਵੱਖ-ਵੱਖ ਕਿਰਦਾਰਾਂ ਨੂੰ ਬਾਖੂਬੀ ਨਿਭਾਇਆ। ਡਾ. ਬਲਕਾਰ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਨ 'ਚ ਕਿਹਾ ਕਿ ਅਜਿਹੇ ਨਾਟਕ ਦਿਮਾਗ ਅਤੇ ਰੂਹ ਦੇ ਸੁਮੇਲ ਨਾਲ ਸਿਰਜੇ ਜਾਂਦੇ ਹਨ। ਇਹ ਨਾਟਕ ਬਾਣੀ ਦੇ ਸਿਧਾਂਤ ਤੇ ਫ਼ਲਸਫ਼ੇ ਨੂੰ ਸਮਝਾਉਣ ਦਾ ਵੱਡਾ ਉਪਰਾਲਾ ਹੈ। ਮੁੱਖ ਮਹਿਮਾਨ ਬਲਦੇਵ ਸਿੰਘ ਬਾਠ ਕੈਨੇਡਾ ਨੇ ਕਿਹਾ ਕਿ ਉਹ ਭਾਵੇਂ ਵਿਦੇਸ਼ 'ਚ ਵਸਦੇ ਹਨ ਪਰ ਹਮੇਸ਼ਾ ਹੀ ਨਾਨਕ ਜੀ ਉਨ੍ਹਾਂ ਦੇ ਅੰਗ-ਸੰਗ ਰਹਿੰਦੇ ਹਨ ਭਾਵ ਉਨ੍ਹਾਂ ਦੀਆਂ ਸਿੱਖਿਆਵਾਂ ਤੇ ਸੰਦੇਸ਼ਾਂ 'ਤੇ ਅਮਲ ਕਰਨ ਦੀ ਕੋਸ਼ਿਸ਼ 'ਚ ਰਹਿੰਦੇ ਹਾਂ। ਇਸ ਮੌਕੇ ਵਿਸ਼ੇਸ਼ ਟਿੱਪਣੀਕਾਰ ਵਜੋਂ ਪ੍ਰੋ. ਕਿਰਪਾਲ ਕਜਾਕ ਨੇ ਕਿਹਾ ਕਿ ਡਾ. ਆਤਮਜੀਤ ਨੇ ਸਦੀਆਂ ਪੁਰਾਣੀਆਂ ਰੂੜੀਵਾਦੀ ਪ੍ਰੰਪਰਾਵਾਂ ਨੂੰ ਕਟਾਕਸ਼ ਭਰੇ ਲਹਿਜੇ ਨਾਲ ਪੇਸ਼ ਕੀਤਾ ਹੈ। ਇਸ ਮੌਕੇ ਭਾਸ਼ਾ ਵਿਭਾਗ ਦੇ ਡਿਪਟੀ ਡਾਇਰੈਕਟਰ ਸਤਨਾਮ ਸਿੰਘ ਤੇ ਅਸ਼ਰਫ ਮਹਿਮੂਦ ਨੰਦਨ, ਸਹਾਇਕ ਨਿਰਦੇਸ਼ਕ ਅਮਰਿੰਦਰ ਸਿੰਘ, ਆਲੋਕ ਚਾਵਲਾ, ਸੁਰਿੰਦਰ ਕੌਰ ਤੇ ਜਸਪ੍ਰੀਤ ਕੌਰ, ਸ਼੍ਰੋਮਣੀ ਬਾਲ ਲੇਖਕ ਦਰਸ਼ਨ ਸਿੰਘ ਆਸ਼ਟ, ਕੈਨੇਡਾ ਤੋਂ ਸੁਰਜੀਤ ਸਿੰਘ ਬਾਠ, ਸੁਰਿੰਦਰ ਕੌਰ ਬਾਠ, ਰੇਸ਼ਮ ਕੌਰ ਬਾਠ, ਰੰਗਮੰਚ ਨਾਲ ਜੁੜੀਆਂ ਸ਼ਖਸ਼ੀਅਤਾਂ ਮੋਹਨ ਕੰਬੋਜ, ਹਰਜੀਤ ਕੈਂਥ, ਰਾਜੇਸ਼ ਸ਼ਰਮਾ, ਕਵਿਤਾ ਸ਼ਰਮਾ ਅਤੇ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ ਹਾਜ਼ਰ ਸਨ।

## ਵਿਧਾਇਕ ਕੋਹਲੀ ਵਲੋਂ ਨਸ਼ਿਆਂ ਵਿਰੁਧ ਮੁਹਿਮ

ਰੋਜ਼ਾਨਾ ਸਪੋਕਸਮੈਨ
RozanaSpokesman.com

## ਡਾ. ਆਤਮਜੀਤ ਵੱਲੋਂ ਨਵੇਂ ਨਾਟਕ 'ਮੈਂ ਨਾਨਕ ਦੀ ਬਾਣੀ ਹਾਂ' ਦਾ ਪਾਠ

**ਵਿਦਵਾਨਾਂ ਦੀਆਂ ਟਿੱਪਣੀਆਂ ਦੀ ਬਦੌਲਤ ਨਾਟਕ ਦੇ ਪਾਠ ਨੇ ਗੋਸ਼ਟੀ ਦਾ ਰੂਪ ਧਾਰਿਆ**

ਪੱਤਰ ਪ੍ਰੇਰਕ
ਪਟਿਆਲਾ, 9 ਮਾਰਚ

ਭਾਸ਼ਾ ਵਿਭਾਗ ਪੰਜਾਬ ਵੱਲੋਂ ਇੱਥੇ ਭਾਸ਼ਾ ਭਵਨ ਵਿੱਚ ਨਾਟਕਕਾਰ ਡਾ. ਆਤਮਜੀਤ ਦੇ ਨਾਟਕ 'ਮੈਂ ਨਾਨਕ ਦੀ ਬਾਣੀ ਹਾਂ' ਦਾ ਪਾਠ ਸਮਾਗਮ ਕਰਵਾਇਆ ਗਿਆ। ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਦੀ ਪ੍ਰਧਾਨਗੀ ਸਿੱਖ ਚਿੰਤਕ ਡਾ. ਬਲਕਾਰ ਸਿੰਘ ਨੇ ਕੀਤੀ ਅਤੇ ਕੈਨੇਡਾ ਵੱਸਦੇ ਪੰਜਾਬੀ ਸਾਹਿਤ ਤੇ ਸੱਭਿਆਚਾਰ ਪ੍ਰੇਮੀ ਬਲਦੇਵ ਸਿੰਘ ਬਾਠ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਨਾਟਕ ਦੇ ਪਾਠ ਤੋਂ ਬਾਅਦ ਪ੍ਰੋ. ਕਿਰਪਾਲ ਸਿੰਘ ਕਜ਼ਾਕ, ਡਾ. ਸੁਰਜੀਤ ਸਿੰਘ ਅਤੇ ਡਾ. ਅਤੈ ਸਿੰਘ ਦੀਆਂ ਟਿੱਪਣੀਆਂ ਨੇ ਸਮਾਗਮ ਨੂੰ ਨਾਟਕ 'ਤੇ ਗੋਸ਼ਟੀ ਦਾ ਰੂਪ ਦੇ ਦਿੱਤਾ।



ਨਾਟਕਕਾਰ ਡਾ. ਆਤਮਜੀਤ ਨੂੰ ਸਨਮਾਨਿਤ ਕਰਦੇ ਹੋਏ ਮੋਹਤਬਰ। -ਫੋਟੋ: ਅਕੀਦਾ

ਸ੍ਰੀ ਜ਼ਫ਼ਰ ਨੇ ਕਿਹਾ ਕਿ ਕਿਸੇ ਵੀ ਸਾਹਿਤਕ ਕਿਰਤ ਦੀ ਨਿਰਖ-ਪਰਖ, ਸੋਧ ਅਤੇ ਮਿਆਰ 'ਚ ਵਾਧਾ ਕਰਨ ਲਈ ਅਜਿਹੇ ਸਮਾਗਮ ਅਤਿ ਜ਼ਰੂਰੀ ਹਨ। ਡਾ. ਆਤਮਜੀਤ ਨੇ ਆਪਣੇ ਨਾਟਕ 'ਮੈਂ ਨਾਨਕ ਦੀ ਬਾਣੀ ਹਾਂ' ਦੇ ਪਾਠ ਦੌਰਾਨ ਤਕਰੀਬਨ ਡੇਢ ਘੰਟੇ ਤੋਂ ਵੱਧ ਸਮੇਂ ਦੇ ਨਾਟਕ ਰਾਹੀਂ ਸਰੋਤਿਆਂ ਨੂੰ ਝੰਜੋੜ ਕੇ ਰੱਖ ਦਿੱਤਾ। ਵਿਸ਼ੇਸ਼ ਟਿੱਪਣੀਕਾਰ ਪ੍ਰੋ. ਕਿਰਪਾਲ ਕਜ਼ਾਕ ਨੇ ਕਿਹਾ ਕਿ ਡਾ. ਆਤਮਜੀਤ ਨੇ ਸਦੀਆਂ ਪੁਰਾਣੀਆਂ ਰੂੜ੍ਹੀਵਾਦੀ ਪਰੰਪਰਾਵਾਂ ਨੂੰ ਕਟਾਖਸ਼ ਭਰੇ ਲਹਿਜ਼ੇ ਨਾਲ ਪੇਸ਼ ਕੀਤਾ ਹੈ। ਡਾ. ਸੁਰਜੀਤ ਸਿੰਘ ਨੇ ਕਿਹਾ ਕਿ ਅਜਿਹੇ ਨਾਟਕ ਨੂੰ ਜਜ਼ਬ ਕਰਨ ਲਈ ਸਮਾਂ ਲੱਗਦਾ ਹੈ। ਡਾ. ਅਤੈ ਸਿੰਘ ਨੇ ਕਿਹਾ ਕਿ ਡਾ. ਆਤਮਜੀਤ ਨੇ ਆਪਣੇ ਪਹਿਲੇ ਨਾਟਕਾਂ 'ਚ ਮਿੱਥਾਂ, ਇਤਿਹਾਸ ਤੇ ਪਰੰਪਰਾਵਾਂ ਨੂੰ ਨਾਲ ਰੱਖਿਆ ਹੈ ਪਰ ਨਵੇਂ ਨਾਟਕ ਰਾਹੀਂ ਉਨ੍ਹਾਂ ਨੇ ਬਹੁਤ ਸਾਰੀਆਂ ਪਰੰਪਰਾਵਾਂ ਤੇ ਮਿੱਥਾਂ ਨੂੰ ਤੋੜਿਆ ਹੈ।

## ਅੰਤਰ-ਰਾਸ਼ਟਰੀ ਔਰਤ ਦਿਵਸ

# ਪੰਜਾਬ ਭਰ ਤੋਂ ਪੁੱਜੀਆਂ ਨਾਮਵਰ ਕਵਿੱਤਰੀਆਂ ਨੇ ਖਿਲਾਰੀ ਕਾਵਿਕ ਮਹਿਕ





ਭਾਸ਼ਾ ਵਿਭਾਗ, ਪੰਜਾਬ ਦੇ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਮਾਨਸਾ ਵੱਲੋਂ ਅੰਤਰ-ਰਾਸ਼ਟਰੀ ਔਰਤ ਦਿਵਸ ਨੂੰ ਸਮਰਪਿਤ ਰਾਜ ਪੱਧਰੀ ਕਵੀ ਦਰਬਾਰ ਦਾ ਆਯੋਜਨ ਵਿਭਾਗ ਦੇ ਡਾਇਰੈਕਟਰ ਤੇ ਕਵੀ ਸ. ਜਸਵੰਤ ਸਿੰਘ ਜ਼ਫ਼ਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਸਾਹਿਤ ਰਸੀਏ ਤੇ ਸਾਹਿਤਕਾਰ ਹਾਜ਼ਰ ਸਨ।

ਸ. ਜ਼ਫ਼ਰ ਨੇ ਕਿਹਾ ਕਿ ਦੁਨੀਆ ਦੀ ਖ਼ੂਬਸੂਰਤੀ ਵਿਚ ਔਰਤ ਦੀ ਅਹਿਮ ਭੂਮਿਕਾ ਹੈ। ਔਰਤ ਹੋਣ ਦੇ ਅਰਥਾਂ ਨੂੰ ਸਮਝਣ ਤੇ ਮਹਿਸੂਸ ਕਰਨ ਲਈ ਇਹੀ ਸਮਾਗਮ ਨੂੰ ਉਲੀਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਾਨੂੰ ਔਰਤਾਂ ਨੂੰ ਭਾਵਨਾਵਾਂ ਤੇ ਚਾਵਾਂ ਦੇ ਪ੍ਰਗਟਾਵੇ ਲਈ ਅਜਿਹੇ ਸਮਾਗਮਾਂ ਦਾ ਆਯੋਜਨ ਕਰਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਇਨ੍ਹਾਂ ਨੇ ਆਪਣੀਆਂ ਕਵਿਤਾਵਾਂ ਵੀ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ।








# ਰਾਜ ਪੱਧਰੀ ਕਵੀ ਦਰਬਾਰ 'ਚ ਕਵਿੱਤਰੀਆਂ ਨੇ ਖ਼ੂਬ ਰੰਗ ਬਿਖੇਰਿਆ

## ਦੁਨੀਆ ਦੀ ਖ਼ੂਬਸੂਰਤੀ 'ਚ ਔਰਤ ਦੀ ਅਹਿਮ ਭੂਮਿਕਾ-ਜ਼ਫਰ

ਮਾਨਸਾ, 10 ਮਾਰਚ (ਬਲਵਿੰਦਰ ਸਿੰਘ ਧਾਲੀਵਾਲ)- ਭਾਸ਼ਾ ਵਿਭਾਗ ਪੰਜਾਬ ਵਲੋਂ ਸਥਾਨਕ ਇਥੇ ਕੌਮਾਂਤਰੀ ਔਰਤ ਦਿਵਸ ਨੂੰ ਸਮਰਪਿਤ ਕਰਵਾਏ ਰਾਜ ਪੱਧਰੀ ਕਵੀ ਦਰਬਾਰ 'ਚ ਕਵਿੱਤਰੀਆਂ ਨੇ ਖ਼ੂਬ ਰੰਗ ਬਿਖੇਰਿਆ। ਪ੍ਰਸਿੱਧ ਸ਼ਾਇਰਾ ਪ੍ਰੋ. ਨੀਤੂ, ਜੋਗਿੰਦਰ ਨੂਰਮੀਤ, ਜਸਪ੍ਰੀਤ ਕੌਰ ਫਲਕ, ਸਿਮਰਨ ਅਕਸ, ਸੰਦੀਪ ਕੌਰ ਚੀਮਾ, ਜਸਪ੍ਰੀਤ ਕੌਰ ਅਮਲਤਾਸ, ਹਰਲੀਨ ਸੋਨਾ, ਖੁਸ਼ਬੀਰ ਕੌਰ ਢਿੱਲੋਂ, ਗੁਰਵੀਰ ਅਤਫ, ਚਰਨਜੀਤ ਜੋਤ, ਹਰਸ਼ਵਿੰਦਰ ਕੌਰ, ਮਨਿੰਦਰ ਕੌਰ ਮਨ, ਸੀਮਾ ਜਿੰਦਲ, ਅਨੰਤ ਗਿੱਲ, ਬਲਵੀਰ ਕੌਰ ਪੰਧੇਰ ਅਤੇ ਜਸ਼ਨਪ੍ਰੀਤ ਕੌਰ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਔਰਤ ਦੀ ਬਰਾਬਰੀ ਤੇ ਮਹੱਤਤਾ ਨੂੰ ਦਰਸਾਉਂਦੀਆਂ ਭਾਵਨਾਵਾਂ ਅਤੇ ਅਹਿਸਾਸਾਂ ਦੀ ਪੇਸ਼ਕਾਰੀ ਕੀਤੀ। ਕਵਿਤਾਵਾਂ ਇਕ ਤੋਂ ਇਕ ਵੱਧ ਕੇ ਸਨ, ਜਿਨ੍ਹਾਂ ਦਾ ਸਰੋਤਿਆਂ ਨੇ ਭਰਪੂਰ ਆਨੰਦ ਮਾਣਿਆ। ਐਸ. ਡੀ. ਕਾਲਜ ਮਾਨਸਾ ਦੀਆਂ ਵਿਦਿਆਰਥਣਾਂ ਹਰਮਨ ਕੌਰ ਤੇ ਹਰਮਨ ਦੇਵੀ ਨੇ ਆਪਣੀਆਂ ਕਵਿਤਾਵਾਂ ਸਾਂਝੀਆਂ ਕੀਤੀਆਂ। ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਸ਼ਾ ਵਿਭਾਗ ਵਿਭਾਗ ਦੇ ਡਾਇਰੈਕਟਰ ਤੇ ਉੱਘੇ ਕਵੀ ਜਸਵੰਤ ਸਿੰਘ ਜ਼ਫਰ ਨੇ ਕਿਹਾ ਕਿ ਦੁਨੀਆ ਦੀ ਖ਼ੂਬਸੂਰਤੀ 'ਚ ਔਰਤ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਦੱਸਿਆ ਕਿ ਔਰਤ ਹੋਣ ਦੇ ਅਰਥਾਂ ਨੂੰ ਸਮਝਣ ਤੇ ਮਹਿਸੂਸ ਕਰਨ ਲਈ ਇਹ ਸਮਾਗਮ ਨੂੰ ਉਲੀਕਿਆ ਗਿਆ ਹੈ। ਸ. ਜ਼ਫਰ ਨੇ ਆਪਣੀਆਂ ਚੋਣਵੀਆਂ ਕਵਿਤਾਵਾਂ ਦਾ ਪਾਠ ਵੀ ਕੀਤਾ। ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ, ਖੋਜ ਅਫ਼ਸਰ ਤੇ ਸ਼ਾਇਰ ਗੁਰਪ੍ਰੀਤ ਨੇ ਵਿਭਾਗ ਦੇ ਕਾਰਜਾਂ ਦੀ ਚਰਚਾ ਦੇ ਨਾਲ ਰਚਨਾਵਾਂ ਸੁਣਾ ਕੇ ਵਾਹ-ਵਾਹ ਖੱਟੀ। ਇਸ ਮੌਕੇ ਵਿਭਾਗ ਦੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਮਨਜੀਤ ਕੌਰ ਔਲਖ, ਪ੍ਰਿੰਸੀਪਲ ਗਰਿਮਾ ਮਹਾਜਨ, ਪ੍ਰੋ. ਸੁਪਨਦੀਪ ਕੌਰ, ਡਾ. ਰਾਜਨਦੀਪ ਕੌਰ ਬੁਢਲਾਡਾ, ਡਾ. ਬਲਜੀਤ ਕੌਰ, ਪ੍ਰੋ. ਅਜਮੀਤ ਕੌਰ, ਪਰਮਜੀਤ ਕੌਰ, ਦੇਬਾ ਸਮਿਤਾ, ਸਨੋਅ ਸਾਦਗੀ, ਸੁਰਮੇਲ ਕੌਰ, ਕੁਲਦੀਪ ਸਿੰਘ ਚੌਹਾਨ, ਲਖਵਿੰਦਰ ਸਿੰਘ ਮੂਸਾ, ਰਾਜ ਜੋਸ਼ੀ, ਹਰਦੀਪ ਸਿੰਘ ਸਿੱਧੂ, ਭੁਪਿੰਦਰ ਫ਼ੌਜੀ, ਸੁਖਵਿੰਦਰ, ਅਰਵਿੰਦਰ ਇਬਾਦਤ, ਹਰਜੀਵਨ ਸਿੰਘ ਸਰਾਂ, ਡਾ. ਰੀਟਾ, ਗਗਨਦੀਪ ਕੌਰ, ਅਮਨਪ੍ਰੀਤ ਕੌਰ, ਹਰਜਿੰਦਰ ਸਿੰਘ ਅਨੂਪਗੜ੍ਹ, ਜਗਤਾਰ ਔਲਖ ਆਦਿ ਹਾਜ਼ਰ ਸਨ।

ਰਾਜ ਪੱਧਰੀ ਕਵੀ ਦਰਬਾਰ 'ਚ ਪ੍ਰੋ. ਨੀਤੂ, ਜਸਪ੍ਰੀਤ ਫਲਕ, ਸੰਦੀਪ ਕੌਰ ਚੀਮਾ, ਸਿਮਰਨ ਅਕਸ, ਖੁਸ਼ਵੀਰ ਕੌਰ ਭੁੱਲਰ, ਜਸ਼ਨਪ੍ਰੀਤ ਕੌਰ (ਹੇਠਾਂ) ਬਲਵੀਰ ਕੌਰ ਪੰਧੇਰ, ਗੁਰਵੀਰ ਅਤਫ, ਸੀਮਾ ਜਿੰਦਲ, ਤੇਜਿੰਦਰ ਕੌਰ ਰਚਨਾਵਾਂ ਪੇਸ਼ ਕਰਦੇ ਹੋਏ ਅਤੇ ਸ਼ਾਇਰ ਗੁਰਪ੍ਰੀਤ ਤੇ ਜਸਵੰਤ ਸਿੰਘ ਜ਼ਫਰ ਵਿਚਾਰ ਸਾਂਝੇ ਕਰਨ ਮੌਕੇ। ਤਸਵੀਰਾਂ : ਸੇਮੀ ਮਾਨਸਾ

ਅਜੀਤ 11-Mar-2025 Page: 8
http://epaper.ajitjalandhar.com/edition/20250311/24/8.cms



# ਭਾਸ਼ਾ ਵਿਭਾਗ ਵੱਲੋਂ ਮਹਿਲਾ ਦਿਵਸ ਨੂੰ ਸਮਰਪਿਤ ਕਵੀ ਦਰਬਾਰ

ਮਾਨਸਾ ਵਿੱਚ ਕਵੀ ਦਰਬਾਰ ਦੌਰਾਨ ਸੰਬੋਧਨ ਕਰਦਾ ਹੋਇਆ ਬੁਲਾਰਾ। -ਫੋਟੋ: ਸੁਰੇਸ਼

**ਕਵੀਆਂ ਨੇ ਕਵਿਤਾਵਾਂ ਨਾਲ ਰੰਗ ਬੰਨ੍ਹਿਆ; ਪੁਸਤਕ ਪ੍ਰਦਰਸ਼ਨੀ ਲਾਈ**

ਜੋਗਿੰਦਰ ਸਿੰਘ ਮਾਨ

ਮਾਨਸਾ, 10 ਮਾਰਚ

ਭਾਸ਼ਾ ਵਿਭਾਗ ਪੰਜਾਬ ਵੱਲੋਂ ਜ਼ਿਲ੍ਹਾ ਦਫ਼ਤਰ ਵਿੱਚ ਕੌਮਾਂਤਰੀ ਔਰਤ ਦਿਵਸ ਨੂੰ ਸਮਰਪਿਤ ਰਾਜ ਪੱਧਰੀ ਕਵੀ ਦਰਬਾਰ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫਰ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਵਿਸ਼ਵ ਦੀ ਖੂਬਸੂਰਤੀ ਵਿਚ ਔਰਤ ਦੀ ਅਹਿਮ ਭੂਮਿਕਾ ਹੈ। ਔਰਤ ਹੋਣ ਦੇ ਅਰਥਾਂ ਨੂੰ ਸਮਝਣ ਤੇ ਮਹਿਸੂਸ ਕਰਨ ਲਈ ਅੱਜ ਦੇ ਸਮਾਗਮ ਨੂੰ ਉਲੀਕਿਆ ਗਿਆ ਹੈ। ਕਵੀ ਦਰਬਾਰ ਵਿਚ ਪ੍ਰੋ. ਨੀਤੂ, ਜੋਗਿੰਦਰ ਨੂਰਮੀਤ, ਸਿਮਰਨ ਅਕਸ, ਜਸਪ੍ਰੀਤ ਅਮਲਤਾਸ, ਜਸਪ੍ਰੀਤ ਫ਼ਲਕ, ਹਰਲੀਨ ਸੋਨਾ, ਖੁਸ਼ਬੀਰ ਕੌਰ ਢਿੱਲੋਂ, ਗੁਰਵੀਰ ਅਤਫ਼, ਚਰਨਜੀਤ ਜੋਤ, ਹਰਸ਼ਵਿੰਦਰ ਕੌਰ, ਮਨਿੰਦਰ ਕੌਰ ਮਨ, ਸੰਦੀਪ ਕੌਰ ਚੀਮਾ, ਸੀਮਾ ਜਿੰਦਲ, ਅਨੰਤ ਗਿੱਲ, ਤੇਜਿੰਦਰ ਕੌਰ, ਬਲਵੀਰ ਕੌਰ ਪੰਧੇਰ ਅਤੇ ਜਸ਼ਨਪ੍ਰੀਤ ਕੌਰ ਨੇ ਆਪਣੀਆਂ ਕਵਿਤਾਵਾਂ ਸੁਣਾਉਂਦਿਆਂ ਔਰਤ ਦੀ ਬਰਾਬਰੀ ਅਤੇ ਮਹੱਤਤਾ ਨੂੰ ਦਰਸਾਉਂਦੀਆਂ ਭਾਵਨਾਵਾਂ ਅਤੇ ਅਹਿਸਾਸਾਂ ਦੀ ਪੇਸ਼ਕਾਰੀ ਕੀਤੀ। ਇਸ ਮੌਕੇ ਸਥਾਨਕ ਐੱਸਡੀ ਕਾਲਜ ਦੀਆਂ ਦੋ ਵਿਦਿਆਰਥਣਾਂ ਹਰਮਨ ਕੌਰ ਅਤੇ ਹਰਮਨ ਦੇਵੀ ਨੇ ਆਪਣੀਆਂ ਲਿਖੀਆਂ ਕਵਿਤਾਵਾਂ ਸੁਣਾਈਆਂ। ਕਵੀ ਦਰਬਾਰ ਵਿਚ ਸੌ ਤੋਂ ਵੱਧ ਸਰੋਤਿਆਂ ਨੇ ਕਵੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਕਵੀ ਦਰਬਾਰ ਦਾ ਸੰਚਾਲਨ ਵਿਭਾਗ ਦੇ ਖੋਜ ਅਫ਼ਸਰ ਤੇ ਕਵੀ ਗੁਰਪ੍ਰੀਤ ਸਿੰਘ ਨੇ ਕੀਤਾ। ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਨੇ ਵਿਭਾਗ ਦੀ ਕਾਰਜਾਂ ਅਤੇ ਸਕੀਮਾਂ ਸਬੰਧੀ ਜਾਣਕਾਰੀ ਦਿੱਤੀ। ਕਵੀਆਂ ਦਾ ਵਿਭਾਗ ਵਲੋਂ ਲੋਈਆਂ ਅਤੇ ਸ਼ਾਲਾਂ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਭਾਸ਼ਾ ਵਿਭਾਗ ਨੇ ਆਪਣੀਆਂ ਕੀਮਤੀ ਕਿਤਾਬਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਮੌਕੇ ਅਮਰਿੰਦਰ ਸਿੰਘ, ਮਨਜੀਤ ਕੌਰ ਔਲਖ, ਗਰਿਮਾ ਮਹਾਜਨ, ਡਾ. ਸੁਪਨਦੀਪ ਕੌਰ, ਰਾਜਨਦੀਪ ਕੌਰ, ਡਾ. ਬਲਜੀਤ ਕੌਰ, ਡਾ. ਅਜਮੀਤ ਕੌਰ, ਪਰਮਜੀਤ ਕੌਰ, ਦੇਬਾ ਸਮਿਤਾ, ਸਨੋਅ ਸਾਦਗੀ, ਸੁਰਮੇਲ ਕੌਰ, ਡਾ.ਰੀਟਾ, ਬਲਵਿੰਦਰ ਧਾਲੀਵਾਲ, ਕੁਲਦੀਪ ਚੌਹਾਨ, ਲਖਵਿੰਦਰ ਮੂਸਾ, ਸੁਖਵਿੰਦਰ, ਹਰਵਿੰਦਰ ਭੀਖੀ, ਅਰਵਿੰਦਰ ਇਬਾਦਤ, ਹਰਜੀਵਨ ਸਰਾਂ, ਗਗਨਦੀਪ ਕੌਰ, ਅਮਨਪ੍ਰੀਤ ਕੌਰ, ਹਰਜਿੰਦਰ ਅਨੂਪਗੜ੍ਹ ਤੇ ਜਗਤਾਰ ਔਲਖ ਵੀ ਮੌਜੂਦ ਸਨ।


ਇਸ ਕਵੀ ਦਰਬਾਰ ਵਿਚ ਪ੍ਰੋ. ਨੀਤੂ, ਜੋਗਿੰਦਰ ਨੂਰਮੀਤ, ਸਿਮਰਨ ਅਕਸ, ਜਸਪ੍ਰੀਤ ਅਮਲਤਾਸ, ਜਸਪ੍ਰੀਤ ਫ਼ਲਕ, ਹਰਲੀਨ ਸੋਨਾ, ਖੁਸ਼ਬੀਰ ਕੌਰ ਢਿੱਲੋਂ, ਗੁਰਵੀਰ ਅਤਫ਼, ਚਰਨਜੀਤ ਜੋਤ, ਹਰਸ਼ਵਿੰਦਰ ਕੌਰ, ਮਨਿੰਦਰ ਕੌਰ ਮਨ, ਸੰਦੀਪ ਕੌਰ ਚੀਮਾ, ਸੀਮਾ ਜਿੰਦਲ, ਅਨੰਤ ਗਿੱਲ, ਤੇਜਿੰਦਰ ਕੌਰ, ਬਲਵੀਰ ਕੌਰ ਪੰਧੇਰ ਅਤੇ ਜਸ਼ਨਪ੍ਰੀਤ ਕੌਰ ਨੇ ਆਪਣੀਆਂ ਕਵਿਤਾਵਾਂ ਸੁਣਾਉਂਦਿਆਂ ਔਰਤ ਦੀ ਬਰਾਬਰੀ ਅਤੇ ਸਮਾਜ 'ਚ ਅਹਿਮੀਅਤ ਨੂੰ ਦਰਸਾਉਂਦੀਆਂ ਭਾਵਨਾਵਾਂ ਅਤੇ ਅਹਿਸਾਸਾਂ ਦੀ ਪੇਸ਼ਕਾਰੀ ਕੀਤੀ। ਇਸ ਮੌਕੇ ਸਥਾਨਕ ਐਸ. ਡੀ. ਕਾਲਜ ਦੀਆਂ ਦੋ ਵਿਦਿਆਰਥਣਾਂ ਹਰਮਨ ਕੌਰ ਅਤੇ ਹਰਮਨ ਦੇਵੀ ਨੇ ਆਪਣੀਆਂ ਲਿਖੀਆਂ ਕਵਿਤਾਵਾਂ ਸੁਣਾਈਆਂ। ਇਸ ਕਵੀ ਦਰਬਾਰ ਵਿਚ ਵੱਡੀ ਗਿਣਤੀ 'ਚ ਸਰੋਤਿਆਂ ਨੇ ਸ਼ਮੂਲੀਅਤ ਕੀਤੀ ਅਤੇ ਕਵਿੱਤਰੀਆਂ ਨੂੰ ਦਾਦ ਦਿੱਤੀ ਤੇ ਭਾਵੁਕ ਹੋ ਕੇ ਅਨੇਕ ਵਾਰ ਭਰੀਆਂ ਅੱਖਾਂ ਨੂੰ ਵੀ ਸੰਭਾਲਿਆ। ਇਸ ਕਵੀ ਦਰਬਾਰ ਦਾ ਸੰਚਾਲਨ ਵਿਭਾਗ ਦੇ ਖੋਜ ਅਫ਼ਸਰ ਤੇ ਕਵੀ ਗੁਰਪ੍ਰੀਤ ਮਾਨਸਾ ਨੇ ਕੀਤਾ। ਮਹਿਮਾਨਾਂ ਦਾ ਸਵਾਗਤ ਕਰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਨੇ ਵਿਭਾਗ ਦੇ ਕਾਰਜਾਂ ਅਤੇ ਸਕੀਮਾਂ ਸਬੰਧੀ ਜਾਣਕਾਰੀ ਦਿੱਤੀ। ਕਵੀਆਂ ਦਾ ਵਿਭਾਗ ਵੱਲੋਂ ਸ਼ਾਲਾਂ ਨਾਲ ਸਨਮਾਨ ਕੀਤਾ ਗਿਆ।

ਇਸ ਮੌਕੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਅਦਾਕਾਰਾ ਮਨਜੀਤ ਕੌਰ ਔਲਖ, ਪ੍ਰਿੰਸੀਪਲ ਗਰਿਮਾ ਮਹਾਜਨ, ਪ੍ਰੋ. ਸੁਪਨਦੀਪ ਕੌਰ, ਪ੍ਰੋ. ਰਾਜਨਦੀਪ ਕੌਰ, ਪ੍ਰੋ. ਬਲਜੀਤ ਕੌਰ, ਪ੍ਰੋ. ਅਜਮੀਤ ਕੌਰ, ਪਰਮਜੀਤ ਕੌਰ, ਦੇਬਾ ਸਮਿਤਾ, ਸਨੋਅ ਸਾਦਗੀ, ਸੁਰਮੇਲ ਕੌਰ, ਡਾ. ਰੀਟਾ, ਬਲਵਿੰਦਰ ਧਾਲੀਵਾਲ, ਕੁਲਦੀਪ ਚੌਹਾਨ, ਲਖਵਿੰਦਰ ਮੂਸਾ, ਰਾਜ ਜੋਸ਼ੀ, ਹਰਦੀਪ ਸਿੱਧੂ, ਭੁਪਿੰਦਰ ਫ਼ੌਜੀ, ਸੁਖਵਿੰਦਰ, ਹਰਵਿੰਦਰ ਭੀਖੀ, ਅਰਵਿੰਦਰ ਇਬਾਦਤ, ਹਰਜੀਵਨ ਸਰਾਂ, ਗਗਨਦੀਪ ਕੌਰ, ਅਮਨਪ੍ਰੀਤ ਕੌਰ, ਹਰਜਿੰਦਰ ਅਨੂਪਗੜ੍ਹ, ਜਗਤਾਰ ਔਲਖ ਸਮੇਤ ਬਹੁਤ ਸਾਰੇ ਸਾਹਿਤ ਪ੍ਰੇਮੀ ਮੌਜੂਦ ਸਨ। ਇਸ ਅਵਸਰ 'ਤੇ ਭਾਸ਼ਾ ਵਿਭਾਗ ਨੇ ਆਪਣੀਆਂ ਵੱਡਮੁੱਲੀਆਂ ਕਿਤਾਬਾਂ ਦੀ ਪ੍ਰਦਰਸ਼ਨੀ ਵੀ ਲਗਾਈ।

## ਡਾ. ਸੁਰਜੀਤ ਪਾਤਰ ਯੁਵਾ ਸਾਹਿਤ ਪੁਰਸਕਾਰ

# ਪੁਰਸਕਾਰ ਵਿੱਚ ਇਕ ਲੱਖ ਰੁਪਏ ਨਕਦ, ਸਨਮਾਨ ਚਿੰਨ੍ਹ ਤੇ ਸ਼ਾਲ ਹੋਵੇਗਾ ਸ਼ਾਮਲ


ਭਾਸ਼ਾ ਵਿਭਾਗ, ਪੰਜਾਬ ਵੱਲੋਂ ਡਾ. ਸੁਰਜੀਤ ਪਾਤਰ ਯੁਵਾ ਸਾਹਿਤ ਪੁਰਸਕਾਰ ਲਈ ਪੁਸਤਕਾਂ ਦੀ ਮੰਗ ਕੀਤੀ ਗਈ ਹੈ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਨਵੰਬਰ ਮਹੀਨੇ ਮਨਾਏ ਜਾਣ ਵਾਲੇ ਪੰਜਾਬੀ ਮਾਹ ਦੌਰਾਨ ਉਕਤ ਪੁਰਸਕਾਰ ਵਿਜੇਤਾ ਨੂੰ ਪ੍ਰਦਾਨ ਕੀਤਾ ਜਾਵੇਗਾ। ਇਸ ਪੁਰਸਕਾਰ ਵਿੱਚ ਇਕ ਲੱਖ ਰੁਪਏ ਨਕਦ, ਇਕ ਸਨਮਾਨ ਚਿੰਨ੍ਹ, ਸ਼ਾਲ ਆਦਿ ਦਿੱਤੇ ਜਾਣਗੇ। ਉਕਤ ਪੁਰਸਕਾਰ ਲਈ 01 ਜਨਵਰੀ, 2024 ਤੋਂ 31 ਦਸੰਬਰ, 2024 ਤੱਕ ਛਪੀਆਂ ਪੰਜਾਬੀ ਭਾਸ਼ਾ ਦੀਆਂ ਕਿਸੇ ਵੀ ਵੰਨਗੀ ਦੀਆਂ ਪੁਸਤਕਾਂ ਦੀਆਂ ਚਾਰ ਪੁਸਤਕਾਂ ਬਿਨੈਪੱਤਰ ਸਮੇਤ ਦਸਤੀ ਜਾਂ ਡਾਕ ਰਾਹੀਂ ਭਾਸ਼ਾ ਵਿਭਾਗ ਦੇ ਮੁੱਖ ਦਫ਼ਤਰ, ਭਾਸ਼ਾ ਭਵਨ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ 30 ਅਪ੍ਰੈਲ, 2025 ਤੱਕ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਹਨ। ਸ. ਜ਼ਫ਼ਰ ਨੇ ਦੱਸਿਆ ਕਿ ਇਸ ਪੁਰਸਕਾਰ ਲਈ ਸਰਕਾਰ ਵੱਲੋਂ ਬਣਾਏ ਗਏ ਨਿਯਮ ਤਹਿਤ ਇਹ ਪੁਰਸਕਾਰ ਮੁਕਾਬਲੇ ਦੇ ਆਧਾਰ ਤੇ ਦਿੱਤਾ ਜਾਵੇਗਾ। ਮੁਕਾਬਲੇ ਵਿਚ ਭਾਗ ਲੈਣ ਲਈ ਕੇਵਲ ਉਹ ਪੁਸਤਕ ਹੀ ਸ਼ਾਮਲ ਕੀਤੀ ਜਾ ਸਕੇਗੀ ਜੋ ਅਧਿਸੂਚਿਤ ਸਮੇਂ/ਸਾਲ ਦੌਰਾਨ ਪ੍ਰਕਾਸ਼ਿਤ ਹੋਈ ਹੋਵੇ। ਕਿਸੇ ਵੀ ਵਿਧਾ ਦੀ ਪੰਜਾਬੀ 'ਚ ਪੁਸਤਕ



ਲਿਖਣ ਵਾਲਾ ਵਿਦਿਆਰਥੀ ਇਸ ਪੁਰਸਕਾਰ ਲਈ ਦਾਅਵੇਦਾਰ ਹੋ ਸਕਦਾ ਹੈ। ਵਿਦਿਆਰਥੀ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਰਹਿੰਦਾ ਅਤੇ ਪੜ੍ਹਦਾ ਹੋ ਸਕਦਾ ਹੈ। ਕਿਸੇ ਵੀ ਸਕੂਲ/ਕਾਲਜ/ਯੂਨੀਵਰਸਿਟੀ ਦਾ ਵਿਦਿਆਰਥੀ ਜਿਸ ਦੀ ਉਮਰ 25 ਸਾਲ ਤੋਂ ਘੱਟ ਹੋਵੇ, ਆਪਣੀ ਐਂਟਰੀ ਭੇਜ ਸਕਦਾ ਹੈ। ਸਕੂਲ/ਕਾਲਜ ਦਾ ਪ੍ਰਿੰਸੀਪਲ/ਯੂਨੀਵਰਸਿਟੀ ਦੇ ਵਿਭਾਗ ਦਾ ਮੁਖੀ ਬਿਨੈ-ਪੱਤਰ ਦੇਣ ਵਾਲੇ ਵਿਦਿਆਰਥੀ ਦੀ ਪੁਸਤਕ ਦੀ ਮੌਲਿਕਤਾ ਸਬੰਧੀ ਸਰਟੀਫਿਕੇਟ ਦੇਵੇਗਾ। ਭਾਸ਼ਾ ਵਿਭਾਗ ਯਕੀਨੀ ਬਣਾਏਗਾ ਕਿ ਅਜਿਹੀਆਂ ਪੁਸਤਕਾਂ ਨੂੰ ਮੁਕਾਬਲੇ ਵਿਚ ਸ਼ਾਮਲ ਨਾ ਕੀਤਾ ਜਾਵੇ ਜਿਸ ਵਿਚ ਕੋਈ ਇਤਰਾਜ਼ਯੋਗ ਸਮੱਗਰੀ ਹੋਵੇ। ਆਮ ਤੌਰ ਤੇ ਮੁਲਾਂਕਣ ਤਿੰਨ ਵਿਦਵਾਨਾਂ ਤੋਂ ਕਰਵਾਇਆ ਜਾਵੇਗਾ ਪਰ ਲੋੜ ਪੈਣ ਤੇ ਡਾਇਰੈਕਟਰ, ਭਾਸ਼ਾ ਵਿਭਾਗ ਨੂੰ ਅਧਿਕਾਰ ਹੋਵੇਗਾ ਕਿ ਉਹ ਚੌਥਾ ਮੁਲਾਂਕਣਕਰਤਾ ਨਿਯੁਕਤ ਕਰ ਸਕਦਾ ਹੈ। ਇਨ੍ਹਾਂ ਨਿਯਮਾਂ ਵਿੱਚ ਕਿਸੇ ਵੀ ਸਮੇਂ ਤਬਦੀਲੀ ਕਰਨ ਸਬੰਧੀ ਸਰਕਾਰ ਦੇ ਹੱਕ ਰਾਖਵੇਂ ਹੋਣਗੇ। ਉਕਤ ਪੁਰਸਕਾਰ ਲਈ ਬਿਨੈ-ਪੱਤਰ ਦਾ ਪ੍ਰੋਫਾਰਮਾ ਵਿਭਾਗ ਦੀ ਵੈੱਬਸਾਈਟ www.bhashavibhagpunjab.org ਜਾਂ ਫੇਸਬੁੱਕ ਤੋਂ ਪ੍ਰਾਪਤ (ਡਾਊਨਲੋਡ) ਕੀਤਾ ਸਕਦਾ ਹੈ।

ਨਾਵਲ 'ਤੇਰੇ ਲਈ'

# ਭਾਸ਼ਾ ਵਿਭਾਗ ਦੀ ਪੁਸਤਕ ਨੂੰ ਮਿਲਿਆ ਕੌਮੀ ਸਨਮਾਨ
# 'ਤੇਰੇ ਲਈ' ਪੁਸਤਕ ਨੇ ਜਿੱਤਿਆ ਸਾਹਿਤ ਅਕਾਦਮੀ ਪੁਰਸਕਾਰ




ਭਾਸ਼ਾ ਵਿਭਾਗ, ਪੰਜਾਬ ਦੀ ਪੁਸਤਕ 'ਤੇਰੇ ਲਈ' ਨੂੰ ਭਾਰਤੀ ਸਾਹਿਤ ਅਕਾਦਮੀ ਵੱਲੋਂ ਅਨੁਵਾਦ ਦੇ ਖੇਤਰ ਦੀ ਸਰਵੋਤਮ ਪੁਸਤਕ ਵਜੋਂ ਪੁਰਸਕਾਰ ਦਿੱਤਾ ਗਿਆ ਹੈ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਹਿੰਦੀ ਦੇ ਆਧੁਨਿਕ ਤੇ ਸਿਰਮੌਰ ਲੇਖਕ ਹਿਮਾਂਸ਼ੂ ਜੋਸ਼ੀ ਦੁਆਰਾ ਲਿਖੇ ਹੋਏ ਹਿੰਦੀ ਨਾਵਲ 'ਤੁਮਾਰੇ ਲੀਏ' ਦਾ ਸ੍ਰੀਮਤੀ ਚੰਦਨ ਨੇਗੀ ਕੋਲੋਂ ਅਨੁਵਾਦ ਕਰਵਾਕੇ ਭਾਸ਼ਾ ਵਿਭਾਗ ਵੱਲੋਂ ਛਾਪਿਆ ਗਿਆ ਹੈ। ਇਸ ਪੁਸਤਕ ਨੂੰ ਬਿਹਤਰੀਨ ਅਨੁਵਾਦਿਤ ਪੁਰਸਕਾਰ ਮਿਲਣਾ ਭਾਸ਼ਾ ਵਿਭਾਗ ਤੇ ਅਨੁਵਾਦ ਕਰਤਾ ਚੰਦਨ ਨੇਗੀ ਦੀ ਵੱਡੀ ਪ੍ਰਾਪਤੀ ਹੈ। ਉਨ੍ਹਾਂ ਵਿਭਾਗ ਦੀ ਟੀਮ ਅਤੇ ਸ੍ਰੀਮਤੀ ਨੇਗੀ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਹੈ। ਅਨੁਵਾਦ ਦੇ ਮਿਆਰ ਦੀ ਸ਼ਲਾਘਾ ਕਰਦਿਆਂ ਸ. ਜ਼ਫ਼ਰ ਨੇ ਕਿਹਾ ਕਿ ਉਕਤ ਨਾਵਲ ਦੇ ਪੰਜਾਬੀ ਰੂਪ 'ਚ ਵੀ ਮੂਲ ਰਚਨਾ ਵਾਲਾ ਪ੍ਰਭਾਵ ਤੇ ਰਵਾਨਗੀ ਹੈ। ਇਹ ਨਾਵਲ ਮੱਧ ਵਰਗੀ ਸਮਾਜ ਦੇ ਜੀਵਨ ਦੀਆਂ ਦੁਸ਼ਵਾਰੀਆਂ ਦੀ ਯਥਾਰਥਕ ਤਸਵੀਰ ਪੇਸ਼ ਕਰਦਾ ਹੈ। ਇਸੇ ਕਰਕੇ ਭਾਸ਼ਾ ਵਿਭਾਗ ਨੇ ਪਾਠਕਾਂ ਨੂੰ ਮਿਆਰੀ ਸਾਹਿਤ ਦੇ ਰੂਬਰੂ ਕਰਨ ਦੇ ਮਨਸੂਬੇ ਤਹਿਤ ਇਸ ਨਾਵਲ ਦੀ ਅਨੁਵਾਦ ਲਈ ਚੋਣ ਕੀਤੀ। ਦੱਸਣਯੋਗ ਹੈ ਕਿ ਸ੍ਰੀਮਤੀ ਨੇਗੀ ਵਿਭਾਗ ਲਈ ਡੋਗਰੀ ਕੋਸ਼ ਵੀ ਤਿਆਰ ਕਰ ਚੁੱਕੇ ਹਨ। ਜੋ ਕੁਝ ਮਹੀਨੇ ਪਹਿਲਾ ਲੋਕ ਅਰਪਣ ਕੀਤਾ ਗਿਆ ਹੈ ਅਤੇ ਵਿਭਾਗ ਦੀ ਵੈੱਬਸਾਈਟ 'ਤੇ ਵੀ ਉਪਲਬਧ ਹੈ।



## ਭਾਸ਼ਾ ਵਿਭਾਗ ਦੀ ਪੁਸਤਕ ਨੂੰ ਮਿਲਿਆ ਕੌਮੀ ਸਨਮਾਨ

### 'ਤੇਰੇ ਲਈ' ਪੁਸਤਕ ਨੂੰ ਮਿਲਿਆ ਸਾਹਿਤ ਅਕਾਦਮੀ ਪੁਰਸਕਾਰ

ਪਟਿਆਲਾ, 13 ਮਾਰਚ (ਗੁਰਵਿੰਦਰ ਸਿੰਘ ਔਲਖ)-ਭਾਸ਼ਾ ਵਿਭਾਗ ਪੰਜਾਬ ਦੀ ਪੁਸਤਕ 'ਤੇਰੇ ਲਈ' ਨੂੰ ਭਾਰਤੀ ਸਾਹਿਤ ਅਕਾਦਮੀ ਵਲੋਂ ਅਨੁਵਾਦ ਦੇ ਖੇਤਰ ਦੀ ਸਰਵੋਤਮ ਪੁਸਤਕ ਵਜੋਂ ਪੁਰਸਕਾਰ ਦਿੱਤਾ ਗਿਆ ਹੈ। ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਹਿੰਦੀ ਦੇ ਆਧੁਨਿਕ ਤੇ ਸਿਰਮੌਰ ਲੇਖਕ ਹਿਮਾਂਸ਼ੂ ਜੋਸ਼ੀ ਦੁਆਰਾ ਲਿਖੇ ਹੋਏ ਹਿੰਦੀ ਨਾਵਲ 'ਤੁਮਾਰੇ ਲੀਏ' ਦਾ ਸ੍ਰੀਮਤੀ ਚੰਦਨ ਨੇਗੀ ਕੋਲੋਂ ਅਨੁਵਾਦ ਕਰਵਾਕੇ ਭਾਸ਼ਾ ਵਿਭਾਗ ਵਲੋਂ ਛਾਪਿਆ ਗਿਆ ਹੈ। ਇਸ ਪੁਸਤਕ ਨੂੰ ਬਿਹਤਰੀਨ ਅਨੁਵਾਦਿਤ ਪੁਰਸਕਾਰ ਮਿਲਣਾ ਭਾਸ਼ਾ ਵਿਭਾਗ ਤੇ ਅਨੁਵਾਦ ਕਰਤਾ ਚੰਦਨ ਨੇਗੀ ਦੀ ਵੱਡੀ ਪ੍ਰਾਪਤੀ ਹੈ। ਉਨ੍ਹਾਂ ਵਿਭਾਗ ਦੀ ਟੀਮ ਤੇ ਸ੍ਰੀਮਤੀ ਨੇਗੀ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਹੈ। ਅਨੁਵਾਦ ਦੇ ਮਿਆਰ ਦੀ ਸ਼ਲਾਘਾ ਕਰਦਿਆਂ ਸ. ਜ਼ਫ਼ਰ ਨੇ ਕਿਹਾ ਕਿ ਉਕਤ ਨਾਵਲ ਦੇ ਪੰਜਾਬੀ ਰੂਪ 'ਚ ਵੀ ਮੂਲ ਰਚਨਾ ਵਾਲਾ ਪ੍ਰਭਾਵ ਤੇ ਰਵਾਨਗੀ ਹੈ। ਇਹ ਨਾਵਲ ਮੱਧ ਵਰਗੀ ਸਮਾਜ ਦੇ ਜੀਵਨ ਦੀਆਂ ਦੁਸ਼ਵਾਰੀਆਂ ਦੀ ਯਥਾਰਥਕ ਤਸਵੀਰ ਪੇਸ਼ ਕਰਦਾ ਹੈ। ਇਸੇ ਕਰਕੇ ਭਾਸ਼ਾ ਵਿਭਾਗ ਨੇ ਪਾਠਕਾਂ ਨੂੰ ਮਿਆਰੀ ਸਾਹਿਤ ਦੇ ਰੂਬਰੂ ਕਰਨ ਦੇ ਮਨਸੂਬੇ ਤਹਿਤ ਇਸ ਨਾਵਲ ਦੀ ਅਨੁਵਾਦ ਲਈ ਚੋਣ ਕੀਤੀ। ਦੱਸਣਯੋਗ ਹੈ ਕਿ ਸ੍ਰੀਮਤੀ ਨੇਗੀ ਵਿਭਾਗ ਲਈ ਡੋਗਰੀ ਕੋਸ਼ ਵੀ ਤਿਆਰ ਕਰ ਚੁੱਕੇ ਹਨ, ਜੋ ਕੁਝ ਮਹੀਨੇ ਪਹਿਲਾ ਲੋਕ ਅਰਪਣ ਕੀਤਾ ਗਿਆ ਹੈ ਤੇ ਵਿਭਾਗ ਦੀ ਵੈੱਬਸਾਈਟ 'ਤੇ ਵੀ ਉਪਲੱਬਧ ਹੈ।

ਪੁਸਤਕ 'ਤੇਰੇ ਲੀਏ' ਦਾ ਸਰਵਰਕ



## ਭਾਸ਼ਾ ਵਿਭਾਗ ਦੀ ਪੁਸਤਕ ਨੂੰ ਮਿਲਿਆ ਕੌਮੀ ਸਨਮਾਨ

ਪੱਤਰ ਪ੍ਰੇਰਕ, ਪਟਿਆਲਾ : ਭਾਸ਼ਾ ਵਿਭਾਗ ਪੰਜਾਬ ਦੀ ਪੁਸਤਕ 'ਤੇਰੇ ਲਈ' ਨੂੰ ਭਾਰਤੀ ਸਾਹਿਤ ਅਕਾਦਮੀ ਵੱਲੋਂ ਅਨੁਵਾਦ ਦੇ ਖੇਤਰ ਦੀ ਸਰਬੋਤਮ ਪੁਸਤਕ ਵਜੋਂ ਪੁਰਸਕਾਰ ਦਿੱਤਾ ਗਿਆ ਹੈ। ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਹਿੰਦੀ ਦੇ ਆਧੁਨਿਕ ਤੇ ਸਿਰਮੌਰ ਲੇਖਕ ਹਿਮਾਂਸ਼ੂ ਜੋਸ਼ੀ ਵੱਲੋਂ ਲਿਖੇ ਹੋਏ ਹਿੰਦੀ ਨਾਵਲ 'ਤੁਮਾਰੇ ਲੀਏ' ਦਾ ਚੰਦਨ ਨੇਗੀ ਕੋਲੋਂ ਅਨੁਵਾਦ ਕਰਵਾ ਕੇ ਭਾਸ਼ਾ ਵਿਭਾਗ ਵੱਲੋਂ ਛਾਪਿਆ ਗਿਆ ਹੈ। ਇਸ ਪੁਸਤਕ ਨੂੰ ਬਿਹਤਰੀਨ ਅਨੁਵਾਦਿਤ ਪੁਰਸਕਾਰ ਮਿਲਣਾ ਭਾਸ਼ਾ ਵਿਭਾਗ ਤੇ ਅਨੁਵਾਦ ਕਰਤਾ ਚੰਦਨ ਨੇਗੀ ਦੀ ਵੱਡੀ ਪ੍ਰਾਪਤੀ ਹੈ। ਉਨ੍ਹਾਂ ਵਿਭਾਗ ਦੀ ਟੀਮ ਅਤੇ ਨੇਗੀ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਹੈ। ਅਨੁਵਾਦ ਦੇ ਮਿਆਰ ਦੀ ਸ਼ਲਾਘਾ ਕਰਦਿਆਂ ਜ਼ਫ਼ਰ ਨੇ ਕਿਹਾ ਕਿ ਉਕਤ ਨਾਵਲ ਦੇ ਪੰਜਾਬੀ ਰੂਪ 'ਚ ਵੀ ਮੂਲ ਰਚਨਾ ਵਾਲਾ ਪ੍ਰਭਾਵ ਤੇ ਰਵਾਨਗੀ ਹੈ। ਇਹ ਨਾਵਲ ਮੱਧ ਵਰਗੀ ਸਮਾਜ ਦੇ ਜੀਵਨ ਦੀਆਂ ਦੁਸ਼ਵਾਰੀਆਂ ਦੀ ਯਥਾਰਥਕ ਤਸਵੀਰ ਪੇਸ਼ ਕਰਦਾ ਹੈ। ਇਸੇ ਕਰਕੇ ਭਾਸ਼ਾ ਵਿਭਾਗ ਨੇ ਪਾਠਕਾਂ ਨੂੰ ਮਿਅਰੀ ਸਾਹਿਤ ਦੇ ਰੂਬਰੂ ਕਰਨ ਦੇ ਮਨਸੂਬੇ ਤਹਿਤ ਇਸ ਨਾਵਲ ਦੀ ਅਨੁਵਾਦ ਲਈ ਚੋਣ ਕੀਤੀ।



epaper.sachkahoon.com
14 Mar 2025 - Page 4

## ਭਾਸ਼ਾ ਵਿਭਾਗ ਦੀ ਪੁਸਤਕ ਨੂੰ ਮਿਲਿਆ ਕੌਮੀ ਸਨਮਾਨ

### 'ਤੇਰੇ ਲਈ' ਪੁਸਤਕ ਨੂੰ ਮਿਲਿਆ ਸਾਹਿਤ ਅਕਾਦਮੀ ਪੁਰਸਕਾਰ

- ਇਸੇ ਕਰਕੇ ਭਾਸ਼ਾ ਵਿਭਾਗ ਨੇ ਪਾਠਕਾਂ ਨੂੰ ਮਿਆਰੀ ਸਾਹਿਤ ਦੇ ਰੂਬਰੂ ਕਰਨ ਦੇ ਮਨਸੂਬੇ ਤਹਿਤ ਇਸ ਨਾਵਲ ਦੀ ਅਨੁਵਾਦ ਲਈ ਚੋਣ ਕੀਤੀ

ਖੁਸ਼ਵੀਰ ਸਿੰਘ ਤੂਰ

ਪਟਿਆਲਾ, 13 ਮਾਰਚ। ਭਾਸ਼ਾ ਵਿਭਾਗ ਪੰਜਾਬ ਦੀ ਪੁਸਤਕ 'ਤੇਰੇ ਲਈ' ਨੂੰ ਭਾਰਤੀ ਸਾਹਿਤ ਅਕਾਦਮੀ ਵੱਲੋਂ ਅਨੁਵਾਦ ਦੇ ਖੇਤਰ ਦੀ ਸਰਵੋਤਮ ਪੁਸਤਕ ਵਜੋਂ ਪੁਰਸਕਾਰ ਦਿੱਤਾ ਗਿਆ ਹੈ। ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਹਿੰਦੀ ਦੇ ਆਧੁਨਿਕ ਤੇ ਸਿਰਮੌਰ ਲੇਖਕ ਹਿਮਾਂਸ਼ੂ ਜੋਸ਼ੀ ਵੱਲੋਂ ਲਿਖੇ ਹੋਏ ਹਿੰਦੀ ਨਾਵਲ 'ਤੁਮਾਰੇ ਲੀਏ' ਦਾ ਚੰਦਨ ਨੇਗੀ ਕੋਲੋਂ ਅਨੁਵਾਦ ਕਰਵਾਕੇ ਭਾਸ਼ਾ ਵਿਭਾਗ ਵੱਲੋਂ ਛਾਪਿਆ ਗਿਆ ਹੈ। ਇਸ ਪੁਸਤਕ ਨੂੰ ਬਿਹਤਰੀਨ ਅਨੁਵਾਦਿਤ ਪੁਰਸਕਾਰ ਮਿਲਣਾ ਭਾਸ਼ਾ ਵਿਭਾਗ ਤੇ ਅਨੁਵਾਦ ਕਰਤਾ ਚੰਦਨ ਨੇਗੀ ਦੀ ਵੱਡੀ ਪ੍ਰਾਪਤੀ ਹੈ। ਉਨ੍ਹਾਂ ਵਿਭਾਗ ਦੀ ਟੀਮ ਅਤੇ ਸ੍ਰੀਮਤੀ ਨੇਗੀ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ। ਅਨੁਵਾਦ ਦੇ ਮਿਆਰ ਦੀ ਸ਼ਲਾਘਾ ਕਰਦਿਆਂ ਜ਼ਫ਼ਰ ਨੇ ਕਿਹਾ ਕਿ ਉਕਤ ਨਾਵਲ ਦੇ ਪੰਜਾਬੀ ਰੂਪ 'ਚ ਵੀ ਮੂਲ ਰਚਨਾ ਵਾਲਾ ਪ੍ਰਭਾਵ ਤੇ ਰਵਾਨਗੀ ਹੈ ਇਹ ਨਾਵਲ ਮੱਧ ਵਰਗੀ ਸਮਾਜ ਦੇ ਜੀਵਨ ਦੀਆਂ ਦੁਸ਼ਵਾਰੀਆਂ ਦੀ ਯਥਾਰਥਕ ਤਸਵੀਰ ਪੇਸ਼ ਕਰਦਾ ਹੈ। ਇਸੇ ਕਰਕੇ ਭਾਸ਼ਾ ਵਿਭਾਗ ਨੇ ਪਾਠਕਾਂ ਨੂੰ ਮਿਆਰੀ ਸਾਹਿਤ ਦੇ ਰੂਬਰੂ ਕਰਨ ਦੇ ਮਨਸੂਬੇ ਤਹਿਤ ਇਸ ਨਾਵਲ ਦੀ ਅਨੁਵਾਦ ਲਈ ਚੋਣ ਕੀਤੀ। ਦੱਸਣਯੋਗ ਹੈ ਕਿ ਸ੍ਰੀਮਤੀ ਨੇਗੀ ਵਿਭਾਗ ਲਈ ਡੋਗਰੀ ਕੋਸ਼ ਵੀ ਤਿਆਰ ਕਰ ਚੁੱਕੇ ਹਨ, ਜੋ ਕੁਝ ਮਹੀਨੇ ਪਹਿਲਾਂ ਰਿਲੀਜ਼ ਕੀਤਾ ਗਿਆ ਹੈ ਅਤੇ ਵਿਭਾਗ ਦੀ ਵੈੱਬਸਾਈਟ 'ਤੇ ਵੀ ਉਪਲਬਧ ਹੈ




**ਸੱਭਿਅਕ ਗਾਇਕੀ ਨੂੰ ਹੁਲਾਰਾ**

# ਪੰਜਾਬੀ ਗਾਇਕੀ ਨੂੰ ਹਿੰਸਾ, ਹਥਿਆਰਾਂ, ਨਸ਼ਿਆਂ ਅਤੇ ਜਾਤੀ ਹੈਂਕੜ ਅਧਾਰਤ ਵਿਸ਼ਿਆਂ ਤੋਂ ਮੁਕਤ ਕਰਨ 'ਤੇ ਜ਼ੋਰ

ਭਾਸ਼ਾ ਵਿਭਾਗ, ਪੰਜਾਬ ਦੁਆਰਾ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਅਨੇਕ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਵਿਭਾਗ ਦੁਆਰਾ ਲੁਧਿਆਣਾ ਦੇ ਗੁਰੂ ਨਾਨਕ ਖਾਲਸਾ ਕਾਲਜ ਫਾਰ ਵੂਮੈਨ, ਗੁੱਜਰਖਾਨ ਕੈਂਪਸ, ਮਾਡਲ ਟਾਉਨ ਲੁਧਿਆਣਾ ਵਿਖੇ ਇੱਕ ਸ਼ਾਨਦਾਰ ਸੱਭਿਆਚਾਰਕ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਾਫ਼ ਸੁਥਰੀ ਤੇ ਸੱਭਿਅਕ ਪੰਜਾਬੀ ਗਾਇਕੀ ਦਾ ਝੰਡਾ ਬੁਲੰਦ ਕਰਨ ਵਾਲੇ ਪ੍ਰਸਿੱਧ ਗਾਇਕ/ਗੀਤਕਾਰ ਬੀਰ ਸਿੰਘ ਨੇ ਆਪਣੀ ਕਲਾ ਦਾ ਮੁਜ਼ਾਹਰਾ ਕੀਤਾ। ਸਮਾਗਮ ਵਿੱਚ ਸਾਬਕਾ ਚੇਅਰਮੈਨ ਪੀ.ਐਸ.ਪੀ.ਸੀ.ਐਲ ਸ. ਬਲਦੇਵ ਸਿੰਘ ਸਰਾਂ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਸਮਾਗਮ ਦੀ ਪ੍ਰਧਾਨਗੀ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ ਨੇ ਕੀਤੀ। ਸਮਾਗਮ ਦੀ ਸ਼ੁਰੂਆਤ ਸ਼ਮ੍ਹਾ ਰੌਸ਼ਨ ਦੀ ਰਸਮ ਨਾਲ਼ ਹੋਈ ਜਿਸ ਵਿੱਚ ਸ.ਬਲਦੇਵ ਸਿੰਘ ਸਰਾਂ, ਸ. ਜਸਵੰਤ ਸਿੰਘ ਜ਼ਫ਼ਰ, ਇੰਜ. ਗੁਰਵਿੰਦਰ ਸਿੰਘ ਸਰਨਾ ਸਕੱਤਰ ਕਾਲਜ ਪ੍ਰਬੰਧਕ ਕਮੇਟੀ, ਡਾ. ਮਨੀਤਾ ਕਾਹਲੋਂ ਪ੍ਰਿੰਸੀਪਲ, ਡਾ. ਬਲਵੀਰ ਕੌਰ ਪੰਧੇਰ ਸ਼ਾਮਿਲ ਹੋਏ।

ਸ. ਜਸਵੰਤ ਸਿੰਘ ਜਫ਼ਰ ਨੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਇਸ ਦੌਰ ਵਿੱਚ ਪੰਜਾਬੀ ਗਾਇਕੀ ਨੂੰ ਹਿੰਸਾ, ਹਥਿਆਰ, ਨਸ਼ਿਆਂ ਅਤੇ ਜਾਤੀ ਹੈਂਕੜ ਅਧਾਰਤ ਵਿਸ਼ਿਆਂ ਤੋਂ ਮੁਕਤ ਕਰਨਾ ਵੱਡੀ ਲੋੜ ਹੈ। ਉਨ੍ਹਾਂ ਕਿਹਾ ਬੀਰ ਸਿੰਘ ਦਾ ਇੱਕ ਸਫ਼ਲ ਗਾਇਕ ਵਜੋਂ ਸਥਾਪਤ ਹੋਣਾ ਇਹ ਸਿੱਧ ਕਰਦਾ ਹੈ ਕਿ ਸਾਫ਼ ਸੁਥਰੀ ਗਾਇਕੀ ਨੂੰ ਪਸੰਦ ਕਰਨ ਵਾਲੇ ਸਰੋਤਿਆਂ ਦੀ ਪੰਜਾਬ ਵਿੱਚ ਕੋਈ ਘਾਟ ਨਹੀਂ। ਸ. ਬਲਦੇਵ ਸਿੰਘ ਸਰਾਂ ਨੇ ਕਿਹਾ ਕਿ ਬੀਰ ਸਿੰਘ ਦੀ ਗਾਇਕੀ ਸਰੋਤਿਆਂ ਨੂੰ ਭਾਵਨਾਵਾਂ ਦੇ ਵਹਿਣ ਵਿੱਚ ਵਹਾ ਲੈਣ ਦੀ ਸਮਰੱਥਾ










ਰੱਖਦੀ ਹੈ ਅਤੇ ਅਜਿਹੀ ਗਾਇਕੀ ਲਈ ਸਪੇਸ ਦੇਣੀ ਪੰਜਾਬੀਆਂ ਦੀ ਜ਼ਿੰਮੇਵਾਰੀ ਵੀ ਬਣਦੀ ਹੈ। ਉਨ੍ਹਾਂ ਕਿਹਾ ਕਿ ਇਸ ਪੇਸ਼ਕਾਰੀ ਨੂੰ ਮਾਣਨਾ ਉਨ੍ਹਾਂ ਲਈ ਯਾਦਗਾਰੀ ਅਨੁਭਵ ਰਿਹਾ।

ਤਕਰੀਬਨ ਢਾਈ ਘੰਟੇ ਬੀਰ ਸਿੰਘ ਨੇ ਆਪਣੀ ਗਾਇਕੀ ਨਾਲ਼ ਸਰੋਤਿਆਂ ਨੂੰ ਸਰਸ਼ਾਰ ਕੀਤਾ। ਇਸ ਸਮੇਂ ਦੌਰਾਨ ਉਨ੍ਹਾਂ ਪੰਜਾਬੀ ਸੱਭਿਆਚਾਰ, ਨੈਤਿਕ ਕਦਰਾਂ ਕੀਮਤਾਂ ਤੇ ਮਾਨਵੀ ਰਿਸ਼ਤਿਆਂ ਦੀ ਬਾਤ ਪਾਉਂਦੇ ਆਪਣੇ ਅਨੇਕ ਮਕਬੂਲ ਗੀਤ ਸਰੋਤਿਆਂ ਨਾਲ ਸਾਂਝੇ ਕੀਤੇ। ਅੰਤ ਵਿੱਚ ਕਾਲਜ ਪ੍ਰਸ਼ਾਸ਼ਨ ਵੱਲੋਂ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਅਤੇ ਕਾਲਜ ਸਟਾਫ਼ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਤੋਂ ਬਿਨਾਂ ਭਾਸ਼ਾ ਵਿਭਾਗ ਤੋਂ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਖੋਜ ਸਹਾਇਕ ਹਰਪ੍ਰੀਤ ਸਿੰਘ, ਤਿਰਲੋਕ ਸਿੰਘ, ਅਰੁਨ ਕੁਮਾਰ ਅਤੇ ਰਾਜ ਕੁਮਾਰ ਹਾਜ਼ਰ ਸਨ। ਵਿਦਿਆਰਥਣਾਂ ਵਿੱਚ ਇਸ ਸਮਾਗਮ ਲਈ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ। ਜ਼ਿਲ੍ਹਾ ਭਾਸ਼ਾ ਅਫ਼ਸਰ ਲੁਧਿਆਣਾ ਡਾ. ਸੰਦੀਪ ਸ਼ਰਮਾ ਨੇ ਸਭ ਦਾ ਧੰਨਵਾਦ ਕੀਤਾ।

## ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ

# ਪੁਰਸਕਾਰਾਂ ਦਾ ਘੇਰਾ ਵਧਾਉਣ ਲਈ ਵਿਭਾਗ ਨੇ ਨਿਯਮਾਂ 'ਚ ਕੀਤੀ ਸੋਧ

ਭਾਸ਼ਾ ਵਿਭਾਗ, ਪੰਜਾਬ ਵੱਲੋਂ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ-2025 ਲਈ ਕਿਤਾਬਾਂ ਦੀ ਮੰਗ 7 ਜਨਵਰੀ, 2025 ਨੂੰ ਕੀਤੀ ਗਈ। ਇਨ੍ਹਾਂ 11 ਪੁਰਸਕਾਰਾਂ ਲਈ 2024 'ਚ ਛਪੀਆਂ ਪੁਸਤਕਾਂ ਵਿਭਾਗ ਦੇ ਮੁੱਖ ਦਫ਼ਤਰ ਸ਼ੇਰਾਂ ਵਾਲਾ ਗੇਟ ਵਿਖੇ ਡਾਕ ਰਾਹੀਂ ਜਾਂ ਦਸਤੀ 31 ਮਾਰਚ, 2025 ਤੱਕ ਜਮਾਂ ਕਰਵਾਈਆਂ ਜਾ ਸਕਦੀਆਂ ਸਨ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਇਸ ਸਬੰਧੀ ਦੱਸਿਆ ਕਿ ਵਿਭਾਗ ਵੱਲੋਂ ਵੱਧ ਤੋਂ ਵੱਧ ਲੇਖਕਾਂ ਨੂੰ ਇਨਾਮਾਂ ਦੇ ਘੇਰੇ 'ਚ ਲਿਆਉਣ ਹਿੱਤ ਨਿਯਮਾਂ ਵਿੱਚ ਕੁਝ ਸੋਧਾਂ ਕੀਤੀਆਂ ਹਨ। ਜਿੰਨ੍ਹਾਂ ਤਹਿਤ ਅੱਗੇ ਤੋਂ ਹਰ ਸਾਲ ਨਾਵਲ ਤੇ ਕਹਾਣੀ/ਮਿੰਨੀ ਕਹਾਣੀ ਦੀਆਂ ਸਰਵੋਤਮ ਪੁਸਤਕਾਂ ਨੂੰ ਵੱਖ-ਵੱਖ ਪੁਰਸਕਾਰ ਦਿੱਤੇ ਜਾਣਗੇ। ਦੱਸਣਯੋਗ ਹੈ ਕਿ ਪਹਿਲਾਂ ਇਹ ਪੁਰਸਕਾਰ ਵਾਰੋ-ਵਾਰੀ (ਇੱਕ ਸਾਲ ਨਾਵਲ ਤੇ ਇੱਕ ਸਾਲ ਕਹਾਣੀ/ਮਿੰਨੀ ਕਹਾਣੀ) ਨੂੰ ਦਿੱਤੇ ਜਾਂਦੇ ਸਨ। ਇਸ ਦੇ ਨਾਲ ਹੀ ਭਾਰਤੀ ਸਾਹਿਤ ਅਕਾਦਮੀ, ਯੁਵਾ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਪੁਸਤਕਾਂ ਨੂੰ ਭਾਸ਼ਾ ਵਿਭਾਗ ਦੇ ਪੁਰਸਕਾਰਾਂ ਲਈ ਵਿਚਾਰਿਆ ਨਹੀਂ ਜਾਵੇਗਾ। ਕਿਸੇ ਵੀ ਲੇਖਕ ਦੀ ਪੁਸਤਕ ਪ੍ਰਕਾਸ਼ਕ ਜਾਂ ਕੋਈ ਹੋਰ ਵੀ ਪੁਰਸਕਾਰਾਂ ਲਈ ਭੇਜ ਸਕਦਾ ਹੈ। ਇੱਕ ਲੇਖਕ ਇੱਕ ਵਿਧਾ 'ਚ ਇੱਕ ਵਾਰ ਹੀ ਭਾਸ਼ਾ ਵਿਭਾਗ ਦਾ ਪੁਰਸਕਾਰ ਪ੍ਰਾਪਤ ਕਰ ਸਕਦਾ ਹੈ। ਵੱਖ-



ਵੱਖ ਵਿਧਾਵਾਂ 'ਚ ਇੱਕ-ਇੱਕ ਵਾਰ ਪੁਰਸਕਾਰ ਹਾਸਲ ਕਰਨ 'ਤੇ ਕੋਈ ਬੰਦਿਸ਼ ਨਹੀਂ ਹੋਵੇਗੀ। ਜੇਕਰ ਕੋਈ ਲੇਖਕ ਇੱਕ ਸਾਲ ਵਿੱਚ ਇੱਕ ਤੋਂ ਵੱਧ ਵਿਧਾਵਾਂ 'ਚ ਪੁਰਸਕਾਰ ਜੇਤੂ ਬਣਦਾ ਹੈ ਤਾਂ ਉਸ ਨੂੰ ਸਿਰਫ਼ ਇੱਕ ਵਿਧਾ 'ਚ ਹੀ ਪੁਰਸਕਾਰ ਦਿੱਤਾ ਜਾਵੇਗਾ। ਵੱਖ-ਵੱਖ ਪੁਸਤਕਾਂ ਨੂੰ ਸੰਪਾਦਿਤ ਕਰਕੇ ਇੱਕ ਪੁਸਤਕ ਦੇ ਰੂਪ 'ਚ ਛਪਵਾ ਕੇ ਕਿਸੇ ਵੀ ਪੁਰਸਕਾਰ ਲਈ ਬਿਨੈ ਪੱਤਰ ਨਹੀਂ ਦਿੱਤਾ ਜਾ ਸਕਦਾ। ਪੁਰਸਕਾਰਾਂ ਲਈ ਨਿਯਮ ਅਤੇ ਬਿਨੈ ਪੱਤਰ ਦਾ ਨਮੂਨਾ ਵਿਭਾਗ ਦੀ ਵੈੱਬਸਾਈਟ ਅਤੇ ਫੇਸਬੁੱਕ ਪੇਜ 'ਤੇ ਉਪਲਬਧ ਹਨ।

> **"ਸਰਵੋਤਮ ਪੁਸਤਕ ਪੁਰਸਕਾਰਾਂ ਤਹਿਤ ਭਾਈ ਵੀਰ ਸਿੰਘ ਪੁਰਸਕਾਰ (ਜੀਵਨੀ, ਸਵੈ-ਜੀਵਨੀ, ਯਾਦਾਂ ਤੇ ਰੇਖਾ ਚਿੱਤਰ), ਨਾਨਕ ਸਿੰਘ ਪੁਰਸਕਾਰ (ਨਾਵਲ), ਪ੍ਰਿੰ. ਸੁਜਾਨ ਸਿੰਘ ਪੁਰਸਕਾਰ (ਕਹਾਣੀ ਤੇ ਮਿੰਨੀ ਕਹਾਣੀ), ਗੁਰਬਖਸ਼ ਸਿੰਘ ਪ੍ਰੀਤਲੜੀ ਪੁਰਸਕਾਰ (ਨਿਬੰਧ, ਸਫ਼ਰਨਾਮਾ ਤੇ ਵਿਅੰਗ), ਗਿਆਨੀ ਗੁਰਮੁੱਖ ਸਿੰਘ ਮੁਸਾਫ਼ਿਰ ਪੁਰਸਕਾਰ (ਕਵਿਤਾ), ਈਸ਼ਵਰ ਚੰਦਰ ਨੰਦਾ ਪੁਰਸਕਾਰ (ਨਾਟਕ ਤੇ ਇਕਾਂਗੀ), ਪ੍ਰੋ. ਗੁਰਦਿਆਲ ਸਿੰਘ ਪੁਰਸਕਾਰ (ਅਨੁਵਾਦ), ਐੱਮ.ਐਸ. ਰੰਧਾਵਾ ਪੁਰਸਕਾਰ (ਗਿਆਨ ਸਾਹਿਤ ਤੇ ਸੰਪਾਦਨ), ਸ੍ਰੀ ਗੁਰੂ ਹਰਕ੍ਰਿਸ਼ਨ ਪੁਰਸਕਾਰ (ਬਾਲ ਸਾਹਿਤ), ਡਾ. ਅਤਰ ਸਿੰਘ ਪੁਰਸਕਾਰ (ਆਲੋਚਨਾ ਤੇ ਖੋਜ) ਅਤੇ ਭਾਈ ਕਾਨ੍ਹ ਸਿੰਘ ਨਾਭਾ ਪੁਰਸਕਾਰ (ਟੀਕਾਕਾਰੀ, ਕੋਸ਼ਕਾਰੀ, ਭਾਸ਼ਾ ਵਿਗਿਆਨ, ਵਿਆਕਰਣ ਅਤੇ ਹਵਾਲਾ ਗ੍ਰੰਥ) ਲਈ ਭਾਸ਼ਾ ਵਿਭਾਗ ਵੱਲੋਂ 2024 'ਚ ਛਪੀਆ ਪੁਸਤਕਾਂ ਦੀ ਮੰਗ ਕੀਤੀ ਗਈ ਹੈ।"**

# ਭਾਸ਼ਾ ਵਿਭਾਗ ਨੇ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਲਈ ਦਰਖਾਸਤਾਂ ਮੰਗੀਆਂ

**ਪੁਰਸਕਾਰਾਂ ਦਾ ਘੇਰਾ ਵਧਾਉਣ ਲਈ ਨਿਯਮਾਂ 'ਚ ਸੋਧ ਕੀਤੀ: ਜ਼ਫ਼ਰ**

ਗੁਰਨਾਮ ਸਿੰਘ ਅਕੀਦਾ

ਪਟਿਆਲਾ, 7 ਜਨਵਰੀ

ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ-2025 ਲਈ ਕਿਤਾਬਾਂ ਦੀ ਮੰਗ ਕੀਤੀ ਗਈ ਹੈ। ਇਨ੍ਹਾਂ 11 ਪੁਰਸਕਾਰਾਂ ਲਈ 2024 ਵਿਚ ਛਪੀਆਂ ਪੁਸਤਕਾਂ ਵਿਭਾਗ ਦੇ ਮੁੱਖ ਦਫ਼ਤਰ ਸ਼ੇਰਾਂ ਵਾਲਾ ਗੇਟ ਵਿਚ ਡਾਕ ਰਾਹੀਂ ਜਾਂ ਦਸਤੀ 31 ਮਾਰਚ ਤੱਕ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਹਨ। ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਵਿਭਾਗ ਵੱਲੋਂ ਵੱਧ ਤੋਂ ਵੱਧ ਲੇਖਕਾਂ ਨੂੰ ਇਨਾਮਾਂ ਦੇ ਘੇਰੇ ਵਿਚ ਲਿਆਉਣ ਲਈ ਨਿਯਮਾਂ ਵਿੱਚ ਕੁਝ ਸੋਧਾਂ ਕੀਤੀਆਂ ਗਈਆਂ ਹਨ ਜਿਨ੍ਹਾਂ ਤਹਿਤ ਅੱਗੇ ਤੋਂ ਹਰ ਸਾਲ ਨਾਵਲ ਤੇ ਕਹਾਣੀ/ਮਿੰਨੀ ਕਹਾਣੀ ਦੀਆਂ ਸਰਵੋਤਮ ਪੁਸਤਕਾਂ ਨੂੰ ਵੱਖ-ਵੱਖ ਪੁਰਸਕਾਰ ਦਿੱਤੇ ਜਾਣਗੇ। ਭਾਸ਼ਾ ਵਿਭਾਗ ਨੇ ਕਿਹਾ ਹੈ ਕਿ ਭਾਰਤੀ ਸਾਹਿਤ ਅਕਾਦਮੀ, ਯੁਵਾ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਪੁਸਤਕਾਂ ਨੂੰ ਭਾਸ਼ਾ ਵਿਭਾਗ ਦੇ ਪੁਰਸਕਾਰਾਂ ਲਈ ਵਿਚਾਰਿਆ ਨਹੀਂ ਜਾਵੇਗਾ। ਇੱਕ ਲੇਖਕ ਇੱਕ ਵਿਧਾ ਵਿਚ ਇੱਕ ਵਾਰ ਹੀ ਭਾਸ਼ਾ ਵਿਭਾਗ ਦਾ ਪੁਰਸਕਾਰ ਪ੍ਰਾਪਤ ਕਰ ਸਕਦਾ ਹੈ। ਜ਼ਫ਼ਰ ਨੇ ਦੱਸਿਆ ਕਿ ਪੁਰਸਕਾਰਾਂ ਲਈ ਨਿਯਮ... ਅਤੇ ਬਿਨੈ ਪੱਤਰ ਦਾ ਨਮੂਨਾ ਵਿਭਾਗ ਦੀ ... ਵੈਬਸਾਈਟ ਅਤੇ ਫੇਸਬੁੱਕ ਪੇਜ ... ਉਪਲਬਧ ਹੈ। ਜ਼ਫ਼ਰ ਨੇ ਕਿਹਾ ਕਿ ... ਸਰਵੋਤਮ ਪੁਸਤਕ ਪੁਰਸਕਾਰਾਂ ਤਹਿ... ਭਾਈ ਵੀਰ ਸਿੰਘ ਪੁਰਸਕਾਰ (ਜੀਵ... ਸਵੈ-ਜੀਵਨੀ, ਯਾਦਾਂ ਤੇ ਰੇਖਾ ਚਿੱਤ... ਨਾਨਕ ਸਿੰਘ ਪੁਰਸਕਾਰ (ਨਾਵਲ), ... ਸੁਜਾਨ ਸਿੰਘ ਪੁਰਸਕਾਰ (ਕਹਾਣ... ਮਿੰਨੀ ਕਹਾਣੀ), ਗੁਰਬਖਸ਼ ... ਪ੍ਰੀਤਲੜੀ ਪੁਰਸਕਾਰ (ਨਿਬੰਧ, ਸਫ਼ਰ... ਤੇ ਵਿਅੰਗ), ਗਿਆਨੀ ਗੁਰਮੁੱਖ ... ਮੁਸਾਫ਼ਿਰ ਪੁਰਸਕਾਰ (ਕਵਿਤਾ), ਈ... ਚੰਦਰ ਨੰਦਾ ਪੁਰਸਕਾਰ (ਨਾਟ... ਇਕਾਂਗੀ), ਪ੍ਰੋ. ਗੁਰਦਿਆਲ ... ਪੁਰਸਕਾਰ (ਅਨੁਵਾਦ), ਐੱਮ.ਐਸ. ... ਪੁਰਸਕਾਰ (ਗਿਆਨ ਸਾਹਿ... ਸੰਪਾਦਨ), ਸ੍ਰੀ ਗੁਰੂ ਹਰਕ੍ਰਿਸ਼ਨ ਪੁ... (ਬਾਲ ਸਾਹਿਤ), ਡਾ. ਅਤਰ... ਪੁਰਸਕਾਰ (ਆਲੋਚਨਾ ਤੇ ਖੋਜ... ਭਾਈ ਕਾਨ੍ਹ ਸਿੰਘ ਨਾਭਾ ਪੁਰਸਕ... ਪੁਸਤਕਾਂ ਦੀ ਮੰਗ ਕੀਤੀ ਗਈ...

---

Patiala Bani

Jan 08, 2025

**ਜਗ ਬਾਣੀ**

# ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਲਈ ਭਾਸ਼ਾ ਵਿਭਾਗ ਨੇ ਮੰਗੀਆਂ ਕਿਤਾਬਾਂ

ਪਟਿਆਲਾ/ਸਨੌਰ, 7 ਜਨਵਰੀ (ਜੋਸਨ, ਰਾਜੇਸ਼, ਰਾਣਾ)- ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ-2025 ਲਈ ਕਿਤਾਬਾਂ ਦੀ ਮੰਗ ਕੀਤੀ ਹੈ। ਇਨਾਂ 11 ਪੁਰਸਕਾਰਾਂ ਲਈ 2024 'ਚ ਛਪੀਆਂ ਪੁਸਤਕਾਂ ਵਿਭਾਗ ਦੇ ਮੁੱਖ ਦਫ਼ਤਰ ਸ਼ੇਰਾਂਵਾਲਾ ਗੇਟ ਵਿਖੇ ਡਾਕ ਰਾਹੀਂ ਜਾਂ ਦਸਤੀ 31 ਮਾਰਚ, 2025 ਤੱਕ ਜਮਾਂ ਕਰਵਾਈਆਂ ਜਾ ਸਕਦੀਆਂ ਹਨ।

ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਇਸ ਸਬੰਧੀ ਦੱਸਿਆ ਕਿ ਵਿਭਾਗ ਵੱਲੋਂ ਵੱਧ ਤੋਂ ਵੱਧ ਲੇਖਕਾਂ ਨੂੰ ਇਨਾਮਾਂ ਦੇ ਘੇਰੇ 'ਚ ਲਿਆਉਣ ਹਿੱਤ ਨਿਯਮਾਂ 'ਚ ਕੁਝ ਸੋਧਾਂ ਕੀਤੀਆਂ ਹਨ। ਇਨ੍ਹਾਂ ਤਹਿਤ ਅੱਗੇ ਤੋਂ ਹਰ ਸਾਲ ਨਾਵਲ ਤੇ ਕਹਾਣੀ/ਮਿੰਨੀ ਕਹਾਣੀ ਦੀਆਂ ਸਰਵੋਤਮ ਪੁਸਤਕਾਂ ਨੂੰ ਵੱਖ-ਵੱਖ ਪੁਰਸਕਾਰ ਦਿੱਤੇ ਜਾਣਗੇ। ਦੱਸਣਯੋਗ ਹੈ ਕਿ ਪਹਿਲਾ ਇਹ ਪੁਰਸਕਾਰ ਵਾਰੋ-ਵਾਰੀ (ਇਕ ਸਾਲ ਨਾਵਲ ਤੇ ਇਕ ...

---

ਸੱਚ ਕਹੂੰ

epaper.sachkahoon.com

08 Jan 2025 - Page 4

# ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਲਈ ਭਾਸ਼ਾ ਵਿਭਾਗ ਨੇ ਕੀਤੀ ਕਿਤਾਬਾਂ ਦੀ ਮੰਗ

- **ਪੁਰਸਕਾਰਾਂ ਦਾ ਘੇਰਾ ਵਧਾਉਣ ਲਈ ਵਿਭਾਗ ਨੇ ਨਿਯਮਾਂ 'ਚ ਕੀਤੀਆਂ ਸੋਧਾਂ : ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ**

ਖੁਸ਼ਵੀਰ ਸਿੰਘ ਤੂਰ

ਪਟਿਆਲਾ, 7 ਜਨਵਰੀ। ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ-2025 ਲਈ ਕਿਤਾਬਾਂ ਦੀ ਮੰਗ ਕੀਤੀ ਹੈ। ਇੰਨਾਂ 11 ਪੁਰਸਕਾਰਾਂ ਲਈ 2024 'ਚ ਛਪੀਆਂ ਪੁਸਤਕਾਂ ਵਿਭਾਗ ਦੇ ਮੁੱਖ ਦਫ਼ਤਰ ਸ਼ੇਰਾਂ ਵਾਲਾ ਗੇਟ ਵਿਖੇ ਡਾਕ ਰਾਹੀਂ ਜਾਂ ਦਸਤੀ 31 ਮਾਰਚ, 2025 ਤੱਕ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਹਨ। ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਇਸ ਸਬੰਧੀ ਦੱਸਿਆ ਕਿ ਵਿਭਾਗ ਵੱਲੋਂ ਵੱਧ ਤੋਂ ਵੱਧ ਲੇਖਕਾਂ ਨੂੰ ਇਨਾਮਾਂ ਦੇ ਘੇਰੇ 'ਚ ਲਿਆਉਣ ਹਿੱਤ ਨਿਯਮਾਂ ਵਿੱਚ ਕੁਝ ਸੋਧਾਂ ਕੀਤੀਆਂ ਹਨ ਜਿੰਨ੍ਹਾਂ ਤਹਿਤ ਅੱਗੇ ਤੋਂ ਹਰ ਸਾਲ ਨਾਵਲ ਤੇ ਕਹਾਣੀ/ ਮਿੰਨੀ ਕਹਾਣੀ ਦੀਆਂ ਸਰਵੋਤਮ ਪੁਸਤਕਾਂ ਨੂੰ ਵੱਖ-ਵੱਖ ਪੁਰਸਕਾਰ ਦਿੱਤੇ ਜਾਣਗੇ।

ਦੱਸਣਯੋਗ ਹੈ ਕਿ ਪਹਿਲਾਂ ਇਹ ਪੁਰਸਕਾਰ ਵਾਰੋ-ਵਾਰੀ (ਇੱਕ ਸਾਲ ਨਾਵਲ ਤੇ ਇੱਕ ਸਾਲ ਕਹਾਣੀ/ ਮਿੰਨੀ ਕਹਾਣੀ) ਨੂੰ ਦਿੱਤੇ ਜਾਂਦੇ ਸਨ ਇਸ ਦੇ ਨਾਲ ਹੀ ਭਾਰਤੀ ਸਾਹਿਤ ਅਕਾਦਮੀ, ਯੁਵਾ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਪੁਸਤਕਾਂ ਨੂੰ ਭਾਸ਼ਾ ਵਿਭਾਗ ਦੇ ਪੁਰਸਕਾਰਾਂ ਲਈ ਵਿਚਾਰਿਆ ਨਹੀਂ ਜਾਵੇਗਾ।

ਕਿਸੇ ਵੀ ਲੇਖਕ ਦੀ ਪੁਸਤਕ ਪ੍ਰਕਾਸ਼ਕ ਜਾਂ ਕੋਈ ਹੋਰ ਵੀ ਪੁਰਸਕਾਰਾਂ ਲਈ ਭੇਜ ਸਕਦਾ ਹੈ ਇੱਕ ਲੇਖਕ ਇੱਕ ਵਿਧਾ 'ਚ ਇੱਕ ਵਾਰ ਹੀ ਭਾਸ਼ਾ ਵਿਭਾਗ ਦਾ ਪੁਰਸਕਾਰ ਪ੍ਰਾਪਤ ਕਰ ਸਕਦਾ ਹੈ ਵੱਖ-ਵੱਖ ਵਿਧਾਵਾਂ 'ਚ ਇੱਕ-ਇੱਕ ਵਾਰ ਪੁਰਸਕਾਰ ਹਾਸਲ ਕਰਨ 'ਤੇ ਕੋਈ ਬੰਦਿਸ਼ ਨਹੀਂ ਹੋਵੇਗੀ ਜੇਕਰ ਕੋਈ ਲੇਖਕ ਇੱਕ ਸਾਲ ਵਿੱਚ ਇੱਕ ਤੋਂ ਵੱਧ ਵਿਧਾਵਾਂ 'ਚ ਪੁਰਸਕਾਰ ਜੇਤੂ ਬਣਦਾ ਹੈ ਤਾਂ ਉਸ ਨੂੰ ਸਿਰਫ਼ ਇੱਕ ਵਿਧਾ 'ਚ ਹੀ ਪੁਰਸਕਾਰ ਦਿੱਤਾ ਜਾਵੇਗਾ ਵੱਖ-ਵੱਖ ਪੁਸਤਕਾਂ ਨੂੰ ਸੰਪਾਦਿਤ ਕਰਕੇ ਇੱਕ ਪੁਸਤਕ ਦੇ ਰੂਪ 'ਚ ਛਪਵਾ ਕੇ ਕਿਸੇ ਵੀ ਪੁਰਸਕਾਰ ਲਈ ਬਿਨੈ ਪੱਤਰ ਨਹੀਂ ਦਿੱਤਾ ਜਾ ਸਕਦਾ ਜ਼ਫ਼ਰ ਨੇ ਦੱਸਿਆ ਕਿ ਪੁਰਸਕਾਰਾਂ ਲਈ ਨਿਯਮ ਅਤੇ ਬਿਨੈ ਪੱਤਰ ਦਾ ਨਮੂਨਾ ਵਿਭਾਗ ਦੀ ਵੈਬਸਾਈਟ ਅਤੇ ਫੇਸਬੁੱਕ ਪੇਜ 'ਤੇ ਉਪਲਬਧ ਹਨ।

---

# ਪੁਰਸਕਾਰਾਂ ਦਾ ਘੇਰਾ ਵਧਾਉਣ ਲਈ ਨਿਯਮਾਂ 'ਚ ਹੋਈ ਸੋਧ : ਜ਼ਫ਼ਰ

**ਪੱਤਰ ਪ੍ਰੇਰਕ, ਪੰਜਾਬੀ ਜਾਗਰਣ● ਪਟਿਆਲਾ** : ਭਾਸ਼ਾ ਵਿਭਾਗ ਵੱਲੋਂ ਸਰਬੋਤਮ ਪੰਜਾਬੀ ਪੁਸਤਕ ਪੁਰਸਕਾਰ-2025 ਲਈ ਕਿਤਾਬਾ ਦੀ ਮੰਗ ਕੀਤੀ ਹੈ। ਇੰਨ੍ਹਾ 11 ਪੁਰਸਕਾਰਾ ਲਈ 2024 'ਚ ਛਪੀਆ ਪੁਸਤਕਾ ਵਿਭਾਗ ਦੇ ਮੁੱਖ ਦਫ਼ਤਰ ਸ਼ੇਰਾ ਵਾਲਾ ਗੇਟ ਵਿਖੇ ਡਾਕ ਰਾਹੀ ਜਾ ਦਸਤੀ 31 ਮਾਰਚ, 2025 ਤੱਕ ਜਮ੍ਹਾ ਕਰਵਾਈਆ ਜਾ ਸਕਦੀਆ ਹਨ।

ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਇਸ ਸਬੰਧੀ ਦੱਸਿਆ ਕਿ ਵਿਭਾਗ ਵੱਲੋਂ ਵੱਧ ਤੋਂ ਵੱਧ ਲੇਖਕਾ ਨੂੰ ਇਨਾਮਾ ਦੇ ਘੇਰੇ 'ਚ ਲਿਆਉਣ ਹਿੱਤ ਨਿਯਮਾ 'ਚ ਕੁਝ ਸੋਧਾ ਕੀਤੀਆ ਹਨ। ਜਿਨਾ ਤਹਿਤ ਅੱਗੇ ਤੋਂ ...ਹਰ ਸਾਲ ਨਾਵਲ ਤੇ ਕਹਾਣੀ/ਮਿੰਨੀ ਕਹਾਣੀ ...ਦੀਆ ਸਰਵੋਤਮ ਪੁਸਤਕਾ ਨੂੰ ਵੱਖ-ਵੱਖ ...ਪੁਰਸਕਾਰ ਦਿੱਤੇ ਜਾਣਗੇ। ਦੱਸਣਯੋਗ ਹੈ ਕਿ ...ਪਹਿਲਾ ਇਹ ਪੁਰਸਕਾਰ ਵਾਰੋ-ਵਾਰੀ (ਇੱਕ ...ਸਾਲ ਨਾਵਲ ਤੇ ਇੱਕ ਸਾਲ ਕਹਾਣੀ/ਮਿੰਨੀ ...ਕਹਾਣੀ) ਨੂੰ ਦਿੱਤੇ ਜਾਂਦੇ ਸਨ। ਇਸ ਦੇ ...ਹੀ ਭਾਰਤੀ ਸਾਹਿਤ ਅਕਾਦਮੀ, ਯੁਵਾ ...ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਪੁਸਤਕਾ ਨੂੰ ਭਾਸ਼ਾ ਵਿਭਾਗ ਦੇ ਪੁਰਸਕਾਰਾ ਲਈ ਵਿਚਾਰਿਆ ਨਹੀ ਜਾਵੇਗਾ। ਕਿਸੇ ਵੀ ਲੇਖਕ ਦੀ ਪੁਸਤਕ ਪ੍ਰਕਾਸ਼ਕ ਜਾ ਕੋਈ ਹੋਰ ਵੀ ਪੁਰਸਕਾਰਾ ਲਈ ਭੇਜ ਸਕਦਾ ਹੈ। ਇੱਕ ਲੇਖਕ ਇੱਕ ਵਿਧਾ 'ਚ ਇੱਕ ਵਾਰ ਹੀ ਭਾਸ਼ਾ ਵਿਭਾਗ ਦਾ ਪੁਰਸਕਾਰ ਪ੍ਰਾਪਤ ...ਕਰ ਸਕਦਾ ਹੈ।


ਵੱਖ-ਵੱਖ ਵਿਧਾਵਾ 'ਚ ਇੱਕ-ਇੱਕ ...ਵਾਰ ਪੁਰਸਕਾਰ ਹਾਸਲ ਕਰਨ 'ਤੇ ਕੋਈ ...ਬੰਦਿਸ਼ ਨਹੀ ਹੋਵੇਗੀ। ਜੇਕਰ ਕੋਈ ਲੇਖਕ ਇੱਕ ਸਾਲ ਵਿੱਚ ਇੱਕ ਤੋਂ ਵੱਧ ਵਿਧਾਵਾ 'ਚ ਪੁਰਸਕਾਰ ਜੇਤੂ ਬਣਦਾ ਹੈ ਤਾ ਉਸ ਨੂੰ ਸਿਰਫ਼ ਇੱਕ ਵਿਧਾ 'ਚ ਹੀ ਪੁਰਸਕਾਰ ਦਿੱਤਾ ਜਾਵੇਗਾ। ਵੱਖ-ਵੱਖ ਪੁਸਤਕਾ ਨੂੰ ਸੰਪਾਦਿਤ ਕਰਕੇ ਇੱਕ ਪੁਸਤਕ ਦੇ ਰੂਪ 'ਚ ਛਪਵਾ ਕੇ ਕਿਸੇ ਵੀ ਪੁਰਸਕਾਰ ਲਈ ਬਿਨੈ ਪੱਤਰ ਨਹੀ ਦਿੱਤਾ ਜਾ ਸਕਦਾ।

ਜ਼ਫ਼ਰ ਨੇ ਦੱਸਿਆ ਕਿ ਪੁਰਸਕਾਰਾ ਲਈ ਨਿਯਮ ਅਤੇ ਬਿਨੈ ਪੱਤਰ ਦਾ ਨਮੂਨਾ ਵਿਭਾਗ ਦੀ ਵੈਬਸਾਈਟ ਅਤੇ ਫੇਸਬੁੱਕ ਪੇਜ 'ਤੇ ਉਪਲਬਧ ਹਨ। ਦੱਸਣਯੋਗ ਹੈ ਕਿ ਸਰਵੋਤਮ ਪੁਸਤਕ ਪੁਰਸਕਾਰਾ ਤਹਿਤ ਭਾਈ ਵੀਰ ਸਿੰਘ ਪੁਰਸਕਾਰ (ਜੀਵਨੀ, ਸਵੈ-ਜੀਵਨੀ, ਯਾਦਾ ਤੇ ਰੇਖਾ ਚਿੱਤਰ), ਨਾਨਕ ਸਿੰਘ ਪੁਰਸਕਾਰ (ਨਾਵਲ), ਪ੍ਰਿੰ. ਸੁਜਾਨ ਸਿੰਘ ਪੁਰਸਕਾਰ (ਕਹਾਣੀ ਤੇ ਮਿੰਨੀ ਕਹਾਣੀ), ਗੁਰਬਖਸ਼ ਸਿੰਘ ਪ੍ਰੀਤਲੜੀ ਪੁਰਸਕਾਰ (ਨਿਬੰਧ, ਸਫ਼ਰਨਾਮਾ ਤੇ ਵਿਅੰਗ), ਗਿਆਨੀ ਗੁਰਮੁੱਖ ਸਿੰਘ ਮੁਸਾਫ਼ਿਰ ਪੁਰਸਕਾਰ (ਕਵਿਤਾ), ਈਸ਼ਵਰ ਚੰਦਰ ਨੰਦਾ ਪੁਰਸਕਾਰ (ਨਾਟਕ ਤੇ ਇਕਾਂਗੀ), ਪ੍ਰੋ. ਗੁਰਦਿਆਲ ਸਿੰਘ ਪੁਰਸਕਾਰ (ਅਨੁਵਾਦ), ਐੱਮ.ਐਸ. ਰੰਧਾਵਾ ਪੁਰਸਕਾਰ (ਗਿਆਨ ਸਾਹਿਤ ਤੇ ਸੰਪਾਦਨ), ਸ੍ਰੀ ਗੁਰੂ ਹਰਕ੍ਰਿਸ਼ਨ ਪੁਰਸਕਾਰ (ਬਾਲ ਸਾਹਿਤ), ਡਾ. ਅਤਰ ਸਿੰਘ ਪੁਰਸਕਾਰ (ਆਲੋਚਨਾ ਤੇ ਖੋਜ) ਅਤੇ ਭਾਈ ਕਾਨ੍ਹ ਸਿੰਘ ਨਾਭਾ ਪੁਰਸਕਾਰ (ਟੀਕਾਕਾਰੀ, ਕੋਸ਼ਕਾਰੀ, ਭਾਸ਼ਾ ਵਿਗਿਆਨ, ਵਿਆਕਰਣ ਅਤੇ ਹਵਾਲਾ ਗ੍ਰੰਥ) ਲਈ ਭਾਸ਼ਾ ਵਿਭਾਗ ਵੱਲੋਂ 2024 'ਚ ਛਪੀਆ ਪੁਸਤਕਾ ਦੀ ਮੰਗ ਕੀਤੀ ਗਈ ਹੈ।

# ਵਿਸ਼ਵ ਪੁਸਤਕ ਦਿਵਸ









ਭਾਸ਼ਾ ਵਿਭਾਗ ਪੰਜਾਬ ਵੱਲੋਂ ਭਾਸ਼ਾ ਭਵਨ ਪਟਿਆਲਾ ਵਿਖੇ 23 ਅਪ੍ਰੈਲ, 2025 ਨੂੰ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਵਿਸ਼ਵ ਪੁਸਤਕ ਦਿਵਸ ਮਨਾਇਆ ਗਿਆ। ਇਸ ਮੌਕੇ ਨਾਮਵਰ ਸ਼ਾਇਰ ਸਰਦਾਰ ਪੰਛੀ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ। ਸ. ਜਸਵੰਤ ਸਿੰਘ ਜ਼ਫ਼ਰ, ਸਤਪਾਲ ਚਹਿਲ, ਡਾ. ਸੰਤੋਖ ਸੁੱਖੀ ਤੇ ਡਾ. ਮਨਜਿੰਦਰ ਸਿੰਘ ਨੇ ਮਨੁੱਖੀ ਜੀਵਨ 'ਚ ਕਿਤਾਬ ਦੀ ਅਹਿਮੀਅਤ ਬਾਰੇ ਵਿਸਥਾਰ 'ਚ ਚਾਨਣਾ ਪਾਇਆ। ਇਸ ਮੌਕੇ ਵਿਭਾਗ ਦੇ ਅਧਿਕਾਰੀ, ਕਰਮਚਾਰੀ ਤੇ ਵਿਦਿਆਰਥੀ ਅਤੇ ਬਾਹਰੋਂ ਆਏ ਬਹੁਤ ਸਾਰੇ ਮਹਿਮਾਨ ਹਾਜ਼ਰ ਸਨ।

ਕਾਰਗੁਜ਼ਾਰੀ ਦਾ ਲੇਖਾ-ਜੋਖਾ

# ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਸ. ਹਰਜੋਤ ਸਿੰਘ ਬੈਂਸ ਵਲੋਂ ਭਾਸ਼ਾ ਵਿਭਾਗ ਦੇ ਕੰਮਾਂ ਦਾ ਜਾਇਜ਼ਾ





ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਨੇ 24 ਮਈ, 2025 ਨੂੰ ਚੰਡੀਗੜ੍ਹ ਵਿਖੇ ਭਾਸ਼ਾ ਵਿਭਾਗ, ਪੰਜਾਬ ਦੀ ਕਾਰਗੁਜ਼ਾਰੀ ਦਾ ਡਾਇਰੈਕਟਰ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ ਨਾਲ ਕੀਤੀ ਮੀਟਿੰਗ ਦੌਰਾਨ ਜਾਇਜ਼ਾ ਲਿਆ। ਸ. ਬੈਂਸ ਨੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਵੱਡਮੁੱਲੀਆਂ ਕਿਤਾਬਾਂ ਦੀ ਡਿਜੀਟਾਈਜੇਸ਼ਨ ਦੇ ਕਾਰਜ ਦੀ ਸਮੀਖਿਆ ਕੀਤੀ। ਇਸ ਕਾਰਜ ਨੂੰ ਦੁਰਲੱਭ ਤੇ ਵੱਡਮੁੱਲੀਆਂ ਪੁਸਤਕਾਂ ਦੀ ਸੰਭਾਲ ਅਤੇ ਦੁਨੀਆ ਭਰ ਵਿੱਚ ਬੈਠੇ ਪੰਜਾਬੀਆਂ ਤੱਕ ਪਹੁੰਚਾਉਣ ਵਾਲਾ ਉੱਦਮ ਕਰਾਰ ਦਿੱਤਾ। ਇਸ ਤੋਂ ਇਲਾਵਾ ਵਿਭਾਗ ਵੱਲੋਂ ਵੈੱਬਸਾਈਟ ਜ਼ਰੀਏ ਈ-ਪੁਸਤਕਾਂ, ਆਡੀਓ ਪੁਸਤਕਾਂ ਤੇ ਸ਼ਬਦ ਕੋਸ਼ਾਂ ਦੇ ਰੂਪ 'ਚ ਪੰਜਾਬੀ ਪ੍ਰੇਮੀਆਂ ਨੂੰ ਮਿਆਰੀ ਪੜ੍ਹਨ ਸਮੱਗਰੀ ਮੁਹੱਈਆ ਕਰਵਾਉਣ ਦੇ ਕਾਰਜ ਦੀ




ਸ਼ਲਾਘਾ ਕੀਤੀ। ਉਨ੍ਹਾਂ ਰਾਜ ਭਾਸ਼ਾ ਐਕਟ ਤਹਿਤ ਉੱਚ ਦਫ਼ਤਰਾਂ ਵਿੱਚ ਪੰਜਾਬੀ ਭਾਸ਼ਾ ਲਾਗੂ ਕਰਵਾਉਣ ਲਈ ਵਿਭਾਗ ਵੱਲੋਂ ਆਰੰਭੀ ਗਈ ਮੁਹਿੰਮ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਬੁੱਧੀਮਾਨਤਾ ਦੇ ਖੇਤਰ 'ਚ ਮਜ਼ਬੂਤ/ਸਥਾਪਤ ਕਰਨ ਲਈ ਲਗਾਈਆਂ ਜਾ ਰਹੀਆਂ ਵਰਕਸ਼ਾਪਾਂ ਅਤੇ ਤਕਨੀਕੀ ਸਰਗਰਮੀਆਂ ਜਾਰੀ ਰੱਖਣ ਲਈ ਕਿਹਾ। ਸ. ਬੈਂਸ ਨੇ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਵਿਲੱਖਣ ਕਾਰਜ ਕੀਤੇ ਜਾ ਰਹੇ ਹਨ, ਜਿਨ੍ਹਾਂ ਨੂੰ ਜਾਰੀ ਰੱਖਣ ਲਈ ਵਿਭਾਗ ਦੀ ਸਰਕਾਰ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ। ਉਨ੍ਹਾਂ ਵਿਭਾਗ ਵੱਲੋਂ ਲੰਬੇ ਸਮੇਂ ਤੋਂ ਲੰਬਿਤ ਪਏ ਕਾਰਜਾਂ ਨੂੰ ਨਿਪਟਾਉਣ ਦੀ ਸ਼ਲਾਘਾ ਕੀਤੀ। ਸ. ਬੈਂਸ ਨੇ ਇਸ ਮੌਕੇ ਕਿਹਾ ਕਿ ਵਿਭਾਗ ਵੱਲੋਂ ਨਾਮਵਰ ਲੇਖਕਾਂ ਨਾਲ ਵੱਧ ਤੋਂ ਵੱਧ ਮੁਲਾਕਾਤਾਂ ਰਿਕਾਰਡ ਕੀਤੀਆਂ ਜਾਣ ਅਤੇ ਸੋਸ਼ਲ ਮੀਡੀਆ ਰਾਹੀਂ ਨਸ਼ਰ ਕੀਤੀਆਂ ਜਾਣ ਤਾਂ ਕਿ ਨਵੀਂ ਪੀੜ੍ਹੀ ਵੱਧ ਤੋਂ ਵੱਧ ਸਾਹਿਤ ਨਾਲ ਜੁੜ ਸਕੇ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਦੇ ਪ੍ਰਚਾਰ/ਪਸਾਰ ਲਈ ਪੰਜਾਬ ਤੋਂ ਬਾਹਰ ਸਮਾਗਮਾਂ ਦਾ ਆਯੋਜਨਾ ਵੱਡੇ ਪੱਧਰ 'ਤੇ ਕੀਤਾ ਜਾਵੇ ਤਾਂ ਜੋ ਪੰਜਾਬ ਤੋਂ ਬਾਹਰ ਬੈਠੇ ਪੰਜਾਬੀਆਂ ਦੀਆਂ ਅਗਲੀਆਂ ਪੀੜ੍ਹੀਆਂ ਵੀ ਪੰਜਾਬੀ ਭਾਸ਼ਾ ਤੇ ਸੱਭਿਆਚਾਰ ਨਾਲ ਜੁੜੀਆਂ ਰਹਿਣ। ਉਨ੍ਹਾਂ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਪੁਸਤਕ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਵੱਖ-ਵੱਖ ਮੌਕਿਆਂ 'ਤੇ ਕਿਤਾਬਾਂ ਨੂੰ ਤੋਹਫ਼ਿਆਂ ਦੇ ਰੂਪ 'ਚ ਦੇਣ ਦਾ ਰੁਝਾਨ ਪੈਦਾ ਕੀਤਾ ਜਾਵੇ।

ਇਸ ਮੌਕੇ ਡਾਇਰੈਕਟਰ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ ਨੇ ਸ. ਬੈਂਸ ਨੂੰ ਲਿਖਤੀ ਰੂਪ ਵਿੱਚ ਵਿਭਾਗੀ ਮੁੱਦਿਆਂ ਸਬੰਧੀ ਜਾਣੂ ਕਰਵਾਇਆ। ਜਿਨ੍ਹਾਂ ਵਿੱਚ ਵਿਭਾਗ 'ਚ ਖਾਲੀ ਅਸਾਮੀਆਂ ਭਰਨ ਦੀ ਪ੍ਰਕਿਰਿਆ ਤੇਜ਼ ਕਰਨ, ਵੱਡਮੁੱਲੀਆਂ ਪੁਸਤਕਾਂ ਤੇ ਵਿਭਾਗੀ ਰਸਾਲਿਆਂ ਦੀ ਛਪਾਈ ਦੇ ਬਕਾਇਆ ਪਏ ਕਾਰਜ ਜਲਦੀ ਨੇਪਰੇ ਚਾੜ੍ਹਨ ਅਤੇ ਸਾਹਿਤ ਸਦਨ ਸਬੰਧੀ ਮੁੱਦੇ ਸ਼ਾਮਲ ਹਨ। ਡਾਇਰੈਕਟਰ ਭਾਸ਼ਾਵਾਂ ਵੱਲੋਂ ਧਿਆਨ 'ਚ ਲਿਆਂਦੇ ਗਏ ਸਾਰੇ ਮੁੱਦਿਆਂ ਸਬੰਧੀ ਸ. ਬੈਂਸ ਨੇ ਸਬੰਧਤ ਵਿਭਾਗਾਂ ਤੋਂ ਜਲਦੀ ਰਿਪੋਰਟ ਲੈ ਕੇ ਲੋੜੀਂਦੀ ਕਾਰਵਾਈ ਕਰਨ ਦਾ ਭਰੋਸਾ ਦਿਵਾਇਆ। ਉਨ੍ਹਾਂ ਪੁਸਤਕਾਂ ਦੀ ਛਪਾਈ ਸਬੰਧੀ ਜਲਦੀ ਹੀ ਸਬੰਧਤ ਵਿਭਾਗ ਨਾਲ ਜਲਦੀ ਮੀਟਿੰਗ ਕਰਨ ਦੇ ਆਦੇਸ਼ ਵੀ ਜਾਰੀ ਕੀਤੇ। ਇਸ ਮੌਕੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਵੀ ਹਾਜ਼ਰ ਸਨ।




## ਸ਼੍ਰੋਮਣੀ ਗਾਇਕ ਮੁਹੰਮਦ ਸਦੀਕ ਨਾਲ ਸੰਵਾਦ

# ਮਿਆਰੀ ਸ਼ਾਇਰੀ ਤੇ ਗਾਇਕੀ ਵਧੀਆ ਸਮਾਜ ਦੀ ਸਿਰਜਣਾ ਲਈ ਅਹਿਮ


ਭਾਸ਼ਾ ਵਿਭਾਗ ਪੰਜਾਬ ਵੱਲੋਂ ਇੱਥੇ ਮੁੱਖ ਦਫ਼ਤਰ ਦੇ ਸੈਮੀਨਾਰ ਹਾਲ ਵਿਖੇ 27 ਮਈ ਨੂੰ 'ਪੰਜਾਬੀ ਗਾਇਕੀ ਤੇ ਗੀਤਕਾਰੀ ਦੀਆਂ ਭਾਸ਼ਾਈ ਸਮੱਸਿਆਵਾਂ' ਵਿਸ਼ੇ 'ਤੇ ਖੁੱਲੀ ਵਿਚਾਰ ਚਰਚਾ ਕਰਵਾਈ ਗਈ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਕਰਵਾਈ ਗਈ ਇਸ ਚਰਚਾ ਵਿੱਚ ਸ਼੍ਰੋਮਣੀ ਗਾਇਕ ਜਨਾਬ ਮੁਹੰਮਦ ਸਦੀਕ ਮੁੱਖ ਵਕਤਾ ਵਜੋਂ ਸ਼ਾਮਲ ਹੋਏ ਅਤੇ ਪੰਜਾਬੀ ਯੂਨੀਵਰਸਿਟੀ ਦੇ ਸਾਬਕਾ ਪ੍ਰੋ. ਬਲਦੇਵ ਸਿੰਘ ਧਾਲੀਵਾਲ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਇਸ ਤੋਂ ਇਲਾਵਾ ਚਰਚਾ ਵਿੱਚ ਅੱਧੀ ਦਰਜਨ ਦੇ ਕਰੀਬ ਸਰੋਤਿਆਂ 'ਚ ਸ਼ਾਮਲ ਸਾਹਿਤਕ ਮੱਸ ਰੱਖਣ ਵਾਲੀਆਂ ਸ਼ਖ਼ਸੀਅਤਾਂ ਨੇ ਵੀ ਭਾਗ ਲਿਆ।

ਸ. ਜਸਵੰਤ ਸਿੰਘ ਜ਼ਫ਼ਰ ਨੇ ਚਰਚਾ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਮੁਹੰਮਦ ਸਦੀਕ ਸਾਡੀ ਗਾਇਕੀ ਦਾ ਉਹ ਹਸਤਾਖ਼ਰ ਹਨ ਜਿਨ੍ਹਾਂ ਨੇ ਪੰਜਾਬੀ ਸੱਭਿਆਚਾਰ ਦੀ ਸੱਭਿਅਕ ਸ਼ਬਦਾਵਲੀ ਵਾਲੀ ਗਾਇਕੀ ਰਾਹੀਂ ਪੰਜਾਬ ਦੀਆਂ ਚਾਰ ਪੀੜ੍ਹੀਆਂ ਦਾ ਜੀਅ ਲਗਾਕੇ ਰੱਖਿਆ ਹੈ। ਹੁਣ ਅਜਿਹੀ ਗਾਇਕੀ ਦੀ ਕਮੀ ਕਾਰਨ ਹੀ ਸਾਡੀ ਮੌਜੂਦਾ ਪੀੜ੍ਹੀ ਦਾ ਪੰਜਾਬ 'ਚ ਜੀਅ ਨਹੀਂ ਲੱਗ ਰਿਹਾ ਅਤੇ ਉਹ ਪ੍ਰਵਾਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਖਿੱਤੇ ਦੀ ਵਧੀਆ ਤਰਜਮਾਨੀ ਕਰਨ ਵਾਲੀ ਸ਼ਾਇਰੀ ਤੇ ਗਾਇਕੀ ਵਧੀਆ ਸਮਾਜ ਦੀ ਸਿਰਜਣਾ ਕਰਨ 'ਚ ਵੱਡੀ ਭੂਮਿਕਾ ਨਿਭਾਉਂਦੀ ਹੈ।

ਜਨਾਬ ਮੁਹੰਮਦ ਸਦੀਕ ਨੇ ਕਿਹਾ ਕਿ ਗਾਇਕੀ ਦੇ ਖੇਤਰ 'ਚ ਲੰਬਾ ਸਮਾਂ ਸਥਾਪਤ ਹੋਣ ਲਈ ਆਪਣੇ ਖਿੱਤੇ ਦੇ ਸੱਭਿਆਚਾਰ, ਭਾਸ਼ਾ ਤੇ ਸਮੇਂ-ਸਮੇਂ ਆਉਣ ਵਾਲੀਆਂ ਤਬਦੀਲੀਆਂ ਬਾਰੇ ਜਾਣੂ ਹੋਣਾ ਲਾਜ਼ਮੀ ਹੈ। ਇਸ ਦੇ ਨਾਲ ਹੀ ਜਨਜੀਵਨ ਦੇ ਵੱਖ-ਵੱਖ ਪੱਖਾਂ ਰਿਸ਼ਤੇ-ਨਾਤੇ, ਦੁੱਖਾਂ-ਸੁੱਖਾਂ ਤੇ ਹੋਰਨਾਂ ਰੰਗਾਂ ਨੂੰ ਸੱਭਿਅਕ ਸ਼ਾਇਰੀ ਤੇ ਸੰਗੀਤ ਰਾਹੀਂ ਪੇਸ਼ ਕਰਕੇ ਹੀ ਲੋਕ ਗਾਇਕ ਅਖਵਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਸਮੇਂ-ਸਮੇਂ ਸਿਰ ਇਸ ਤਰ੍ਹਾਂ ਦੀ ਸਿੱਖਿਆ ਦੇਣ ਵਾਲੀਆਂ ਸ਼ਖ਼ਸੀਅਤਾਂ ਨਾਲ ਹੋਏ ਮੇਲ ਮਿਲਾਪ ਅਤੇ ਭਾਸ਼ਾਈ ਪਕੜ ਤੇ ਸ਼ੁੱਧਤਾ ਲਈ ਚੰਗੀਆਂ ਕਿਤਾਬਾਂ








ਪੜ੍ਹਨ ਨੇ ਉਨ੍ਹਾਂ ਦੀ ਗਾਇਕੀ ਦੇ ਸਫ਼ਰ ਨੂੰ ਸਫ਼ਲ ਬਣਾਉਣ ਵਿੱਚ ਵੱਡਾ ਯੋਗਦਾਨ ਪਾਇਆ। ਜਨਾਬ ਸਦੀਕ ਨੇ ਕਿਹਾ ਕਿ ਉਨ੍ਹਾਂ ਨੂੰ ਨਾਨਕ ਸਿੰਘ, ਜਸਵੰਤ ਸਿੰਘ ਕੰਵਲ ਆਦਿ ਦੀਆਂ ਲਿਖਤਾਂ ਪੜ੍ਹਕੇ ਪੰਜਾਬੀ ਜਨਜੀਵਨ ਦੀ ਚੰਗੇਰੀ ਸਮਝ ਪ੍ਰਾਪਤ ਹੋਈ। ਉਨ੍ਹਾਂ ਕਿਹਾ ਕਿ ਅਜੋਕੇ ਦੌਰ 'ਚ ਜ਼ਿਆਦਾਤਰ ਗਾਇਕੀ ਦੇਖਣ ਵਾਲੀ ਕਲਾ ਬਣਕੇ ਰਹਿ ਗਈ ਹੈ ਅਤੇ ਬਹੁਤ ਥੋੜ੍ਹੇ ਗਾਇਕ ਹਨ ਜੋ ਅੱਜ ਵੀ ਗੀਤਕਾਰੀ ਤੇ ਗਾਇਕੀ ਪੱਖੋਂ ਨੈਤਿਕ ਤੇ ਸਮਾਜਿਕ ਕਦਰਾਂ ਕੀਮਤਾਂ ਨੂੰ ਪ੍ਰਣਾਏ ਹੋਏ ਹਨ। ਜਨਾਬ ਸਦੀਕ ਨੇ ਕਿਹਾ ਕਿ ਗਾਇਕੀ ਦੇ ਹਰ ਦੌਰ 'ਚ ਸਰੋਤਿਆਂ ਦੀ ਭੂਮਿਕਾ ਦਾ ਬਹੁਤ ਅਹਿਮ ਰਹੀ ਹੈ। ਇਸ ਕਰਕੇ ਸਰੋਤਿਆਂ ਦਾ ਫ਼ਰਜ਼ ਬਣਦਾ ਹੈ ਕਿ ਉਹ ਸੱਭਿਅਕ ਗਾਇਕੀ ਨੂੰ ਪ੍ਰਣਾਏ ਗਾਇਕਾਂ ਨੂੰ ਭਰਵਾਂ ਹੁੰਗਾਰਾ ਦੇਣ। ਉਨ੍ਹਾਂ ਕਿਹਾ ਕਿ ਉਚੇਰੀ ਸਿੱਖਿਆ ਦੀ ਆਪਣੇ-ਆਪ ਵਿੱਚ ਕਮੀ ਮਹਿਸੂਸ ਕਰਦੇ ਹੋਏ ਆਪਣੀਆਂ ਛੇ ਧੀਆਂ ਨੂੰ ਤਾਲੀਮ ਦੇਣ ਦੀ ਪੂਰੀ ਵਾਹ ਲਗਾਈ ਅਤੇ ਕਾਮਯਾਬ ਵੀ ਹੋਇਆ। ਉਨ੍ਹਾਂ ਭਾਸ਼ਾ ਵਿਭਾਗ ਵੱਲੋਂ ਦਿੱਤੇ ਗਏ ਸਤਿਕਾਰ ਲਈ ਧੰਨਵਾਦ ਵੀ ਕੀਤਾ।

ਡਾ. ਬਲਦੇਵ ਸਿੰਘ ਧਾਲੀਵਾਲ ਨੇ ਆਪਣੇ ਪ੍ਰਧਾਨਗੀ ਭਾਸ਼ਣ 'ਚ ਕਿਹਾ ਕਿ ਨਵੀਂ ਪੀੜ੍ਹੀ ਅਕਸਰ ਹੀ ਆਪਣੇ ਇਲਾਕੇ 'ਚ ਹੋਣ ਵਾਲੇ ਖੇਡ, ਗਾਇਕੀ ਤੇ ਹੋਰਨਾਂ ਸਮਾਗਮਾਂ ਤੋਂ ਪ੍ਰੇਰਿਤ ਹੋ ਕੇ ਹੀ ਕਿਸੇ ਨਾ ਕਿਸੇ ਖੇਤਰ 'ਚ ਅੱਗੇ ਵਧਣ ਲਈ ਯਤਨ ਕਰਦੀ ਹੈ। ਇਸ ਕਰਕੇ ਸਾਡੇ ਖਿਡਾਰੀ, ਗਾਇਕ ਤੇ ਹੋਰਨਾਂ ਖੇਤਰਾਂ ਦੀਆਂ ਸ਼ਖ਼ਸੀਅਤਾਂ ਜਿਸ ਤਰ੍ਹਾਂ ਦੀਆਂ ਵੀ ਪੇਸ਼ਕਾਰੀਆਂ ਕਰਦੀਆਂ ਹਨ ਉਸੇ ਤਰ੍ਹਾਂ ਦਾ ਅਸਰ ਸਬੰਧਤ ਖਿੱਤੇ ਦੀ ਨੌਜਵਾਨ ਪੀੜ੍ਹੀ 'ਤੇ ਪੈਂਦਾ ਹੈ। ਇਸ ਕਰਕੇ ਸਾਡੇ ਨਾਇਕਾਂ ਦਾ ਕਿਰਦਾਰ ਉੱਚਪਾਏ ਦਾ ਹੋਣਾ ਚਾਹੀਦਾ ਹੈ। ਵਿਚਾਰ ਚਰਚਾ 'ਚ ਪ੍ਰਿੰ. ਤੋਤਾ ਸਿੰਘ ਚਹਿਲ, ਸ਼ਾਇਰ ਅਵਤਾਰਜੀਤ, ਗੁਰਪ੍ਰੀਤ ਢਿੱਲੋਂ, ਸੁਰਿੰਦਰ ਕੌਰ ਬਾੜਾ ਤੇ ਹੋਰਨਾਂ ਨੇ ਹਿੱਸਾ ਲਿਆ।

ਵਿਭਾਗ ਦੀ ਸੰਯੁਕਤ ਨਿਰਦੇਸ਼ਕਾ ਹਰਪ੍ਰੀਤ ਕੌਰ ਨੇ ਬੂਟਾ ਭੇਟ ਕਰਕੇ ਜਨਾਬ ਮੁਹੰਮਦ ਸਦੀਕ ਦਾ ਸਵਾਗਤ ਕੀਤਾ ਅਤੇ ਸਮਾਗਮ ਦੇ ਅਖ਼ੀਰ ਵਿੱਚ ਵਿਭਾਗ ਵੱਲੋਂ ਸ਼ਾਲ ਤੇ ਪੁਸਤਕਾਂ ਦਾ ਸੈੱਟ ਭੇਟ ਕਰਕੇ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ। ਵਿਚਾਰ ਚਰਚਾ ਦਾ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ ਅਤੇ ਮੰਚ ਸੰਚਾਲਨ ਖੋਜ ਅਫ਼ਸਰ ਡਾ. ਮਨਜਿੰਦਰ ਸਿੰਘ ਨੇ ਕੀਤਾ। ਇਸ ਮੌਕੇ 'ਤੇ ਵਿਭਾਗ ਦੇ ਡਿਪਟੀ ਡਾਇਰੈਕਟਰ ਹਰਭਜਨ ਕੌਰ ਤੇ ਸਤਨਾਮ ਸਿੰਘ, ਸਹਾਇਕ ਨਿਰਦੇਸ਼ਕ ਅਮਰਿੰਦਰ ਸਿੰਘ, ਸੁਖਪ੍ਰੀਤ ਕੌਰ, ਆਲੋਕ ਚਾਵਲਾ, ਸੁਰਿੰਦਰ ਕੌਰ, ਜਸਪ੍ਰੀਤ ਕੌਰ, ਪ੍ਰਿੰ. ਹਰਦੀਪ ਕੁਮਾਰ ਟੌਹੜਾ, ਪ੍ਰਿੰ. ਮਨਮੋਹਨ ਸਿੰਘ ਤੇ ਵੱਡੀ ਗਿਣਤੀ ਵਿੱਚ ਸਰੋਤੇ ਹਾਜ਼ਰ ਸਨ।






ਭਾਸ਼ਾ ਵਿਭਾਗ ਪੰਜਾਬ ਦੇ ਮਾਸਿਕ ਰਸਾਲੇ 'ਪੰਜਾਬੀ ਦੁਨੀਆ' ਦਾ 'ਪਦਮ ਸ੍ਰੀ ਸੁਰਜੀਤ ਪਾਤਰ' ਵਿਸ਼ੇਸ਼ ਅੰਕ ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ ਵਿੱਚ ਛਾਪਿਆ ਗਿਆ। ਜਿਸ ਵਿੱਚ ਪਾਤਰ ਸਾਹਿਬ ਦੀਆਂ ਸਾਹਿਤਕ ਕ੍ਰਿਤਾਂ ਬਾਰੇ ਵਿਦਵਾਨ ਸਖਸ਼ੀਅਤਾਂ ਨੇ ਖੋਜ ਭਰਪੂਰ ਲੇਖ ਸ਼ਾਮਲ ਕੀਤੇ ਗਏ।





13 ਜੁਲਾਈ, 2024 ਨੂੰ ਭਾਸ਼ਾ ਵਿਭਾਗ ਪੰਜਾਬ ਦੇ ਵਿਹੜੇ 'ਚ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਵਣ ਮਹਾਂਉਤਸਵ ਮਨਾਇਆ ਗਿਆ। ਜਿਸ ਦੌਰਾਨ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸੌ ਦੇ ਕਰੀਬ ਪੌਦੇ ਲਗਾਕੇ, ਚੌਗਿਰਦੇ ਨੂੰ ਹਰਾ-ਭਰਾ ਬਣਾਉਣ ਦਾ ਉਪਰਾਲਾ ਕੀਤਾ। ਤਕਰੀਬਨ ਇੱਕ ਸਾਲ 'ਚ ਹੀ ਇਹ ਪੌਦੇ ਸਟਾਫ਼ ਵੱਲੋਂ ਕੀਤੀ ਗਈ ਸੇਵਾ-ਸੰਭਾਲ ਨਾਲ ਵਿਭਾਗ ਦੇ ਵਿਹੜੇ ਨੂੰ ਹਰਿਆਲੀ ਪ੍ਰਦਾਨ ਕਰਨ ਦੇ ਸਮਰੱਥ ਹੋ ਗਏ ਹਨ।




## ਕਵਿਤਾ ਸੰਗਤ

# ਪੰਜਾਬੀ ਕਵਿਤਾ ਨੂੰ ਵਿਲੱਖਣ ਮੁਹਾਂਦਰਾ ਦੇਣ ਵਾਲੇ ਸ਼ਾਇਰ ਗੁਰਦੇਵ ਚੌਹਾਨ ਨਾਲ ਸੰਵਾਦ

ਭਾਸ਼ਾ ਵਿਭਾਗ ਪੰਜਾਬ ਵੱਲੋਂ ਪ੍ਰਬੁੱਧ ਸ਼ਾਇਰ ਗੁਰਦੇਵ ਚੌਹਾਨ ਨੂੰ 3 ਜੂਨ, 2025 ਨੂੰ ਸਾਹਿਤ ਪ੍ਰੇਮੀਆਂ ਦੇ ਰੂਬਰੂ ਕਰਵਾਇਆ ਗਿਆ। 'ਕਵਿਤਾ ਸੰਗਤ' ਬੈਨਰ ਹੇਠ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਕਰਵਾਏ ਗਏ ਇਸ ਸਮਾਗਮ ਦੌਰਾਨ ਕਵੀ ਗੁਰਪ੍ਰੀਤ ਮਾਨਸਾ ਨੇ ਸ੍ਰੀ ਗੁਰਦੇਵ ਚੌਹਾਨ ਨਾਲ ਸੰਵਾਦ ਰਚਾਇਆ। ਸਮਾਗਮ ਦੀ ਪ੍ਰਧਾਨਗੀ ਉੱਘੇ ਵਿਦਵਾਨ ਡਾ. ਜਸਵਿੰਦਰ ਸਿੰਘ ਨੇ ਕੀਤੀ। ਅੱਧੀ ਦਰਜਨ ਦੇ ਕਰੀਬ ਸਰੋਤਿਆਂ ਨੇ ਵੀ ਸ੍. ਚੌਹਾਨ ਨੂੰ ਸੁਆਲ ਕਰਕੇ, ਸਮਾਗਮ ਦੇ ਮਿਆਰ 'ਚ ਵਾਧਾ ਕੀਤਾ।

ਸਵਾਗਤੀ ਭਾਸ਼ਣ 'ਚ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਗੁਰਦੇਵ ਚੌਹਾਨ ਵੱਡਾ ਕਵੀ ਹੈ ਪਰ ਪ੍ਰਸਿੱਧ ਘੱਟ ਹੈ। ਵਧੀਆ ਸ਼ਾਇਰ ਬਣਨ ਲਈ ਮਸ਼ਹੂਰ ਵੀ ਹੋਣਾ ਲਾਜ਼ਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਗੁਰਦੇਵ ਚੌਹਾਨ ਬੜੀ ਸਹਿਜ ਤੇ ਸੌਖੀ ਕਵਿਤਾ ਕਹਿੰਦੇ ਹਨ ਅਤੇ ਆਪਣੀ ਕਵਿਤਾ ਰਾਹੀਂ ਬੜੀ ਜਲਦੀ ਪਾਠਕ ਦੇ ਨੇੜੇ ਆ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅਜਿਹੀ ਕਵਿਤਾ ਹੀ ਪਾਠਕ ਦੇ ਮਨ ਨੂੰ ਤ੍ਰਿਪਤੀ ਤੇ ਅਨੰਦ ਪ੍ਰਦਾਨ ਕਰਦੀ ਹੈ। ਸ੍ਰੀ ਗੁਰਦੇਵ ਚੌਹਾਨ ਨੇ ਦੱਸਿਆ ਕਿ ਉਹ ਤੀਸਰੀ-ਚੌਥੀ ਜਮਾਤ 'ਚ ਹੀ ਕਿੱਸਾ ਕਾਵਿ ਪੜ੍ਹਨ ਲੱਗ ਗਏ ਸਨ ਅਤੇ ਦਸਵੀਂ ਜਮਾਤ ਤੱਕ ਪੁੱਜਦਿਆਂ ਉਹ ਕਵਿਤਾ ਲਿਖਣ ਲੱਗ ਗਏ ਸਨ। ਉਨ੍ਹਾਂ ਗ੍ਰੈਜੂਏਸ਼ਨ ਕਰਦਿਆਂ ਪਹਿਲੀ ਕਾਵਿ ਪੁਸਤਕ ਲਿਖ ਦਿੱਤੀ ਸੀ। ਉਨ੍ਹਾਂ ਕਿਹਾ ਕਿ ਬਦਲਦੀਆਂ ਪ੍ਰਸਥਿਤੀਆਂ ਉਨ੍ਹਾਂ ਦੀ ਕਵਿਤਾ ਨੂੰ ਨਵੇਂ ਵਿਸ਼ੇ ਪ੍ਰਦਾਨ ਕਰਦੀਆਂ ਹਨ ਜਿਸ ਕਾਰਨ ਉਨ੍ਹਾਂ ਦੀ ਕਵਿਤਾ 'ਚ ਨਵੀਨਤਾ ਬਣੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਕਵਿਤਾ ਕਵੀ ਤੋਂ ਅੰਦਰ-ਬਾਹਰ ਦਾ ਸਹਿਜ ਮੰਗਦੀ ਹੈ। ਉਨ੍ਹਾਂ ਕਿਹਾ ਕਿ ਉਸ ਨੂੰ ਕੁਝ ਸ਼ਬਦ ਬਹੁਤ ਚੰਗੇ ਲੱਗਦੇ ਹਨ ਜੋ ਵਾਰ-ਵਾਰ ਉਨ੍ਹਾਂ ਦੀ ਕਵਿਤਾ 'ਚ ਆਉਂਦੇ ਹਨ। ਇਸ ਮੌਕੇ ਡਾ. ਸੰਤੋਖ ਸੁੱਖੀ, ਤੁਸ਼ਾਰ, ਗੁਰਮੁਖ ਸਿੰਘ ਜਾਗੀ, ਬਲਵਿੰਦਰ ਸਿੰਘ ਭੱਟੀ ਆਦਿ ਨੇ ਵੀ ਸ. ਚੌਹਾਨ ਨੂੰ ਸੁਆਲ ਕੀਤੇ।

ਆਪਣੇ ਪ੍ਰਧਾਨਗੀ ਭਾਸ਼ਣ 'ਚ ਡਾ.







ਜਸਵਿੰਦਰ ਸਿੰਘ ਨੇ ਭਾਸ਼ਾ ਵਿਭਾਗ ਵੱਲੋਂ ਕੀਤੀਆਂ ਜਾਂਦੀਆਂ ਸਾਹਿਤਕ ਸਰਗਰਮੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਇਹ ਇੱਕ ਵਿਲੱਖਣ ਤੇ ਸਮਰੱਥਾਵਾਨ ਸੰਸਥਾ ਹੈ। ਇਸ ਕਰਕੇ ਇਸ ਨੂੰ ਅਜਿਹੇ ਮਿਆਰੀ ਸਮਾਗਮ ਰਚਾਉਣ ਦਾ ਸਿਲਸਿਲਾ ਨਿਰੰਤਰ ਜਾਰੀ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿ ਸਮੇਂ ਦੇ ਨਾਲ-ਨਾਲ ਬਦਲਦੀ ਕਵਿਤਾ ਹੀ ਵਕਤ ਦੀ ਆਵਾਜ਼ ਬਣਦੀ ਹੈ। ਇੱਕ ਸਮੇਂ ਕਈ ਧਰਾਵਾਂ 'ਚ ਕਵਿਤਾ ਰਚੀ ਜਾਂਦੀ ਹੈ ਅਤੇ ਹਰ ਤਰ੍ਹਾਂ ਦੀ ਕਵਿਤਾ ਨੂੰ ਚਾਹੁਣ ਵਾਲੇ ਪਾਠਕਾਂ/ਸਰੋਤਿਆਂ ਦੇ ਵਰਗ ਵੱਖਰੇ-ਵੱਖਰੇ ਹੁੰਦੇ ਹਨ। ਸੰਵਾਦ ਕਰਤਾ ਗੁਰਪ੍ਰੀਤ ਮਾਨਸਾ ਨੇ ਕੁਝ ਕਾਵਿ ਵੰਨਗੀਆਂ ਵੀ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਸਮਾਗਮ ਦੇ ਆਰੰਭ ਵਿੱਚ ਭਾਸ਼ਾ ਵਿਭਾਗ ਦੀ ਸੰਯੁਕਤ ਨਿਰਦੇਸ਼ਕਾ ਹਰਪ੍ਰੀਤ ਕੌਰ ਨੇ ਸ. ਗੁਰਦੇਵ ਚੌਹਾਨ ਦਾ ਪੌਦਾ ਭੇਟ ਕਰਕੇ ਸਵਾਗਤ ਕੀਤਾ ਅਤੇ ਅਖ਼ੀਰ ਵਿੱਚ ਵਿਭਾਗ ਵੱਲੋਂ ਸ. ਚੌਹਾਨ ਨੂੰ ਸ਼ਾਲ ਅਤੇ ਪੁਸਤਕਾਂ ਦਾ ਸੈੱਟ ਭੇਟ ਕਰਕੇ ਸਤਿਕਾਰ ਦਿੱਤਾ ਗਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਵਿਭਾਗ ਦੀ ਡਿਪਟੀ ਡਾਇਰੈਕਟਰ ਹਰਭਜਨ ਕੌਰ, ਡਿਪਟੀ ਡਾਇਰੈਕਟਰ ਚੰਦਨਦੀਪ ਕੌਰ, ਸਹਾਇਕ ਨਿਰਦੇਸ਼ਕ ਅਮਰਿੰਦਰ ਸਿੰਘ ਤੇ ਜਸਪ੍ਰੀਤ ਕੌਰ, ਪ੍ਰੋ. ਸੁਰਜੀਤ ਸਿੰਘ, ਸ਼ਾਇਰ ਬਲਵਿੰਦਰ ਸੰਧੂ, ਜਗਦੀਪ ਸਿੱਧੂ, ਸੰਤ ਸਿੰਘ ਸੋਹਲ, ਨਵਦੀਪ ਮੁੰਡੀ, ਅਵਤਾਰਜੀਤ, ਹਰਪ੍ਰੀਤ ਸੰਧੂ ਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।







**ਸਾਹਿਤਕਾਰਾਂ ਦਾ ਮਾਣ-ਸਤਿਕਾਰ:** ਕੈਨੇਡਾ ਵਸਦੇ ਬਹੁ-ਵਿਧਾਵੀ ਪੰਜਾਬੀ ਲੇਖਕ ਸ. ਵਰਿਆਮ ਸਿੰਘ ਸੰਧੂ ਨੇ ਭਾਸ਼ਾ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਪਟਿਆਲਾ ਵਿਖੇ ਫੇਰੀ ਪਾਈ। ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਭਾਸ਼ਾ ਵਿਭਾਗ ਦੇ ਅਧਿਕਾਰੀਆਂ ਨੇ ਸ. ਸੰਧੂ ਦਾ ਸਵਾਗਤ ਕੀਤਾ। ਉਨ੍ਹਾਂ ਆਪਣੀ ਹਾਲ ਹੀ ਵਿੱਚ ਪ੍ਰਕਾਸ਼ਿਤ ਹੋਈ ਕਾਵਿ ਪੁਸਤਕ 'ਵਰ੍ਹਿਆਂ ਪਿੱਛੋਂ' 'ਚੋਂ ਕੁਝ ਰਚਨਾਵਾਂ ਵੀ ਸੁਣਾਈਆਂ। ਵਿਭਾਗ ਵੱਲੋਂ ਡਾ. ਜਸਵੰਤ ਸਿੰਘ ਜ਼ਫ਼ਰ ਨੇ ਸ. ਸੰਧੂ ਨੂੰ ਵਿਭਾਗੀ ਸ਼ਾਲ ਅਤੇ ਉਨ੍ਹਾਂ ਦੇ ਪਿੰਡ ਦੀ ਸਰਵੇ ਪੁਸਤਕ 'ਸੁਰ ਸਿੰਘ' ਭੇਂਟ ਕਰਕੇ ਸਤਿਕਾਰ ਦਿੱਤਾ। ਇਸ ਮੌਕੇ ਡਾ. ਕੁਲਵੰਤ ਸਿੰਘ ਸੰਧੂ ਜਲੰਧਰ, ਡਾ. ਬਲਵਿੰਦਰ ਸਿੰਘ ਗਰੇਵਾਲ ਖੰਨਾ, ਡਾ. ਬਲਦੇਵ ਸਿੰਘ ਧਾਲੀਵਾਲ ਪਟਿਆਲਾ, ਡਾ. ਸੁਰਜੀਤ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਭਾਸ਼ਾ ਵਿਭਾਗ ਦੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ ਤੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਵੀ ਹਾਜ਼ਰ ਸਨ।






## ਕਥਾ ਤੇ ਕਥਾਕਾਰ: ਉਚਾਰ ਤੇ ਵਿਚਾਰ

# ਸੰਵੇਦਨਾਵਾਂ ਦੀ ਪੁਨਰ ਸੁਰਜੀਤੀ ਲਈ ਸਾਹਿਤ ਨਾਲ ਜੁੜਨਾ ਲਾਜ਼ਮੀ

ਭਾਸ਼ਾ ਵਿਭਾਗ, ਪੰਜਾਬ ਵੱਲੋਂ ਇੱਥੇ ਭਾਸ਼ਾ ਭਵਨ ਵਿਖੇ 'ਕਥਾ ਤੇ ਕਥਾਕਾਰ: ਉਚਾਰ ਤੇ ਵਿਚਾਰ' ਸਿਰਲੇਖ ਹੇਠ 24 ਜੂਨ, 2025 ਨੂੰ ਪੰਜਾਬੀ ਦੇ ਨਾਮਵਰ ਕਹਾਣੀਕਾਰ ਬਲਵਿੰਦਰ ਗਰੇਵਾਲ ਤੇ ਜਤਿੰਦਰ ਹਾਂਸ ਨੂੰ ਸਾਹਿਤ ਪ੍ਰੇਮੀਆਂ ਦੇ ਰੂਬਰੂ ਕਰਵਾਇਆ ਗਿਆ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਕਰਵਾਏ ਗਏ ਇਸ ਸਮਾਗਮ ਦੀ ਪ੍ਰਧਾਨਗੀ ਉੱਘੇ ਚਿੰਤਕ ਡਾ. ਧਨਵੰਤ ਕੌਰ ਨੇ ਕੀਤੀ ਅਤੇ ਕਹਾਣੀਕਾਰਾਂ ਨਾਲ ਜਾਣ-ਪਛਾਣ ਕਰਵਾਉਣ ਦੀ ਜ਼ਿੰਮੇਵਾਰੀ ਡਾ. ਪਰਮਜੀਤ ਸਿੰਘ ਨੇ ਨਿਭਾਈ। ਇਸ ਮੌਕੇ ਨਾਮਵਰ ਚਿੰਤਕ ਡਾ. ਜਸਵਿੰਦਰ ਸਿੰਘ, ਡਾ. ਬਲਦੇਵ ਸਿੰਘ ਧਾਲੀਵਾਲ, ਡਾ. ਸੁਰਜੀਤ ਸਿੰਘ, ਸ਼੍ਰੋਮਣੀ ਸ਼ਾਇਰ ਬਲਵਿੰਦਰ ਸੰਧੂ, ਗੁਰਚਰਨ ਸਿੰਘ ਪੱਬਰਾਲੀ ਸਮੇਤ ਸਾਹਿਤ ਨਾਲ ਜੁੜੀਆਂ ਬਹੁਤ ਸਾਰੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

ਕਹਾਣੀਕਾਰ ਬਲਵਿੰਦਰ ਗਰੇਵਾਲ ਨੇ ਪੰਜਾਬ 'ਚੋਂ ਹੋ ਰਹੇ ਪ੍ਰਵਾਸ ਤੇ ਪੰਜਾਬ 'ਚ ਹੋ ਰਹੇ ਪ੍ਰਵਾਸ 'ਤੇ ਅਧਾਰਤ ਆਪਣੀ ਕਹਾਣੀ 'ਡੁਮਣੇ ਦਾ ਡੰਗ' ਪੜ੍ਹੀ, ਜੋ ਬਹੁਤ ਸਾਰੇ ਵਿਸ਼ਿਆਂ ਨੂੰ ਛੂਹਣ ਵਾਲੀ ਰੋਚਕ ਕਹਾਣੀ ਹੋ ਨਿੱਬੜੀ। ਆਪਣੀ ਸਿਰਜਣ ਪ੍ਰਕਿਰਿਆ ਬਾਰੇ ਸ. ਗਰੇਵਾਲ ਨੇ ਕਿਹਾ ਕਿ ਉਨ੍ਹਾਂ ਕਿਹਾ ਕਹਾਣੀ ਕਦੋਂ ਵੀ ਕਿਸੇ ਵੀ ਹਾਲਾਤ 'ਚ ਸੁੱਝ ਜਾਂਦੀ ਹੈ ਪਰ ਇਸ ਨੂੰ ਸਿਰਜਣ ਲਈ ਲੰਬਾ ਸਮਾਂ ਲੱਗਦਾ ਹੈ ਤੇ ਕਈ ਵਾਰ ਦੋ-ਤਿੰਨ ਘਟਨਾਵਾਂ ਦੇ ਮੇਲ ਨਾਲ ਵੀ ਕਹਾਣੀ ਸਿਰਜੀ ਜਾਂਦੀ ਹੈ ਉਸ ਵਿੱਚ ਬਦਲਾਅ ਵੀ ਆ ਜਾਂਦਾ ਹੈ। ਉਨ੍ਹਾਂ ਆਪਣੀਆਂ ਚੋਣਵੀਆਂ ਕਹਾਣੀਆਂ ਦੀ ਸਿਰਜਣਾ ਦੀਆਂ ਮਿਸਾਲਾਂ ਵੀ ਦਿੱਤੀਆਂ। ਦੂਸਰੇ ਕਹਾਣੀਕਾਰ ਜਤਿੰਦਰ ਹਾਂਸ ਨੇ ਆਪਣੀ ਕਹਾਣੀ 'ਛਿੱਟ ਕੁ ਕਹਾਣੀ' ਰਾਹੀਂ ਮਰਦ ਦੀ ਜ਼ਿੰਦਗੀ 'ਚ ਔਰਤ ਦੀ ਅਹਿਮੀਅਤ ਨੂੰ ਦਰਸਾਇਆ। ਜਿਸ ਨੂੰ ਸਰੋਤਿਆਂ ਨੇ ਬਹੁਤ ਪਸੰਦ ਕੀਤਾ। ਆਪਣੀ ਸਿਰਜਣ ਪ੍ਰਕਿਰਿਆ ਬਾਰੇ ਉਨ੍ਹਾਂ ਕਿਹਾ ਕਿ ਉਹ ਬਹੁਤਾ ਸਮਾਜਿਕ ਪ੍ਰਾਣੀ ਨਹੀਂ ਹੈ ਭਾਵ ਅੰਤਰਮੁਖੀ ਹੈ। ਜੇਕਰ ਉਹ ਭੀੜ 'ਚ ਵਿਚਰਨ ਦਾ ਆਦੀ ਹੁੰਦਾ ਸ਼ਾਇਦ ਉਹ ਕਹਾਣੀਆਂ ਨਾ ਸਿਰਜ






ਸਕਦਾ ਕਿਉਂਕਿ ਹੁਣ ਉਹ ਦੁਨੀਆ ਨੂੰ ਇੱਕ ਕੋਨੇ 'ਚ ਇਕੱਲਾ ਖੜਕੇ ਦੇਖਦਾ/ਵਾਚਦਾ ਹੈ ਤੇ ਉਸ ਵਿੱਚੋਂ ਕਹਾਣੀਆਂ ਫੜਦਾ ਹੈ। ਸ੍ਰੀ ਹਾਂਸ ਨੇ ਕਿਹਾ ਕਿ ਉਸ ਨੂੰ ਇਹ ਕਦੇ ਵੀ ਯਾਦ ਨਹੀਂ ਰਹਿੰਦਾ ਕਿ ਉਸ ਨੂੰ ਕਹਾਣੀ ਕਿੰਨਾਂ ਹਾਲਾਤਾਂ 'ਚ ਔੜੀ ਜਾਂ ਮਿਲੀ।

ਸਮਾਗਮ ਦੀ ਪ੍ਰਧਾਨਗੀ ਕਰ ਰਹੇ ਡਾ. ਧਨਵੰਤ ਕੌਰ ਨੇ ਕਿਹਾ ਕਿ ਭਾਸ਼ਾ ਵਿਭਾਗ ਦਾ ਮਾਹੌਲ ਬਦਲਣ ਲੱਗਿਆ ਹੈ ਤੇ ਇਸ ਦੀ ਫ਼ਿਜ਼ਾ 'ਚ ਸਾਹਿਤਕ ਰੰਗਤ ਮੁੜ ਨਜ਼ਰ ਆਉਣ ਲੱਗੀ ਹੈ। ਭਾਸ਼ਾ ਵਿਭਾਗ ਕੋਲ ਬਹੁਤ ਵੱਡਾ ਸਾਹਿਤਕ, ਖੋਜ ਭਰਪੂਰ ਤੇ ਗਿਆਨ ਵਰਧਕ ਸਰਮਾਇਆ ਹੈ, ਜੋ ਆਮ ਲੋਕਾਂ ਤੱਕ ਪਹੁੰਚਾਉਣਾ ਚਾਹੀਦਾ ਹੈ ਤਾਂ ਜੋ ਪੰਜਾਬੀ ਮੁੜ ਸ਼ਬਦ ਨਾਲ ਜੁੜ ਸਕਣ। ਸਮਾਗਮ ਸਬੰਧੀ ਉਨ੍ਹਾਂ ਕਿਹਾ ਕਿ ਬਲਵਿੰਦਰ ਗਰੇਵਾਲ ਤੇ ਜਤਿੰਦਰ ਹਾਂਸ ਦੋਨੋਂ ਹੀ ਸਮਕਾਲੀ ਤੇ ਨਵੇਂ ਦਿਸਹੱਦੇ ਕਾਇਮ ਕਰਨ ਵਾਲੇ ਕਹਾਣੀਕਾਰ ਹਨ। ਦੋਨੋਂ ਹੀ ਪੰਜਾਬ ਦੀ ਪੇਂਡੂ ਰਹਿਤਲ ਨਾਲ ਜੁੜੇ ਹੋਏ ਹਨ ਪਰ ਉਨ੍ਹਾਂ ਦਾ ਕਹਾਣੀ ਕਹਿਣ ਦਾ ਤਰੀਕਾ ਤੇ ਦ੍ਰਿਸ਼ਟੀਕੋਣ ਵੱਖਰਾ-ਵੱਖਰਾ ਹੈ, ਜੋ ਇਨ੍ਹਾਂ ਦੀਆਂ ਕਹਾਣੀਆਂ ਨੂੰ ਅਮੀਰੀ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਸਾਹਿਤ ਬਾਰੇ ਕਿਹਾ ਜਾਂਦਾ ਹੈ ਕਿ ਉਹ ਜ਼ਮਾਨੇ/ਸਮਕਾਲ ਦੀ ਤਰਜਮਾਨੀ ਕਰਦਾ ਹੈ ਪਰ ਉਨ੍ਹਾਂ ਦੀ ਰਾਇ ਹੈ ਕਿ ਉਹੀ ਸਾਹਿਤ ਵਧੇਰੇ ਪੜ੍ਹਿਆ ਜਾਂਦਾ ਹੈ ਜੋ ਜ਼ਮਾਨੇ ਤੋਂ ਅੱਗੇ ਦੀ ਗੱਲ ਕਰੇ।

ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਧੰਨਵਾਦੀ ਭਾਸ਼ਣ 'ਚ ਕਿਹਾ ਕਿ ਅਜੋਕੇ ਦੌਰ 'ਚ ਅਸੀਂ ਸੁਣਨ ਦੇ ਆਦੀ ਨਹੀਂ ਰਹੇ ਸਿਰਫ਼ ਦੇਖਣ ਤੇ ਕਹਿਣ ਦਾ ਰੁਝਾਨ ਵਧ ਗਿਆ ਹੈ। ਜਿਸ ਕਾਰਨ ਸਾਡੀਆਂ ਸੰਵੇਦਨਾਵਾਂ ਕਮਜ਼ੋਰ ਹੋ ਗਈਆਂ ਹਨ। ਸੰਵੇਦਨਾਵਾਂ ਕਮਜ਼ੋਰ ਹੋਣ ਕਾਰਨ ਸਾਡੇ ਰਿਸ਼ਤਿਆਂ ਤੇ ਸਬੰਧਾਂ 'ਚ ਤਣਾਅ ਵਧ ਰਿਹਾ ਹੈ। ਉਨ੍ਹਾਂ ਅਪੀਲ ਕੀਤੀ ਕਿ ਇਸ ਨਾਜ਼ੁਕ ਦੌਰ 'ਚੋਂ ਨਿਕਲਣ ਲਈ ਸਾਹਿਤ ਹੀ ਇੱਕੋ-ਇੱਕ ਜ਼ਰੀਆ ਹੈ, ਆਓ ਪੁਸਤਕਾਂ ਨਾਲ ਜੁੜੀਏ ਤੇ ਇਸ ਤਰ੍ਹਾਂ ਦੇ ਸਮਾਗਮਾਂ ਲਈ ਸਮਾਂ ਕੱਢੀਏ। ਉਨ੍ਹਾਂ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਆਪਣੇ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਪੁਸਤਕ ਸੱਭਿਆਚਾਰ ਨਾਲ ਜੋੜਨ ਲਈ ਨਵਾਂ ਉੱਦਮ ਕੀਤਾ ਹੈ। ਜਿਸ ਤਹਿਤ ਹਰ ਇੱਕ ਨੂੰ ਮਹੀਨੇ 'ਚ ਇੱਕ ਪੁਸਤਕ ਪੜ੍ਹਨੀ ਲਾਜ਼ਮੀ ਕਰ ਦਿੱਤੀ ਗਈ ਅਤੇ ਮਹੀਨੇ ਦੇ ਅਖ਼ੀਰ 'ਚ ਪੜ੍ਹੀਆਂ ਪੁਸਤਕਾਂ ਬਾਰੇ ਹਰੇਕ ਦੇ ਵਿਚਾਰ ਸੁਣੇ ਜਾਣਗੇ।















ਡਾ. ਪਰਮਜੀਤ ਸਿੰਘ ਨੇ ਦੋਨੋਂ ਕਹਾਣੀਕਾਰਾਂ ਦੀਆਂ ਲਿਖਤਾਂ ਬਾਰੇ ਜਾਣਕਾਰੀ ਦਿੱਤੀ ਤੇ ਉਨ੍ਹਾਂ ਦੀਆਂ ਕਹਾਣੀਆਂ ਦੀ ਸਾਹਿਤਕ ਪੜਚੋਲ ਵੀ ਕੀਤੀ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਰੰਗਕਰਮੀ ਵਿਨੋਦ ਕੌਸ਼ਲ, ਖੋਜ ਅਫ਼ਸਰ ਸਤਪਾਲ ਸਿੰਘ ਚਹਿਲ ਤੇ ਡਾ. ਮਨਜਿੰਦਰ ਸਿੰਘ, ਜਗਤਾਰ ਅਵਾਰਾ ਤੇ ਹੋਰ ਸਰੋਤਿਆਂ ਨੇ ਕਹਾਣੀਕਾਰਾਂ ਨੂੰ ਸਵਾਲ ਕਰਕੇ ਸਮਾਗਮ ਨੂੰ ਬਹੁਪਰਤੀ ਬਣਾ ਦਿੱਤਾ। ਦੋਨੋਂ ਕਹਾਣੀਕਾਰਾਂ ਤੇ ਮਹਿਮਾਨਾਂ ਦਾ ਵਿਭਾਗ ਵੱਲੋਂ ਸ਼ਾਲਾਂ ਤੇ ਪੁਸਤਕਾਂ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਵਿਭਾਗ ਦੇ ਡਿਪਟੀ ਡਾਇਰੈਕਟਰ ਚੰਦਨਦੀਪ ਕੌਰ ਤੇ ਸਤਨਾਮ ਸਿੰਘ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਸੁਖਪ੍ਰੀਤ ਕੌਰ ਤੇ ਜਸਪ੍ਰੀਤ ਕੌਰ ਸਮੇਤ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ ਹਾਜ਼ਰ ਸਨ।




## ਪੰਜਾਬੀਅਤ ਦਾ ਪਸਾਰ

# ਵਿਦੇਸ਼ਾਂ ਵਿੱਚ ਪੰਜਾਬੀ ਭਾਸ਼ਾ, ਸੱਭਿਆਚਾਰ ਤੇ ਮੀਡੀਆ ਬਾਰੇ ਸੰਵਾਦ ਆਯੋਜਿਤ

ਭਾਸ਼ਾ ਵਿਭਾਗ, ਪੰਜਾਬ ਵੱਲੋਂ ਭਾਸ਼ਾ ਭਵਨ ਪਟਿਆਲਾ ਵਿਖੇ ਵਿਦੇਸ਼ਾਂ 'ਚ ਪੰਜਾਬੀ ਭਾਸ਼ਾ, ਸੱਭਿਆਚਾਰ ਤੇ ਮੀਡੀਆ ਦੀ ਵਰਤਮਾਨ ਸਥਿਤੀ ਬਾਰੇ ਆਸਟਰੇਲੀਆ ਵਸਦੀ ਬਹੁਪਰਤੀ ਸ਼ਖ਼ਸੀਅਤ ਗੁਰਸ਼ਮਿੰਦਰ ਸਿੰਘ ਮਿੰਟੂ ਬਰਾੜ ਨਾਲ 26 ਜੂਨ, 2025 ਨੂੰ ਜਾਣਕਾਰੀ ਭਰਪੂਰ ਸੰਵਾਦ ਦਾ ਆਯੋਜਨ ਕੀਤਾ। ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਹੋਏ ਇਸ ਸਮਾਗਮ ਦੌਰਾਨ ਸਰੋਤਿਆਂ ਨੇ ਆਪਣੇ ਸਵਾਲਾਂ ਨਾਲ ਸੰਵਾਦ ਨੂੰ ਅਰਥਭਰਪੂਰ ਬਣਾ ਦਿੱਤਾ। ਇਸ ਮੌਕੇ ਸਾਹਿਤ ਤੇ ਸੱਭਿਆਚਾਰ ਨਾਲ ਜੁੜੀਆਂ ਨਾਮੀ ਸ਼ਖ਼ਸੀਅਤਾਂ ਹਾਜ਼ਰ ਸਨ।

ਪੰਜਾਬੀ ਭਾਸ਼ਾ, ਸੱਭਿਆਚਾਰ ਤੇ ਖੇਡਾਂ ਨਾਲ ਜੁੜੀ ਸ਼ਖਸੀਅਤ ਮਿੰਟੂ ਬਰਾੜ ਨੇ ਖ਼ਾਸ ਤੌਰ 'ਤੇ ਆਸਟਰੇਲੀਆ 'ਚ ਪੰਜਾਬੀ ਭਾਸ਼ਾ ਦੇ ਪਸਾਰ ਬਾਰੇ ਦੱਸਿਆ ਕਿ ਉੱਥੇ ਦੇ ਸਾਰੇ ਸੂਬਿਆਂ ਵਿੱਚ ਪੰਜਾਬੀ ਪੜ੍ਹਾਈ ਜਾ ਰਹੀ ਹੈ ਅਤੇ ਸਰਕਾਰ ਵੱਲੋਂ ਵੀ ਹਰ ਪੰਜਾਬੀ ਨੂੰ ਵੀ ਆਪਣੀ ਭਾਸ਼ਾ ਤੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਵਾਲੀ ਨੀਤੀ ਤਹਿਤ ਬਹੁਤ ਹਰ ਪੱਖੋਂ ਹੁਲਾਰਾ ਦਿੱਤਾ ਜਾ ਰਿਹਾ ਹੈ। ਆਸਟਰੇਲੀਆ 'ਚ ਪੰਜਾਬੀ ਦੇ ਬਿਹਤਰੀਨ ਤਰੀਕੇ ਨਾਲ ਪੈਰ ਪਸਾਰਨ ਬਾਰੇ ਉਨ੍ਹਾਂ ਦੱਸਿਆ ਕਿ ਆਸਟਰੇਲੀਆ ਨੂੰ ਪੰਜਾਬੀ ਭਾਸ਼ਾ ਨਾਲ ਸਬੰਧਤ ਕਈ ਖੇਤਰਾਂ 'ਚ ਪਹਿਲਕਦਮੀਆਂ ਕਰਨ ਦਾ ਮਾਣ ਪ੍ਰਾਪਤ ਹੈ। ਪੰਜਾਬੀ ਭਾਸ਼ਾ ਦੀਆਂ ਪਹਿਲੀਆਂ ਦੋ ਐਪਸ 'ਸੁਹਾਵੀ' ਤੇ 'ਵਿਰਾਸਤ' ਇਸ ਮੁਲਕ 'ਚ ਤਿਆਰ ਹੋਈਆਂ ਹਨ ਤੇ ਇਹ ਵਿਸ਼ਵ ਭਰ 'ਚ ਵਸਦੇ ਪੰਜਾਬੀਆਂ ਨੂੰ ਹਰ ਤਰ੍ਹਾਂ ਦੀ ਸਾਹਿਤਕ ਤੇ ਗਿਆਨ ਵਰਧਕ ਸਮੱਗਰੀ ਆਡੀਓ ਤੇ ਪ੍ਰਿੰਟ ਰੂਪ 'ਚ ਪ੍ਰਦਾਨ ਕਰ ਰਹੀਆਂ ਹਨ। ਸ੍ਰੀ ਮਿੰਟੂ ਨੇ ਦੱਸਿਆ ਕਿ ਪੰਜਾਬੀ 'ਚ ਬਲੌਗ ਪਾਉਣ ਦਾ ਪ੍ਰਚਲਣ 2007 'ਚ ਆਸਟਰੇਲੀਆ ਦੀ ਧਰਤੀ 'ਤੇ ਉਨ੍ਹਾਂ ਵੱਲੋਂ ਆਰੰਭ ਕੀਤਾ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਡਿਜੀਟਲ ਰੂਪ ਪਰਥ 'ਚ ਵਸਦੇ ਗੁਰਵੰਤ ਸਿੰਘ ਉੱਪਲ ਨੇ ਤਿਆਰ







ਕੀਤਾ। ਆਨਲਾਈਨ ਰੇਡੀਓ ਦੇ ਯੁੱਗ ਦੀ ਸ਼ੁਰੂਆਤ ਦੇ ਸਮੇਂ ਹੀ 'ਹਰਮਨ ਰੇਡੀਓ' ਵੀ ਕੰਗਾਰੂਆਂ ਦੇ ਦੇਸ਼ 'ਚ ਸ਼ੁਰੂ ਹੋਇਆ ਤੇ ਪੰਜਾਬੀ ਫੌਂਟਾਂ ਦੇ ਹੋਂਦ ਵਿੱਚ ਆਉਣ ਸਮੇਂ ਵੀ ਆਸਟਰੇਲੀਆ ਵਸਦੇ ਬਲਵੰਤ ਸਿੰਘ ਨੇ ਪੰਜਾਬੀ ਫੌਂਟ ਤਿਆਰ ਕਰਕੇ ਵੱਡਾ ਯੋਗਦਾਨ ਪਾਇਆ। ਜਿਸ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਆਸਟਰੇਲੀਆ 'ਚ ਪੰਜਾਬੀ ਕਿੰਨੀ ਵਧੀਆ ਸਥਿਤੀ 'ਚ ਹੈ। ਪੰਜਾਬੀ ਸੱਭਿਆਚਾਰ ਦਾ ਅੰਗ ਮੰਨੀਆਂ ਜਾਂਦੀਆਂ ਖੇਡਾਂ 37 ਸਾਲ ਪਹਿਲਾ 'ਸਿੱਖ ਖੇਡਾਂ' ਦੇ ਨਾਮ 'ਤੇ ਭਾਰਤ ਤੋਂ ਬਾਹਰ ਪੰਜਾਬੀਆਂ ਦੀਆਂ ਉਲੰਪਿਕ ਖੇਡਾਂ ਦੇ ਰੂਪ 'ਚ ਆਸਟਰੇਲੀਆ 'ਚ ਸ਼ੁਰੂ ਹੋਈਆਂ ਜੋ ਹਰ ਸਾਲ ਨਿਰੰਤਰ ਹੋ ਰਹੀਆਂ ਹਨ। ਸ੍ਰੀ ਮਿੰਟੂ ਬਰਾੜ ਨੇ ਦੱਸਿਆ ਕਿ ਇਸ ਵੇਲੇ ਆਸਟਰੇਲੀਆ 'ਚ ਬਹੁਤ ਮਿਆਰੀ ਪੰਜਾਬੀ ਟੀਵੀ ਚੈਨਲ, ਰੇਡੀਓ ਤੇ ਅਖ਼ਬਾਰ ਨਿਕਲ ਰਹੇ ਹਨ ਜਿਨ੍ਹਾਂ ਨੂੰ ਪੁਰਾਣੀ ਹੀ ਨਹੀਂ ਉੱਥੇ ਦੀ ਨਵੀਂ ਪੀੜ੍ਹੀ ਵੀ ਬਹੁਤ ਹੁੰਗਾਰਾ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ ਆਸਟਰੇਲੀਆ 'ਚ ਆਪਣੇ ਧਰਮ, ਭਾਸ਼ਾ, ਖੇਡਾਂ ਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਪੂਰੀ ਅਜ਼ਾਦੀ ਹੀ ਨਹੀਂ ਸਗੋਂ ਸਰਕਾਰ ਵੱਲੋਂ ਦਿਲ ਖੋਲ੍ਹਕੇ ਗ੍ਰਾਂਟਾਂ ਵੀ ਦਿੱਤੀਆਂ ਜਾਂਦੀਆਂ ਹਨ। ਜਿਸ ਸਦਕਾ ਇਸ ਦੇਸ਼ ਦਾ ਸੱਭਿਆਚਾਰ ਬਹੁਰੰਗਾਂ ਬਣ ਗਿਆ ਹੈ। ਉਨ੍ਹਾਂ ਭਾਸ਼ਾ ਵਿਭਾਗ ਵੱਲੋਂ ਸਤਿਕਾਰ ਦੇਣ ਲਈ ਧੰਨਵਾਦ ਕੀਤਾ।

ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਮਿੰਟੂ ਬਰਾੜ ਦੁਨੀਆ ਭਰ 'ਚ ਪੰਜਾਬੀ ਭਾਸ਼ਾ ਤੇ ਸੱਭਿਆਚਾਰ ਦੇ ਦੂਤ ਵਜੋਂ ਕਾਰਜਸ਼ੀਲ ਕੁਝ ਸਿਰਕੱਢ ਸ਼ਖ਼ਸੀਅਤਾਂ 'ਚ ਸ਼ਾਮਲ ਹਨ। ਮਿੰਟੂ ਬਰਾੜ ਦੀਆਂ ਸਰਗਰਮੀਆਂ ਨੂੰ ਦੇਖਕੇ ਮਹਿਸੂਸ






ਹੁੰਦਾ ਹੈ ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਅਸੀਂ ਦੁਨੀਆ 'ਤੇ ਕੀ ਕਰਨ ਆਏ ਹਾਂ ਨਾ ਕਿ ਇਹ ਦੇਖਣ ਕਿ ਲੋਕੀ ਕੀ ਕਰਦੇ ਹਨ। ਮਿੰਟੂ ਬਰਾੜ ਇਸ ਧਾਰਨਾ 'ਤੇ ਚਲਦਿਆਂ ਨਾਮਣਾ, ਨਾਮਾ ਤੇ ਸਕੂਨ ਖੱਟ ਰਿਹਾ ਹੈ। ਜਿਸ ਤੋਂ ਸਾਨੂੰ ਸਭ ਨੂੰ ਸੇਧ ਲੈਣੀ ਚਾਹੀਦੀ ਹੈ ਅਤੇ ਆਪਣੀ, ਅਹੁਦਿਆਂ ਨਾਲ ਨਹੀਂ ਸੱਚੀ ਕਿਰਤ ਨਾਲ ਪਹਿਚਾਣ ਬਣਾਉਣੀ ਚਾਹੀਦੀ ਹੈ। ਉਨ੍ਹਾਂ ਮਿੰਟੂ ਬਰਾੜ ਦੀ ਪੁਸਤਕ 'ਕੰਗਾਰੂਨਾਮਾ' ਦੀ ਵੀ ਚਰਚਾ ਕੀਤੀ। ਵਿਭਾਗ ਵੱਲੋਂ ਮਿੰਟੂ ਬਰਾੜ ਨੂੰ ਸ਼ਾਲ ਤੇ ਪੁਸਤਕਾਂ ਦਾ ਸੈੱਟ ਭੇਟ ਕਰਕੇ ਸਤਿਕਾਰ ਦਿੱਤਾ ਗਿਆ। ਇਸ ਮੌਕੇ ਮਿੰਟੂ ਬਰਾੜ ਨੂੰ ਜ਼ਿਲ੍ਹਾ ਅਟਾਰਨੀ ਕੇਸਰ ਸਿੰਘ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ, ਸਾਹਿਤ ਪ੍ਰੇਮੀ ਜੋਗਾ ਸਿੰਘ ਧਨੌਲਾ ਤੇ ਹੋਰਨਾਂ ਨੇ ਸੁਆਲ ਕਰਕੇ, ਸੰਵਾਦ ਨੂੰ ਸਫ਼ਲ ਬਣਾ ਦਿੱਤਾ। ਇਸ ਮੌਕੇ ਪ੍ਰੋ. ਮੁਹੰਮਦ ਇਦਰੀਸ, ਗਾਇਕ ਸਤਨਾਮ ਪੰਜਾਬੀ, ਸ਼੍ਰੋਮਣੀ ਕਵੀ ਬਲਵਿੰਦਰ ਸੰਧੂ, ਰੰਗਕਰਮੀ ਗੋਪਾਲ ਸ਼ਰਮਾ, ਭਾਸ਼ਾ ਵਿਭਾਗ ਦੀ ਡਿਪਟੀ ਡਾਇਰੈਕਟਰ ਚੰਦਨਦੀਪ ਕੌਰ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਜਸਪ੍ਰੀਤ ਕੌਰ ਤੇ ਸੁਰਿੰਦਰ ਕੌਰ ਸਮੇਤ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ ਹਾਜ਼ਰ ਸਨ। ਅਖ਼ੀਰ ਵਿੱਚ ਡਿਪਟੀ ਡਾਇਰੈਕਟਰ ਸਤਨਾਮ ਸਿੰਘ ਨੇ ਸਭ ਦਾ ਧੰਨਵਾਦ ਕੀਤਾ ਅਤੇ ਮੰਚ ਸੰਚਾਲਨ ਖੋਜ ਅਫ਼ਸਰ ਡਾ. ਮਨਜਿੰਦਰ ਸਿੰਘ ਨੇ ਕੀਤਾ।

# पंजाबी भाषा के वैश्विक प्रचार पर पटियाला में संवाद सत्र करवाया

जागरण संवाददाता, पटियाला : भाषा विभाग पंजाब की ओर से शुक्रवार को पटियाला स्थित भाषा भवन में 'पंजाबी भाषा, संस्कृति और मीडिया के वैश्विक परिदृश्य' पर विशेष संवाद का आयोजन किया गया। इस अवसर पर आस्ट्रेलिया में रह रहे प्रसिद्ध पंजाबी लेखक, सामाजिक कार्यकर्ता और मीडिया विशेषज्ञ गुरशमिंदर सिंह मिंटू बराड़ को विशेष रूप से आमंत्रित किया गया।

कार्यक्रम की अध्यक्षता भाषा विभाग के निदेशक जसवंत सिंह जफर ने की। अपने वक्तव्य में मिंटू बराड़ ने बताया कि ऑस्ट्रेलिया में पंजाबी भाषा को व्यापक मान्यता मिल रही है। वहां के स्कूलों में पंजाबी पढ़ाई जा रही है और सरकार भी भाषा एवं संस्कृति को बढ़ावा देने में सहयोग कर रही है। उन्होंने 'सुहावी' और 'विरासत' जैसे पंजाबी ऐप्स के ज़रिये वैश्विक स्तर पर साहित्य



गुरशमिंदर मिंटू बराड़ को सम्मानित करते हुए निदेशक भाषा विभाग जसवंत सिंह जफर● डीपीआरओ

और ज्ञान को पहुंचाने के प्रयासों का उल्लेख किया। समापन पर निदेशक जसवंत सिंह जफर ने मिंटू बराड़ को पंजाबी भाषा और संस्कृति का वैश्विक प्रतिनिधि बताया और उनकी पुस्तक कंगारूनामा का विशेष उल्लेख किया। भाषा विभाग की ओर से उन्हें शाल और पुस्तकों का सेट भेंट कर सम्मानित किया गया।




ਭਾਸ਼ਾ ਵਿਭਾਗ, ਪੰਜਾਬ    Language Department, Punjab